PAIGAM-E-JAGAT
ਪੈ.ਗਾਮ-ਏ-ਜਗਤ
Title code : CHAMUL00914 | E-mail : Info@paigamejagat.com | ਮੰਗਲਵਾਰ, 6 ਅਕਤੂਬਰ 2026, ਸਾਲ-4, ਅੰਕ-9, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

"ਇੱਕ ਚੰਗੀ ਕਿਤਾਬ 100 ਚੰਗੇ ਦੋਸਤਾਂ ਦੇ ਬਰਾਬਰ ਹੁੰਦੀ ਹੈ, ਪਰ ਇੱਕ ਸਭ ਤੋਂ ਵਧੀਆ ਦੋਸਤ ਇੱਕ ਲਾਇਬ੍ਰੇਰੀ ਦੇ ਬਰਾਬਰ ਹੁੰਦਾ ਹੈ।"
- ਏ.ਪੀ.ਜੇ. ਅਬਦੁਲ ਕਲਾਮ



ਬੰਗਾ 'ਚ ਸਵਾਰੀਆਂ ਨਾਲ ਭਰੀ ਬੱਸ ਪਲਟੀ; ਤਿੰਨ ਦੀ ਮੌਤ, 24 ਜ਼ਖ਼ਮੀ

ਬੰਗਾ, 5 ਅਕਤੂਬਰ (ਪੈ.ਗਾਮ-ਏ-ਜਗਤ)

ਬੰਗਾ ਵਿੱਚੋਂ ਲੰਘਦੇ ਮੁੱਖ ਮਾਰਗ ਵਾਲੇ ਫਲਾਈਓਵਰ ਤੋਂ ਉੱਤਰਦਿਆਂ ਹੀ ਇੱਕ ਨਿੱਜੀ ਕੰਪਨੀ ਦੀ ਬੱਸ ਪਲਟ ਗਈ। ਇਸ ਹਾਦਸੇ ਦੌਰਾਨ ਬੱਸ 'ਚ ਸਵਾਰ ਤਿੰਨ ਜਣਿਆਂ ਦੀ ਮੌਤ ਹੋ ਗਈ ਅਤੇ 24 ਸਵਾਰੀਆਂ ਜ਼ਖ਼ਮੀ ਹੋ ਗਈਆਂ। ਮ੍ਰਿਤਕਾਂ 'ਚ ਬੱਸ ਦਾ ਕੰਡਕਟਰ, ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦਾ ਇੱਕ ਵਿਦਿਆਰਥੀ ਅਤੇ ਇੱਕ ਹੋਰ ਵਿਅਕਤੀ ਸ਼ਾਮਲ ਹੈ।

ਮੌਕੇ ਤੋਂ ਹਾਸਲ ਜਾਣਕਾਰੀ ਅਨੁਸਾਰ ਇਹ ਬੱਸ ਮਨਾਲੀ ਤੋਂ ਅੰਮ੍ਰਿਤਸਰ ਜਾ ਰਹੀ ਸੀ। ਜਿਉਂ ਹੀ ਇਹ ਹਾਦਸੇ ਵਾਲੀ ਥਾਂ ਪੁੱਜੀ ਤਾਂ ਸੰਤੁਲਨ ਵਿਗੜ ਜਾਣ ਕਾਰਨ ਪਲਟ ਗਈ ਤੇ ਸਵਾਰੀਆਂ 'ਚ ਚੀਕ-ਚਿਹਾੜਾ ਮਚ ਗਿਆ। ਜ਼ਖ਼ਮੀਆਂ ਨੂੰ ਨਜ਼ਦੀਕ ਪੈਂਦੇ ਢਾਹਾਂ ਕਲੇਰਾਂ ਦੇ ਗੁਰੂ ਨਾਨਕ ਮਿਸ਼ਨ ਹਸਪਤਾਲ ਪਹੁੰਚਾਇਆ ਗਿਆ। ਹਸਪਤਾਲ ਤੋਂ ਮਿਲੀ ਜਾਣਕਾਰੀ ਅਨੁਸਾਰ ਜ਼ਖ਼ਮੀਆਂ 'ਚੋਂ ਵੀ ਇੱਕ ਜਣਾ ਜ਼ਿੰਦਗੀ-ਮੌਤ ਦੀ ਲੜਾਈ ਲੜ ਰਿਹਾ ਹੈ। ਉੱਥੇ ਹੀ ਮ੍ਰਿਤਕਾਂ ਦੀ ਪਛਾਣ ਬੱਸ ਕੰਡਕਟਰ ਖੇਮ ਸਿੰਘ, ਐੱਲ ਪੀ ਯੂ ਦੀ ਵਿਦਿਆਰਥਣ ਜਸ਼ੀਨਾ ਜੋਸੇਫ ਅਤੇ ਇੱਕ ਅਣਪਛਾਤੇ ਵਿਅਕਤੀ ਵਜੋਂ ਹੋਈ ਹੈ।

ਦੱਸਿਆ ਜਾ ਰਿਹਾ ਹੈ ਕਿ ਬੱਸ ਦੇ ਡਰਾਈਵਰ ਨੂੰ ਨੀਂਦ ਦੀ ਝਪਕੀ ਆ ਜਾਣ ਕਾਰਨ ਇਹ ਹਾਦਸਾ ਵਾਪਰਿਆ। ਹਾਦਸੇ ਦੀ ਸੂਚਨਾ (ਬਾਕੀ ਸਫ਼ਾ 2 'ਤੇ)

ਭਗਵੰਤ ਮਾਨ ਕੈਬਨਿਟ ਵੱਲੋਂ ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ ਬਿੱਲ ਨੂੰ ਹਰੀ ਝੰਡੀ

ਰਣਜੀਤ ਸਾਗਰ ਅਤੇ ਸਾਹਪੁਰ ਕੰਡੀ ਡੈਮ ਖੇਤਰਾਂ ਦੇ ਸਰਬਪੱਖੀ ਵਿਕਾਸ ਲਈ ਆਰ.ਡੀ.ਏ. ਕੋਲ ਹੋਣਗੀਆਂ ਪ੍ਰਸਾਸਕੀ, ਵਿੱਤੀ ਅਤੇ ਰੈਗੂਲੇਟਰੀ ਸਕਤੀਆਂ

- **ਯੋਗ ਨਰਸਿੰਗ ਸਟਾਫ ਨੂੰ ਟਿਊਟਰ ਵਜੋਂ ਤਰੱਕੀ ਦੇਣ ਲਈ 'ਪੰਜਾਬ ਨਰਸਿੰਗ ਐਜੂਕੇਸਨ ਸਰਵਿਸ ਰੂਲਜ' ਵਿੱਚ ਸੋਧ ਨੂੰ ਪ੍ਰਵਾਨਗੀ**
- **ਪਿਕਟਸ ਅਧੀਨ ਠੇਕੇ 'ਤੇ ਕੰਮ ਕਰਦੇ ਨਾਨ-ਟੀਚਿੰਗ ਸਟਾਫ ਦੀਆਂ ਸੇਵਾਵਾਂ ਕੀਤੀਆਂ ਜਾਣਗੀਆਂ ਰੈਗੂਲਰ**

ਚੰਡੀਗੜ੍ਹ, 5 ਅਕਤੂਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਅੱਜ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ (ਆਰ.ਡੀ.ਏ.) ਬਿੱਲ, 2026' ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਹ ਫੈਸਲਾ ਇੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫਤਰ ਨੇ ਦੱਸਿਆ ਕਿ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ ਬਿੱਲ, 2026' ਰਣਜੀਤ ਸਾਗਰ ਡੈਮ ਅਤੇ ਸਾਹਪੁਰ ਕੰਡੀ ਡੈਮ ਖੇਤਰਾਂ ਦੇ ਯੋਜਨਾਬੱਧ ਅਤੇ ਟਿਕਾਊ ਵਿਕਾਸ ਲਈ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ' (ਆਰ.ਡੀ.ਏ.) ਦੀ ਸਥਾਪਨਾ ਦਾ ਰਾਹ ਪੱਧਰਾ ਕਰੇਗਾ। ਆਰ.ਡੀ.ਏ. ਦੀ ਸਥਾਪਨਾ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਪ੍ਰਸਾਸਕੀ ਕੰਟਰੋਲ ਹੇਠ ਇੱਕ ਵਿਧਾਨਕ



ਸੰਸਥਾ ਵਜੋਂ ਕੀਤੀ ਜਾਵੇਗੀ। ਇਸ ਨੂੰ ਏਕੀਕ੍ਰਿਤ ਵਿਕਾਸ, ਜਮੀਨ ਪ੍ਰਬੰਧਨ, ਪ੍ਰਾਜੈਕਟਾਂ ਨੂੰ ਲਾਗੂ ਕਰਨ ਅਤੇ ਸੈਰ-ਸਪਾਟਾ ਸਥਾਨਾਂ ਦੇ ਸੁਚੱਜੇ ਪ੍ਰਬੰਧਨ ਲਈ ਲੋੜੀਂਦੀਆਂ ਪ੍ਰਸਾਸਕੀ, ਵਿੱਤੀ ਅਤੇ ਰੈਗੂਲੇਟਰੀ ਸਕਤੀਆਂ ਦਿੱਤੀਆਂ ਜਾਣਗੀਆਂ। ਇਸ ਅਥਾਰਟੀ ਦੇ ਚੇਅਰਮੈਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਣਗੇ, ਜਦਕਿ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਇਸ ਦੇ ਵਾਈਸ-ਚੇਅਰਮੈਨ ਹੋਣਗੇ। ਮੁੱਖ ਸਕੱਤਰ ਦੀ ਅਗਵਾਈ ਵਾਲੀ ਇੱਕ ਕਾਰਜਕਾਰੀ ਕਮੇਟੀ ਇਸ ਦੇ ਰੋਜਾਨਾ ਦੇ ਕੰਮਕਾਜ ਅਤੇ ਅੰਤਰ-ਵਿਭਾਗੀ ਤਾਲਮੇਲ ਦੀ ਦੇਖ-ਰੇਖ ਕਰੇਗੀ।

ਮੁੱਖ ਚੋਣ ਅਫਸਰ, ਪੰਜਾਬ ਦੇ ਦਫਤਰ ਵਿੱਚ ਸਟਾਫ ਦੀ ਭਰਤੀ ਨੂੰ ਹਰੀ ਝੰਡੀ

ਕੈਬਨਿਟ ਨੇ ਮੁੱਖ ਚੋਣ ਅਫਸਰ (ਸੀ.ਈ.ਓ.), ਪੰਜਾਬ ਦੇ ਦਫਤਰ ਵਿੱਚ ਡਰਾਈਵਰਾਂ ਦੀਆਂ ਨਵੀਆਂ ਅਸਾਮੀਆਂ ਸਿਰਜਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਇਹ ਅਸਾਮੀਆਂ 19 ਪੱਕੀਆਂ ਅਸਾਮੀਆਂ ਵਿੱਚੋਂ ਸੇਵਾਦਾਰਾਂ ਦੀਆਂ ਅਸਾਮੀਆਂ ਅਤੇ ਮੁਹੱਰਰ ਦੀ ਇੱਕ ਪੱਕੀ ਅਸਾਮੀ ਸਰੰਡਰ ਕਰਕੇ ਬਣਾਈਆਂ ਗਈਆਂ ਹਨ। ਇਸ ਕਦਮ ਦਾ ਮਕਸਦ ਮੁੱਖ ਚੋਣ ਅਫਸਰ, ਪੰਜਾਬ ਦੇ ਦਫਤਰ ਦੇ ਕੰਮਕਾਜ ਨੂੰ ਹੋਰ ਸੁਚਾਰੂ ਬਣਾਉਣਾ ਹੈ।

ਪੰਜਾਬ ਨਰਸਿੰਗ ਐਜੂਕੇਸਨ ਸਰਵਿਸ ਰੂਲਜ (ਗਰੁੱਪ ਬੀ), 2016 ਵਿੱਚ ਸੋਧ ਨੂੰ ਹਰੀ ਝੰਡੀ

ਕੈਬਨਿਟ ਨੇ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਅਧੀਨ ਸਰਕਾਰੀ ਨਰਸਿੰਗ ਕਾਲਜ, ਪਟਿਆਲਾ ਅਤੇ ਅੰਮ੍ਰਿਤਸਰ ਵਿੱਚ ਟਿਊਟਰ ਦੀਆਂ ਅਸਾਮੀਆਂ ਨੂੰ ਤਰੱਕੀ ਰਾਹੀਂ ਭਰਨ ਲਈ 'ਪੰਜਾਬ ਨਰਸਿੰਗ ਐਜੂਕੇਸਨ ਸਰਵਿਸ ਰੂਲਜ (ਗਰੁੱਪ ਬੀ), 2016' ਦੇ (ਬਾਕੀ ਸਫ਼ਾ 2 'ਤੇ)

'ਜੇ ਚੋਣ ਕਮਿਸ਼ਨ ਨੇ ਕਾਨੂੰਨ ਦਾ ਉਲੰਘਣ ਕੀਤਾ ਤਾਂ ਫੈਸਲੇ ਰੱਦ ਕੀਤੇ ਜਾਣਗੇ' : ਸੁਪਰੀਮ ਕੋਰਟ

- **ਸਿਖ਼ਰਲੀ ਅਦਾਲਤ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਮੁਅੱਤਲ ਕਰਨ ਤੋਂ ਇਨਕਾਰ ਕੀਤਾ**

ਨਵੀਂ ਦਿੱਲੀ, 5 ਅਕਤੂਬਰ (ਪੈ.ਗਾਮ-ਏ-ਜਗਤ)



ਸੁਪਰੀਮ ਕੋਰਟ ਨੇ ਸੋਮਵਾਰ ਨੂੰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਜਾਂ ਮੁਅੱਤਲ ਕਰਨ ਦੀ ਮੰਗ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਚੋਣ ਕਮਿਸ਼ਨ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਹੈ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸਆਈਆਰ) ਨਾਲ ਸਬੰਧਤ ਕਰੀਬ 14 ਅਹਿਮ ਫੈਸਲੇ ਦੂਜੇ ਦੋ ਚੋਣ ਕਮਿਸ਼ਨਰਾਂ ਦੀ ਸਹਿਮਤੀ ਤੋਂ ਬਿਨਾਂ ਲਏ ਗਏ।

ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਬੈਂਚ ਨੇ ਹਾਲਾਂਕਿ ਗਿਆਨੇਸ਼ ਕੁਮਾਰ ਨੂੰ ਤੁਰੰਤ ਮੁਅੱਤਲ ਕਰਨ ਦਾ ਅੰਤਰਿਮ ਹੁਕਮ ਦੇਣ ਤੋਂ ਇਨਕਾਰ ਕਰ ਦਿੱਤਾ। ਬੈਂਚ ਨੇ ਕਿਹਾ ਕਿ ਪਹਿਲਾਂ ਚੋਣ ਕਮਿਸ਼ਨ ਅਤੇ ਹੋਰ ਸਬੰਧਤ ਧਿਰਾਂ ਦਾ ਪੱਖ ਸੁਣਿਆ ਜਾਵੇਗਾ ਅਤੇ ਰਿਕਾਰਡ ਦੀ ਜਾਂਚ ਕੀਤੀ ਜਾਵੇਗੀ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਰਿਕਾਰਡ ਤੋਂ ਇਹ ਸਾਬਤ ਹੁੰਦਾ ਹੈ ਕਿ ਫੈਸਲੇ ਕਾਨੂੰਨ ਮੁਤਾਬਕ ਲੋੜੀਂਦੀ ਸਹਿਮਤੀ ਜਾਂ ਬਹੁਮਤ ਤੋਂ ਬਿਨਾਂ ਲਏ ਗਏ ਸਨ ਤਾਂ ਉਨ੍ਹਾਂ ਨੂੰ ਰੱਦ ਕੀਤਾ ਜਾ ਸਕਦਾ ਹੈ। ਸੁਣਵਾਈ ਦੌਰਾਨ ਫਾਰਮ-6 ਵਿੱਚ ਕੀਤੀਆਂ ਤਬਦੀਲੀਆਂ ਦਾ ਮੁੱਦਾ ਵੀ ਸਾਹਮਣੇ ਆਇਆ। ਸੀਜੇਆਈ ਸੂਰਿਆ ਕਾਂਤ ਨੇ ਸਪੱਸ਼ਟ ਸ਼ਬਦਾਂ (ਬਾਕੀ ਸਫ਼ਾ 2 'ਤੇ)

ਹਾਈ ਕੋਰਟ ਵੱਲੋਂ ਪੰਜਾਬ ਸਰਕਾਰ 'ਤੇ ਲੱਗੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀ ਜਾਂਚ ਸੀ.ਬੀ.ਆਈ. ਹਵਾਲੇ

- **ਬਦਲੀਆਂ ਤੇ ਪੋਸਟਿੰਗਾਂ 'ਚ ਭ੍ਰਿਸ਼ਟਾਚਾਰ ਦੇ ਦੋਸ਼ਾਂ 'ਤੇ ਪੁਲੀਸ ਕਾਰਵਾਈ ਅਸੰਤੁਸ਼ਟ**
- **ਹਾਈ ਕੋਰਟ ਨੇ ਦੋ ਮਹੀਨਿਆਂ 'ਚ ਮੰਗੀ ਰਿਪੋਰਟ**



ਚੰਡੀਗੜ੍ਹ, 5 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅੱਜ ਪੰਜਾਬ ਵਿੱਚ ਸਰਕਾਰੀ ਬਦਲੀਆਂ ਤੇ ਪੋਸਟਿੰਗਾਂ ਵਿੱਚ ਲੈਣ-ਦੇਣ ਆਦਿ ਦੇ ਦੋਸ਼ਾਂ ਦੀ ਜਾਂਚ ਸੀ.ਬੀ.ਆਈ. ਨੂੰ ਸੌਂਪ ਦਿੱਤੀ ਹੈ।

ਪਟੀਸ਼ਨਕਰਤਾ ਨਿਖਿਲ ਸਰਾਫ਼ ਨੇ ਹਾਈ ਕੋਰਟ ਵਿੱਚ ਦਾਇਰ ਪਟੀਸ਼ਨ ਵਿੱਚ ਸਰਕਾਰੀ ਅਹੁਦਿਆਂ 'ਤੇ ਤਾਇਨਾਤ ਵਿਅਕਤੀਆਂ, ਸਰਕਾਰੀ ਉੱਚ ਅਧਿਕਾਰੀਆਂ 'ਤੇ ਭ੍ਰਿਸ਼ਟਾਚਾਰ ਦੇ ਇਲਜ਼ਾਮ ਲਾਏ ਸਨ ਅਤੇ ਮੁੱਖ ਮੰਤਰੀ ਦਫ਼ਤਰ ਦੇ ਕੁੱਝ ਵਿਅਕਤੀਆਂ 'ਤੇ ਵੀ ਉਂਗਲ ਉਠਾਈ ਗਈ ਸੀ। ਈ.ਡੀ. ਵੱਲੋਂ ਇਸ ਤੋਂ ਪਹਿਲਾਂ ਪੰਜਾਬ ਦੇ ਡੀ.ਜੀ.ਪੀ. ਨੂੰ ਤਿੰਨ ਪੱਤਰ ਲਿਖ ਕੇ ਸਰਕਾਰੀ ਬਦਲੀਆਂ, ਤਾਇਨਾਤੀਆਂ ਅਤੇ ਹੋਰ ਲੈਣ-ਦੇਣ ਵਿੱਚ ਭ੍ਰਿਸ਼ਟਾਚਾਰ ਦੇ ਇਲਜ਼ਾਮ ਲਾਏ ਗਏ ਸਨ।

ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਇਸ ਮਾਮਲੇ 'ਤੇ ਸਾਰੀਆਂ ਧਿਰਾਂ ਦੇ ਵਿਸਥਾਰਤ ਪੱਖ ਤੇ ਦਲੀਲਾਂ ਸੁਣਨ ਮਗਰੋਂ ਫ਼ੈਸਲਾ ਰਾਖਵਾਂ ਰੱਖ ਲਿਆ ਸੀ। ਅੱਜ ਬੈਂਚ ਨੇ ਇਸ ਪਟੀਸ਼ਨ 'ਤੇ ਫ਼ੈਸਲਾ ਸੁਣਾਇਆ ਹੈ। ਚੀਫ਼ ਜਸਟਿਸ ਦੀ ਅਗਵਾਈ ਵਾਲੇ ਬੈਂਚ ਨੇ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਤੇ ਪਾਰਦਰਸ਼ੀ ਜਾਂਚ ਕੀਤੀ ਜਾਣੀ ਚਾਹੀਦੀ ਹੈ ਕਿਉਂਕਿ ਇਸ ਮਾਮਲੇ ਵਿੱਚ ਪੰਜਾਬ ਪੁਲੀਸ ਦੀ ਹੁਣ ਤੱਕ ਦੀ ਕਾਰਵਾਈ ਸੰਤੁਸ਼ਟੀਜਨਕ ਨਹੀਂ ਹੈ।

ਬੈਂਚ ਨੇ ਇਸ ਮਾਮਲੇ ਦੀ ਜਾਂਚ ਸੀ.ਬੀ.ਆਈ. ਨੂੰ ਸੌਂਪਣ ਦੇ ਹੁਕਮ ਸੁਣਾਏ ਹਨ, (ਬਾਕੀ ਸਫ਼ਾ 2 'ਤੇ)

ਹਾਈ ਕੋਰਟ ਦੇ ਫ਼ੈਸਲੇ ਵਿਰੁੱਧ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਏਗੀ ਪੰਜਾਬ ਸਰਕਾਰ : ਹਰਪਾਲ ਸਿੰਘ ਚੀਮਾ



ਪੰਜਾਬ ਸਰਕਾਰ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਵਿੱਚ ਸਰਕਾਰੀ ਬਦਲੀਆਂ ਅਤੇ ਪੋਸਟਿੰਗ ਵਿੱਚ ਲੈਣ-ਦੇਣ ਆਦਿ ਦੇ ਦੋਸ਼ਾਂ ਦੀ ਜਾਂਚ ਸੀਬੀਆਈ ਨੂੰ ਸੌਂਪਣ ਦੇ ਫ਼ੈਸਲੇ ਖ਼ਿਲਾਫ਼ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਉਣ ਦਾ ਫ਼ੈਸਲਾ ਕੀਤਾ ਹੈ। ਇਸ ਗੱਲ ਦਾ ਪ੍ਰਗਟਾਵਾ ਅੱਜ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਚੰਡੀਗੜ੍ਹ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪੁਰਾਣੀਆਂ ਸਰਕਾਰਾਂ ਨੇ ਪਹਿਲਾਂ ਹੀ ਸੀ ਬੀ ਆਈ ਦੇ ਸਿੱਧੇ ਦਖ਼ਲ ਉੱਤੇ ਰੋਕ ਲਗਾਈ ਹੋਈ ਹੈ। ਇਸੇ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਜਾਵੇਗੀ ਅਤੇ ਸੀ ਬੀ ਆਈ ਜਾਂਚ ਦਾ ਵਿਰੋਧ ਕੀਤਾ ਜਾਵੇਗਾ।

ਪਰਗਟ ਸਿੰਘ ਵੱਲੋਂ ਦਿੱਲੀ ਵਿੱਚ ਰਾਹੁਲ ਗਾਂਧੀ ਨਾਲ ਮੁਲਾਕਾਤ

- **ਰਾਹੁਲ ਗਾਂਧੀ ਦੇ ਮਾਰਗਦਰਸ਼ਨ ਤੇ ਪੰਜਾਬ ਦੇ ਮੁੱਦਿਆਂ ਪ੍ਰਤੀ ਵਚਨਬੱਧਤਾ ਲਈ ਕੀਤਾ ਧੰਨਵਾਦ**

ਚੰਡੀਗੜ੍ਹ, 5 ਅਕਤੂਬਰ (ਪੈ.ਗਾਮ-ਏ-ਜਗਤ)



ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ ਕਾਂਗਰਸ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ। ਪੰਜਾਬ ਕਾਂਗਰਸ ਦੀ ਕਮਾਨ ਸੰਭਾਲਣ ਤੋਂ ਬਾਅਦ ਰਾਹੁਲ ਗਾਂਧੀ ਨਾਲ ਇਹ ਉਨ੍ਹਾਂ ਦੀ ਪਹਿਲੀ ਰਸਮੀ ਮੁਲਾਕਾਤ ਹੈ।

ਮੁਲਾਕਾਤ ਮਗਰੋਂ ਪਰਗਟ ਸਿੰਘ ਨੇ ਕਿਹਾ ਕਿ ਉਨ੍ਹਾਂ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ। ਉਨ੍ਹਾਂ ਪੰਜਾਬ ਅਤੇ ਪੰਜਾਬ ਦੇ ਲੋਕਾਂ ਦੇ ਹਿੱਤਾਂ ਪ੍ਰਤੀ ਰਾਹੁਲ ਗਾਂਧੀ ਦੀ ਵਚਨਬੱਧਤਾ, ਮਾਰਗਦਰਸ਼ਨ ਅਤੇ ਹੌਸਲਾ-ਅਫ਼ਜ਼ਾਈ ਲਈ ਧੰਨਵਾਦ ਕੀਤਾ। ਪਰਗਟ ਸਿੰਘ ਨੇ ਕਿਹਾ ਕਿ ਸੀਨੀਅਰ ਆਗੂਆਂ, ਪਾਰਟੀ ਵਰਕਰਾਂ ਅਤੇ ਪੰਜਾਬ ਦੇ ਲੋਕਾਂ ਨਾਲ ਮਿਲ ਕੇ ਕਾਂਗਰਸ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਿਹਤਰ ਭਵਿੱਖ ਲਈ ਪਾਰਟੀ ਨਵੀਂ ਊਰਜਾ ਨਾਲ ਕੰਮ ਕਰੇਗੀ। ਪਰਗਟ ਸਿੰਘ ਨੇ ਅੱਜ ਇਸ ਤੋਂ ਪਹਿਲਾਂ ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਨਾਲ ਵੀ ਮੁਲਾਕਾਤ ਕੀਤੀ ਸੀ।

ਖੜਗੇ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਅਤੇ ਮਾਰਗਦਰਸ਼ਨ ਮਿਲਿਆ। (ਬਾਕੀ ਸਫ਼ਾ 2 'ਤੇ)

ਅਪਰਾਧੀਆਂ ਦੇ ਮਨਾਂ ਵਿੱਚ ਮੌਤ ਦਾ ਡਰ ਪੈਦਾ ਕਰਨਾ ਜ਼ਰੂਰੀ : ਸੁਪਰੀਮ ਕੋਰਟ

- **ਕਿਹਾ ਗਿਆ ਕਿ ਅਜਿਹਾ ਨਾ ਕਰਨ 'ਤੇ ਬਲਾਤਕਾਰ ਵਰਗੇ ਅਪਰਾਧਾਂ ਨੂੰ ਰੋਕਣਾ ਮੁਸ਼ਕਲ**

ਨਵੀਂ ਦਿੱਲੀ, 5 ਅਕਤੂਬਰ (ਪੈ.ਗਾਮ-ਏ-ਜਗਤ)



ਦਿੱਲੀ-ਐਨਸੀਆਰ ਖੇਤਰ ਵਿੱਚ ਨਾਬਾਲਗਾਂ ਨਾਲ ਜੁੜੀਆਂ ਸਮੂਹਿਕ ਬਲਾਤਕਾਰ ਦੀਆਂ ਤਿੰਨ ਘਟਨਾਵਾਂ 'ਤੇ ਸੁਣਵਾਈ ਕਰਦਿਆਂ ਸੁਪਰੀਮ ਕੋਰਟ ਨੇ ਟਿੱਪਣੀ ਕੀਤੀ, ਜਦੋਂ ਤੱਕ ਅਪਰਾਧੀਆਂ ਦੇ ਮਨਾਂ ਵਿੱਚ ਮੌਤ ਦਾ ਡਰ ਨਹੀਂ ਹੋਵੇਗਾ, ਉਦੋਂ ਤੱਕ ਅਜਿਹੇ ਅਪਰਾਧ ਬੰਦ ਨਹੀਂ ਹੋਣਗੇ। ਸੁਪਰੀਮ ਕੋਰਟ ਨੇ ਦਿੱਲੀ ਪੁਲਿਸ ਨੂੰ ਕਿਹਾ ਕਿ ਮਾਮਲਿਆਂ ਨੂੰ ਸਿਰਫ਼ ਕਾਗਜ਼ਾਂ 'ਤੇ ਦਰਜ ਕਰਨਾ ਕਾਫ਼ੀ ਨਹੀਂ ਹੈ; ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਜਸਟਿਸ ਪਾਰਦੀਵਾਲਾ ਅਤੇ ਜਸਟਿਸ ਕੇ. ਵਿਨੋਦ ਚੰਦਰਨ 'ਤੇ ਆਧਾਰਿਤ ਬੈਂਚ ਨੇ ਕਿਹਾ ਕਿ ਲੋੜ ਪੈਣ 'ਤੇ ਪੁਲਿਸ ਨੂੰ ਸਖ਼ਤੀ ਵਰਤਣ ਤੋਂ ਝਿਜਕਣਾ ਨਹੀਂ ਚਾਹੀਦਾ। ਬੈਂਚ ਨੇ ਮੰਨਿਆ ਕਿ ਕੁਝ ਲੋਕ ਧਾਰਾ 21 (ਮਨੁੱਖੀ ਅਧਿਕਾਰਾਂ) ਦਾ ਹਵਾਲਾ ਦਿੰਦੇ ਹੋਏ ਇਤਰਾਜ਼ ਉਠਾ ਸਕਦੇ ਹਨ, ਪਰ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੁਲਿਸ ਨੂੰ ਆਪਣਾ ਫਰਜ਼ ਨਿਭਾਉਣਾ ਚਾਹੀਦਾ ਹੈ।

ਇਸ ਤੋਂ ਬਾਅਦ, ਅਦਾਲਤ ਨੇ ਦਿੱਲੀ ਪੁਲਿਸ ਅਤੇ ਗ੍ਰਹਿ ਮੰਤਰਾਲੇ ਤੋਂ ਚਾਰ ਹਫ਼ਤਿਆਂ ਦੇ ਅੰਦਰ ਜਵਾਬ ਮੰਗਿਆ। ਸੁਪਰੀਮ ਕੋਰਟ ਨੇ ਦਿੱਲੀ-ਐਨਸੀਆਰ ਖੇਤਰ ਵਿੱਚ 4 ਅਗਸਤ ਤੋਂ 21 ਸਤੰਬਰ ਦੇ ਵਿਚਕਾਰ ਵਾਪਰੀਆਂ ਬਲਾਤਕਾਰ ਦੀਆਂ (ਬਾਕੀ ਸਫ਼ਾ 2 'ਤੇ)

ਸ਼ੇਅਰ ਬਾਜ਼ਾਰ ਦੀ ਮਜ਼ਬੂਤ ਸ਼ੁਰੂਆਤ: ਸੈਂਸੈਕਸ ਤੇ ਨਿਫ਼ਟੀ 'ਚ ਵਾਧਾ

ਮੁੰਬਈ, 5 ਅਕਤੂਬਰ (ਪੈ.ਗਾਮ-ਏ-ਜਗਤ)

ਘਰੇਲੂ ਸ਼ੇਅਰ ਬਾਜ਼ਾਰ ਦੇ ਮੁੱਖ ਸੂਚਕਾਂਕ 'ਸੈਂਸੈਕਸ' ਅਤੇ 'ਨਿਫ਼ਟੀ' ਵਿੱਚ ਸੋਮਵਾਰ ਨੂੰ ਸ਼ੁਰੂਆਤੀ ਕਾਰੋਬਾਰ ਦੌਰਾਨ ਵੱਡਾ ਉਛਾਲ ਦੇਖਣ ਨੂੰ ਮਿਲਿਆ। ਕਾਰੋਬਾਰ ਦੀ ਸ਼ੁਰੂਆਤ ਹੁੰਦਿਆਂ ਹੀ ਸੈਂਸੈਕਸ 700 ਅੰਕਾਂ ਤੋਂ ਵਧ ਚੜ੍ਹ ਗਿਆ। ਕੱਚੇ ਤੇਲ ਦੀਆਂ ਕੀਮਤਾਂ 'ਚ ਗਿਰਾਵਟ ਅਤੇ ਅਮਰੀਕੀ ਫੈਡਰਲ ਰਿਜ਼ਰਵ ਵੱਲੋਂ ਅਕਤੂਬਰ 'ਚ ਵਿਆਜ ਦਰਾਂ ਵਧਾਉਣ ਦੀ ਘੱਟ ਸੰਭਾਵਨਾ ਕਾਰਨ ਨਿਵੇਸ਼ਕਾਂ ਦਾ ਉਤਸ਼ਾਹ ਵਧਿਆ ਹੈ। ਬੰਬਈ ਸਟਾਕ ਐਕਸਚੇਂਜ ਦਾ ਸੈਂਸੈਕਸ ਸ਼ੁਰੂਆਤੀ ਕਾਰੋਬਾਰ 'ਚ 413 ਅੰਕ ਚੜ੍ਹ ਕੇ 72,315 ਅੰਕ 'ਤੇ ਅਤੇ ਨੈਸ਼ਨਲ ਸਟਾਕ ਐਕਸਚੇਂਜ ਦਾ ਨਿਫ਼ਟੀ 131.55 ਅੰਕਾਂ ਦੀ ਬੜ੍ਹਤ ਨਾਲ 22,554.20 ਅੰਕ 'ਤੇ ਪਹੁੰਚ ਗਿਆ। ਸ਼ੁਰੂਆਤੀ ਸੌਦਿਆਂ ਤੋਂ ਬਾਅਦ ਬਾਜ਼ਾਰ 'ਚ ਤੇਜ਼ੀ ਹੋਰ ਵਧ ਗਈ, ਜਿਸ ਨਾਲ ਸੈਂਸੈਕਸ 705.70 ਅੰਕਾਂ ਦੀ ਛਾਲ ਮਾਰ ਕੇ 72,594.57 ਅੰਕ 'ਤੇ ਅਤੇ ਨਿਫ਼ਟੀ 187.30 ਅੰਕ ਚੜ੍ਹ ਕੇ 22,605.10 ਅੰਕ 'ਤੇ ਪਹੁੰਚ ਗਿਆ।



ਸੈਂਸੈਕਸ ਦੀਆਂ 30 ਪ੍ਰਮੁੱਖ ਕੰਪਨੀਆਂ 'ਚੋਂ ਬਜਾਜ ਫਾਈਨਾਂਸ, ਆਈ.ਟੀ.ਸੀ., ਬਜਾਜ ਫਿਨਸਰਵ, ਲਾਰਸਨ ਐਂਡ ਟੂਬਰੋ, ਐਕਸਿਸ ਬੈਂਕ ਅਤੇ ਭਾਰਤੀ ਸਟੇਟ ਬੈਂਕ ਦੇ ਸ਼ੇਅਰਾਂ 'ਚ ਵਾਧਾ ਦਰਜ ਕੀਤਾ ਗਿਆ। ਦੂਜੇ ਪਾਸੇ ਭਾਰਤ ਇਲੈਕਟ੍ਰਾਨਿਕਸ, ਸਨ ਫਾਰਮਾ, ਇੰਫੋਸਿਸ ਅਤੇ ਏਸ਼ੀਅਨ ਪੇਂਟਸ ਦੇ ਸ਼ੇਅਰਾਂ 'ਚ ਗਿਰਾਵਟ ਦੇਖੀ ਗਈ। (ਬਾਕੀ ਸਫ਼ਾ 2 'ਤੇ)

ਮੈਡੀਸਨ ਦੇ ਨੋਬੇਲ ਪੁਰਸਕਾਰ 2026 ਦਾ ਐਲਾਨ

ਰੌਸ਼ਨੀ ਨਾਲ ਦਿਮਾਗ ਦੇ ਨਿਊਰੋਨਜ਼ ਨੂੰ ਕੰਟਰੋਲ ਕਰਨ ਵਾਲੇ ਤਿੰਨ ਵਿਗਿਆਨੀ ਸਨਮਾਨਿਤ

ਸਟਾਕਹੋਮ, 5 ਅਕਤੂਬਰ (ਪੈ.ਗਾਮ-ਏ-ਜਗਤ)



ਮੈਡੀਸਨ ਦੇ ਖੇਤਰ ਵਿੱਚ 2026 ਦਾ ਨੋਬਲ ਪੁਰਸਕਾਰ ਜਰਮਨੀ ਦੇ ਪੀਟਰ ਹੇਗੇਮੈਨ ਅਤੇ ਜੌਰਜ ਨਾਗੇਲ ਅਤੇ ਅਮਰੀਕਾ ਦੇ ਕਾਰਲ ਡੀਸਰੋਥ ਨੂੰ ਦਿੱਤਾ ਗਿਆ ਹੈ। ਇਨ੍ਹਾਂ ਵਿਗਿਆਨੀਆਂ ਨੇ 'ਆਪਟੋਜੈਨੇਟਿਕਸ' ਨਾਮਕ ਤਕਨੀਕ ਵਿਕਸਤ ਕਰਨ ਵਿੱਚ ਮਦਦ ਕੀਤੀ, ਜੋ ਖੋਜਕਰਤਾਵਾਂ ਨੂੰ ਰੌਸ਼ਨੀ ਦੀ ਵਰਤੋਂ ਕਰਕੇ ਦਿਮਾਗ ਦੇ ਖਾਸ ਨਿਊਰੋਨਸ (ਤੰਤੂ-ਸੈੱਲਾਂ) ਨੂੰ ਨਿਯੰਤਰਿਤ ਕਰਕੇ ਉਨ੍ਹਾਂ ਦੇ ਕੰਮਕਾਜ ਨੂੰ ਸਮਝਣ ਦੀ ਸਹੂਲਤ ਦਿੰਦੀ ਹੈ।

ਪਹਿਲਾਂ, ਵਿਗਿਆਨੀਆਂ ਲਈ ਇਹ ਪਤਾ ਲਗਾਉਣਾ ਮੁਸ਼ਕਲ ਸੀ ਕਿ ਦਿਮਾਗ ਦੇ ਕਿਹੜੇ ਖਾਸ ਨਿਊਰੋਨਸ ਖਾਸ ਕੰਮਾਂ ਲਈ ਜ਼ਿੰਮੇਵਾਰ ਹਨ। ਆਪਟੋਜੈਨੇਟਿਕਸ ਦੀ ਮਦਦ ਨਾਲ, ਵਿਗਿਆਨੀ ਹੁਣ ਯਾਦਦਾਸ਼ਤ, ਭਾਵਨਾਵਾਂ ਅਤੇ ਵਿਵਹਾਰ ਨੂੰ ਬਿਹਤਰ ਢੰਗ ਨਾਲ ਸਮਝ ਸਕਦੇ ਹਨ। ਇਸ ਨਾਲ ਡਿਪਰੈਸ਼ਨ (ਉਦਾਸੀ) ਅਤੇ ਦਿਮਾਗ ਨਾਲ ਸਬੰਧਤ ਹੋਰ ਵਿਗਾੜਾਂ ਵਰਗੀਆਂ ਮਾਨਸਿਕ ਸਿਹਤ ਸਮੱਸਿਆਵਾਂ ਬਾਰੇ ਖੋਜ ਕਰਨ ਵਿੱਚ ਵੀ ਮਦਦ ਮਿਲੀ ਹੈ। ਨੋਬਲ ਕਮੇਟੀ ਅਨੁਸਾਰ, ਇਨ੍ਹਾਂ ਤਿੰਨਾਂ ਵਿਗਿਆਨੀਆਂ ਦੁਆਰਾ ਕੀਤੀਆਂ ਗਈਆਂ ਖੋਜਾਂ ਨੇ ਦਿਮਾਗ ਨੂੰ ਸਮਝਣ ਲਈ ਖੋਜ ਦਾ ਇੱਕ ਨਵਾਂ ਰਾਹ ਖੋਲ੍ਹਿਆ ਹੈ। ਇਸ ਤਕਨੀਕ ਨੂੰ ਅੱਖਾਂ ਦੀਆਂ ਬਿਮਾਰੀਆਂ 'ਤੇ ਵੀ ਲਾਗੂ ਕੀਤਾ ਜਾ ਰਿਹਾ ਹੈ; ਵਿਗਿਆਨੀ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੇ ਹਨ ਕਿ ਕੀ ਇਸਦੀ ਵਰਤੋਂ ਉਨ੍ਹਾਂ ਲੋਕਾਂ ਦੀ ਨਜ਼ਰ ਵਾਪਸ ਲਿਆਉਣ ਲਈ ਕੀਤੀ ਜਾ ਸਕਦੀ ਹੈ ਜਿਨ੍ਹਾਂ ਦੀ ਨਜ਼ਰ ਚਲੀ ਗਈ ਹੈ।

ਇਹ ਖੋਜ ਇੱਕ ਛੋਟੀ ਜਿਹੀ ਐਲਗੀ (ਕਾਈ) ਤੋਂ ਸ਼ੁਰੂ ਹੋਈ ਸੀ। ਪੀਟਰ ਹੇਗੇਮੈਨ ਇਹ ਸਮਝਣਾ ਚਾਹੁੰਦੇ ਸਨ ਕਿ *ਕਲੈਮੀਡੋਮੋਨਾਸ* ਨਾਮਕ ਐਲਗੀ ਰੌਸ਼ਨੀ ਵੱਲ ਕਿਵੇਂ ਮੁੜਦੀ ਹੈ।

ਆਪਣੀ ਖੋਜ ਦੌਰਾਨ, ਹੇਗੇਮੈਨ ਅਤੇ ਜੌਰਜ ਨਾਗੇਲ ਨੇ ਇਸ ਐਲਗੀ ਵਿੱਚ 'ਚੈਨਲਰੋਡੋਪਸਿਨ' ਨਾਮਕ ਇੱਕ ਵਿਸ਼ੇਸ਼ ਪ੍ਰੋਟੀਨ ਦੀ ਖੋਜ ਕੀਤੀ। ਇਹ ਪ੍ਰੋਟੀਨ ਰੌਸ਼ਨੀ ਪ੍ਰਤੀ ਸੰਵੇਦਨਸ਼ੀਲ ਸੀ; ਜਦੋਂ ਇਸ 'ਤੇ ਨੀਲੀ ਰੌਸ਼ਨੀ ਪੈਂਦੀ ਸੀ, ਤਾਂ ਇੱਕ ਚੈਨਲ ਖੁੱਲ੍ਹ ਜਾਂਦਾ ਸੀ, ਜਿਸ ਨਾਲ ਚਾਰਜ ਵਾਲੇ (ਬਾਕੀ ਸਫ਼ਾ 2 'ਤੇ)

ਹਵਾਈ ਕਿਰਾਏ ਹੋਣਗੇ ਮਹਿੰਗੇ

ਘਰੇਲੂ ਤੇ ਅੰਤਰਰਾਸ਼ਟਰੀ ਉਡਾਣਾਂ ਲਈ 'ਫਿਊਲ ਸਰਚਾਰਜ' ਵਧਾਉਣ ਦਾ ਐਲਾਨ

- **ਜੈੱਟ ਈਂਧਨ ਦੀਆਂ ਕੀਮਤਾਂ 'ਚ ਵਾਧੇ ਕਾਰਨ ਹਵਾਈ ਵਧਣਗੇ; ਦੂਰੀ ਦੇ ਹਿਸਾਬ ਨਾਲ 100 ਤੋਂ 350 ਰੁਪਏ ਤੱਕ ਵਧੇਗਾ ਬੋਝ**

ਨਵੀਂ ਦਿੱਲੀ, 5 ਅਕਤੂਬਰ (ਪੈ.ਗਾਮ-ਏ-ਜਗਤ)

ਦੇਸ਼ ਦੀ ਸਭ ਤੋਂ ਵੱਡੀ ਹਵਾਈ ਕੰਪਨੀ ਇੰਡੀਗੋ ਨੇ ਸੋਮਵਾਰ ਨੂੰ ਜੈੱਟ ਈਂਧਨ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਦੇ ਮੱਦੇਨਜ਼ਰ ਘਰੇਲੂ ਅਤੇ ਅੰਤਰਰਾਸ਼ਟਰੀ ਉਡਾਣਾਂ ਲਈ 'ਫਿਊਲ ਸਰਚਾਰਜ' ਵਧਾਉਣ ਦਾ ਐਲਾਨ ਕੀਤਾ ਹੈ। ਇਹ ਸੋਧੀਆਂ ਹੋਈਆਂ ਦਰਾਂ 6 ਅਕਤੂਬਰ ਤੋਂ ਲਾਗੂ ਹੋਣਗੀਆਂ, ਜਿਸ ਨਾਲ ਹਵਾਈ ਕਿਰਾਏ ਹੋਰ ਮਹਿੰਗੇ ਹੋ ਜਾਣਗੇ। ਕੰਪਨੀ ਵੱਲੋਂ ਜਾਰੀ ਬਿਆਨ ਅਨੁਸਾਰ, ਘਰੇਲੂ ਉਡਾਣਾਂ ਲਈ ਦੂਰੀ ਦੇ ਹਿਸਾਬ ਨਾਲ ਇਹ ਵਾਧਾ 100 ਰੁਪਏ ਤੋਂ ਲੈ ਕੇ 350 ਰੁਪਏ ਤੱਕ ਕੀਤਾ ਗਿਆ ਹੈ। ਇਸੇ ਤਰ੍ਹਾਂ ਅੰਤਰਰਾਸ਼ਟਰੀ ਉਡਾਣਾਂ ਲਈ ਵੀ ਸਰਚਾਰਜ ਵਿੱਚ ਵਾਧਾ ਕੀਤਾ ਗਿਆ ਹੈ।

ਇੰਡੀਗੋ ਨੇ ਕਿਹਾ ਕਿ ਈਂਧਨ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਪਿਛਲੇ ਮਹੀਨੇ ਦੇ ਮੁਕਾਬਲੇ ਇਸ ਵਿੱਚ 14 ਫ਼ੀਸਦੀ ਤੋਂ ਵੱਧ ਦਾ ਵਾਧਾ ਦਰਜ ਕੀਤਾ ਗਿਆ ਹੈ, ਜਿਸ ਨਾਲ ਹਵਾਈ ਈਂਧਨ ਦੀਆਂ ਕੀਮਤਾਂ ਪਿਛਲੇ ਇੱਕ ਦਹਾਕੇ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਈਆਂ ਹਨ। ਕੰਪਨੀ ਨੇ ਕਿਹਾ, ਕਿਉਂਕਿ ਏਵੀਏਸ਼ਨ ਟਰਬਾਈਨ ਫਿਊਲ ਹਵਾਈ ਕੰਪਨੀਆਂ ਦੇ ਕੁੱਲ ਸੰਚਾਲਨ ਖ਼ਰਚੇ ਦਾ ਇੱਕ ਵੱਡਾ ਹਿੱਸਾ ਹੁੰਦਾ ਹੈ, ਇਸ ਲਈ ਇਸ ਵਾਧੇ ਦਾ ਅਸਰ ਕੰਪਨੀ ਦੇ ਖ਼ਰਚਿਆਂ ਅਤੇ ਨੈੱਟਵਰਕ ਅਰਥਚਾਰੇ 'ਤੇ ਪੈਣਾ ਲਾਜ਼ਮੀ ਹੈ।



ਭਾਜਪਾ ਨੇ ਯੂਪੀ ਰਾਜ ਸਭਾ ਚੋਣਾਂ ਲਈ ਜਾਰੀ ਕੀਤੀ 8 ਉਮੀਦਵਾਰਾਂ ਦੀ ਸੂਚੀ

- **ਹਰਦੀਪ ਪੁਰੀ ਅਤੇ ਸਮ੍ਰਿਤੀ ਇਰਾਨੀ ਨੂੰ ਨਹੀਂ ਮਿਲੀ ਥਾਂ**

ਨਵੀਂ ਦਿੱਲੀ, 5 ਅਕਤੂਬਰ (ਪੈ.ਗਾਮ-ਏ-ਜਗਤ)

ਭਾਜਪਾ ਨੇ ਸੋਮਵਾਰ ਨੂੰ ਉੱਤਰ ਪ੍ਰਦੇਸ਼ ਤੋਂ ਆਗਾਮੀ ਰਾਜ ਸਭਾ ਚੋਣਾਂ ਲਈ ਜ਼ਮੀਨੀ ਪੱਧਰ ਅਤੇ ਜਥੇਬੰਦਕ ਆਗੂਆਂ ਨੂੰ ਉਮੀਦਵਾਰਾਂ ਵਜੋਂ ਚੁਣਿਆ ਹੈ ਅਤੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਅਤੇ ਸਾਬਕਾ ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ ਵਰਗੇ ਪ੍ਰਮੁੱਖ ਨਾਵਾਂ ਤੋਂ ਦੂਰੀ ਬਣਾਈ ਰੱਖੀ ਹੈ।

ਉੱਤਰ ਪ੍ਰਦੇਸ਼ ਤੋਂ ਖਾਲੀ ਹੋ ਰਹੀਆਂ ਰਾਜ ਸਭਾ ਦੀਆਂ 10 ਸੀਟਾਂ ਦੀਆਂ ਚੋਣਾਂ ਲਈ ਪਾਰਟੀ ਵੱਲੋਂ ਅੱਜ ਜਾਰੀ ਕੀਤੀ ਗਈ ਅੱਠ ਉਮੀਦਵਾਰਾਂ ਦੀ ਸੂਚੀ ਵਿੱਚ ਧਰਮਪਾਲ ਸਿੰਘ, ਰਾਧਾਕਾਂਤ ਓਝਾ, ਪ੍ਰਕਾਸ਼ ਪਾਲ, ਵਿਦਿਆਸਾਗਰ ਸੋਨਕਰ, ਗੋਪੀ ਕ੍ਰਿਸ਼ਨ ਪਾਂਡੇ, ਪ੍ਰਿਅੰਕਾ ਸਿੰਘ ਰਾਵਤ, ਰਾਮ ਪ੍ਰਤਾਪ ਸਿੰਘ ਚੌਹਾਨ ਅਤੇ ਸ਼ਰੁਤੀ ਗੰਗਵਾਰ ਦੇ ਨਾਂ ਸ਼ਾਮਲ ਹਨ।

ਭਾਜਪਾ ਸੂਤਰਾਂ ਨੇ ਦੱਸਿਆ ਕਿ ਸੂਬਾਈ ਪੈਨਲ ਨੇ 22 ਆਗੂਆਂ ਦੇ ਨਾਵਾਂ ਨੂੰ ਸ਼ਾਮਲ ਕੀਤਾ ਸੀ, ਜਿਨ੍ਹਾਂ ਵਿੱਚ ਹਰਦੀਪ ਪੁਰੀ (ਜਿਨ੍ਹਾਂ ਦਾ ਉੱਤਰ ਪ੍ਰਦੇਸ਼ ਤੋਂ ਕਾਰਜਕਾਲ ਨਵੰਬਰ ਵਿੱਚ ਖਤਮ ਹੋ ਰਿਹਾ ਹੈ) ਦੇ ਨਾਲ-ਨਾਲ ਸਮ੍ਰਿਤੀ ਇਰਾਨੀ ਅਤੇ ਕਵੀ ਕੁਮਾਰ ਵਿਸ਼ਵਾਸ ਵੀ ਸ਼ਾਮਲ ਸਨ। ਸੂਤਰਾਂ ਨੇ ਦੱਸਿਆ ਕਿ ਅੰਤਿਮ ਚੋਣਾਂ 2027 ਦੀਆਂ (ਬਾਕੀ ਸਫ਼ਾ 2 'ਤੇ)

ਸ੍ਰੀ ਹੇਮਕੁੰਟ ਸਾਹਿਬ ਯਾਤਰਾ ਦੇ 10 ਅਕਤੂਬਰ ਨੂੰ ਬੰਦ ਹੋਣਗੇ ਕਪਾਟ

ਹੁਣ ਤੱਕ 3.68 ਲੱਖ ਤੋਂ ਵੱਧ ਸ਼ਰਧਾਲੂ ਹੋ ਚੁੱਕੇ ਹਨ ਨਤਮਸਤਕ

ਅੰਮ੍ਰਿਤਸਰ, 5 ਅਕਤੂਬਰ (ਪੈ.ਗਾਮ-ਏ-ਜਗਤ)

ਉੱਤਰਾਖੰਡ ਸਥਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਸਾਲਾਨਾ ਯਾਤਰਾ ਦੀ ਸਮਾਪਤੀ ਲਈ ਸਿਰਫ਼ ਪੰਜ ਦਿਨ ਬਾਕੀ ਬਚੇ ਹਨ। ਇਹ ਯਾਤਰਾ 10 ਅਕਤੂਬਰ ਨੂੰ ਸਮਾਪਤ ਹੋ ਰਹੀ ਹੈ।

ਇਸ ਸਾਲ 20 ਮਈ ਨੂੰ ਆਰੰਭ ਹੋਈ ਇਸ ਯਾਤਰਾ ਦੌਰਾਨ ਲਗਪਗ ਸਾਢੇ ਚਾਰ ਮਹੀਨੇ ਦੇ ਸਮੇਂ ਵਿੱਚ ਕਰੀਬ 3 ਲੱਖ 68 ਹਜ਼ਾਰ ਸ਼ਰਧਾਲੂ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵਿਖੇ ਨਤਮਸਤਕ ਹੋਏ ਹਨ। ਤਕਰੀਬਨ 15 ਹਜ਼ਾਰ ਫੁੱਟ ਤੋਂ ਵਧੇਰੇ ਉਚਾਈ 'ਤੇ ਸਥਾਪਿਤ ਇਸ ਅਸਥਾਨ 'ਤੇ ਨਤਮਸਤਕ ਹੋਣ ਵਾਲੇ ਸ਼ਰਧਾਲੂਆਂ ਦੀ ਇਹ ਗਿਣਤੀ ਪਿਛਲੇ ਸਾਰੇ ਸਾਲਾਂ ਨਾਲੋਂ ਵੱਧ ਹੈ।



ਉੱਥੇ ਹੀ ਆਉਣ ਵਾਲੀ 10 ਅਕਤੂਬਰ ਨੂੰ ਬਾਅਦ ਦੁਪਹਿਰ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਸਿੱਖ ਸੰਗਤ ਲਈ ਸੀਤ ਕਾਲ ਵਾਸਤੇ ਬੰਦ ਕਰ ਦਿੱਤੇ ਜਾਣਗੇ। ਇਸ ਸਬੰਧ ਵਿੱਚ ਸਵੇਰੇ 10 ਵਜੇ ਸੁਖਮਨੀ ਸਾਹਿਬ ਦੇ ਪਾਠ ਆਰੰਭ ਹੋਣਗੇ, 11 ਵਜੇ ਗੁਰਬਾਣੀ ਦਾ ਕੀਰਤਨ, 12 ਵਜੇ ਸਮਾਪਤੀ ਦੀ ਅਰਦਾਸ ਹੋਵੇਗੀ ਅਤੇ ਲਗਪਗ 1 ਵਜੇ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਨੂੰ ਸੀਤ ਕਾਲ ਵਾਸਤੇ ਸੁਖਾਸਨ ਵਾਲੇ ਅਸਥਾਨ 'ਤੇ ਲੈ ਜਾਇਆ ਜਾਵੇਗਾ। (ਬਾਕੀ ਸਫ਼ਾ 2 'ਤੇ)

ਕਾਂਗੋ ਨਦੀ ਵਿੱਚ ਕਿਸ਼ਤੀਆਂ ਦੀ ਟੱਕਰ ਦੌਰਾਨ ਘੱਟੋ-ਘੱਟ 30 ਲੋਕਾਂ ਦੀ ਮੌਤ


ਕਿੰਸ਼ਾਸਾ, 5 ਅਕਤੂਬਰ (ਪੈ.ਗਾਮ-ਏ-ਜਗਤ)

ਸਥਾਨਕ ਕਾਂਗੋ ਅਧਿਕਾਰੀਆਂ ਨੇ ਸੋਮਵਾਰ ਨੂੰ ਜਾਣਕਾਰੀ ਦਿੱਤੀ ਕਿ ਹਫਤੇ ਦੇ ਅਖੀਰ (ਵੀਕਐਂਡ) ਦੌਰਾਨ ਕਾਂਗੋ ਨਦੀ ਵਿੱਚ ਦੋ ਕਿਸ਼ਤੀਆਂ ਦੀ ਟੱਕਰ ਹੋ ਗਈ, ਜਿਸ ਵਿੱਚ ਘੱਟੋ-ਘੱਟ 30 ਲੋਕਾਂ ਦੀ ਮੌਤ ਹੋ ਗਈ ਅਤੇ ਦਰਜਨਾਂ ਲਾਪਤਾ ਹੋ ਗਏ। ਸੂਬਾਈ ਗ੍ਰਹਿ ਮੰਤਰੀ ਕ੍ਰਿਸਪਿਨ ਮਪੂਟੂ ਅਨੁਸਾਰ, ਐਤਵਾਰ ਨੂੰ ਇਕਵਾਟੇਉਰ ਸੂਬੇ ਵਿੱਚ ਨਗੋਮਬੇ-ਲੁਕੋਲੇਲਾ ਖੇਤਰ ਦੇ ਨੇੜੇ ਮੋਟਰ ਵਾਲੀਆਂ ਲੱਕੜ ਦੀਆਂ ਕਿਸ਼ਤੀਆਂ ਇੱਕ ਦੂਜੇ ਨਾਲ ਟਕਰਾ ਗਈਆਂ। ਹਾਦਸੇ ਦਾ ਕਾਰਨ ਤੁਰੰਤ ਸਪਸ਼ਟ ਨਹੀਂ ਹੋ ਸਕਿਆ ਹੈ। ਮੰਤਰੀ ਨੇ ਐਸੋਸੀਏਟਿਡ ਪ੍ਰੈਸ ਨੂੰ ਦੱਸਿਆ ਕਿ ਹਾਦਸੇ ਵਿੱਚ ਮਾਰੇ ਗਏ 30 ਲੋਕਾਂ ਨੂੰ ਪਹਿਲਾਂ ਹੀ ਦਫ਼ਨਾਇਆ ਜਾ ਚੁੱਕਾ ਹੈ। ਮਪੂਟੂ ਨੇ ਕਿਹਾ ਕਿ ਇੱਕ ਕਿਸ਼ਤੀ ਉੱਤਰ-ਪੱਛਮ ਵਿੱਚ ਸਥਿਤ ਉਬਾਂਗੀ ਤੋਂ ਰਾਜਧਾਨੀ ਕਿੰਸ਼ਾਸਾ ਜਾ ਰਹੀ ਸੀ ਅਤੇ ਦੂਜੀ ਕਿੰਸ਼ਾਸਾ ਤੋਂ ਲੁਕੋਲੇਲਾ ਜਾ ਰਹੀ ਸੀ, ਜੋ ਕਿ ਉਸ ਥਾਂ ਦੇ ਨੇੜੇ ਹੈ ਜਿੱਥੇ ਇਹ ਟੱਕਰ ਹੋਈ।

ਲੁਵਾਸ ਵਿੱਚ ਅੰਤਰਰਾਸ਼ਟਰੀ ਸੰਗੋਸ਼ਠੀ ਦਾ ਆਯੋਜਨ

ਡੇਅਰੀ ਅਤੇ ਖੁਰਾਕ ਵਿਗਿਆਨ ਦੇ ਨਵੀਨਤਮ ਰੁਝਾਨਾਂ 'ਤੇ ਹੋਇਆ ਗੰਭੀਰ ਵਿਚਾਰ-ਵਟਾਂਦਰਾ

ਪੈ.ਗਾਮ-ਏ-ਜਗਤ
ਹਿਸਾਰ (ਦਿਨਕਰ ਗਾਵੜੀ)



ਲਾਲਾ ਲਾਜਪਤ ਰਾਏ ਪਸ਼ੂ ਚਿਕਿਤਸਾ ਅਤੇ ਪਸ਼ੂ ਵਿਗਿਆਨ ਯੂਨੀਵਰਸਿਟੀ (ਲੁਵਾਸ), ਹਿਸਾਰ ਦੇ ਡੇਅਰੀ ਵਿਗਿਆਨ ਅਤੇ ਤਕਨਾਲੋਜੀ ਕਾਲਜ ਦੇ ਡੇਅਰੀ ਰਸਾਇਣ ਵਿਭਾਗ ਵੱਲੋਂ "ਡੇਅਰੀ ਵਿਗਿਆਨ, ਖੁਰਾਕ ਵਿਗਿਆਨ ਅਤੇ ਗੁਣਵੱਤਾ ਭਰੋਸੇ ਵਿੱਚ ਉੱਭਰਦੇ ਰੁਝਾਨ" ਵਿਸ਼ੇ 'ਤੇ ਇਕ ਦਿਨਾਂ ਅੰਤਰਰਾਸ਼ਟਰੀ ਸੰਗੋਸ਼ਠੀ ਦਾ ਸਫਲ ਆਯੋਜਨ ਕੀਤਾ ਗਿਆ। ਇਸ ਸੰਗੋਸ਼ਠੀ ਵਿੱਚ ਡੇਅਰੀ ਅਤੇ ਖੁਰਾਕ ਵਿਗਿਆਨ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਖੋਜਾਂ, ਤਕਨੀਕੀ ਵਿਕਾਸ, ਖੁਰਾਕੀ ਗੁਣਵੱਤਾ, ਸੁਰੱਖਿਆ ਅਤੇ ਮਿਆਰੀਕਰਨ ਨਾਲ ਸਬੰਧਤ ਅਹਿਮ ਵਿਸ਼ਿਆਂ 'ਤੇ ਦੇਸ਼-ਵਿਦੇਸ਼ ਦੇ ਮਾਹਿਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ।

ਪ੍ਰੋਗਰਾਮ ਦੇ ਮੁੱਖ ਮਹਿਮਾਨ ਅਤੇ ਲੁਵਾਸ ਦੇ ਕੁਲਪਤੀ ਪ੍ਰੋ. (ਡਾ.) ਵਿਨੋਦ ਕੁਮਾਰ ਵਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡੇਅਰੀ ਅਤੇ ਖੁਰਾਕ ਵਿਗਿਆਨ ਦਾ ਖੇਤਰ ਬਹੁਤ ਤੇਜ਼ੀ ਨਾਲ ਬਦਲ ਰਿਹਾ ਹੈ। ਬਦਲਦੀਆਂ ਜ਼ਰੂਰਤਾਂ ਦੇ ਅਨੁਸਾਰ ਨਵੀਆਂ ਤਕਨੀਕਾਂ ਅਤੇ ਖੋਜਾਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਮੁੱਖ ਮੰਗ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੁਰਾਕ ਦੀ ਗੁਣਵੱਤਾ ਅਤੇ ਸੁਰੱਖਿਆ ਦਾ ਸਿੱਧਾ ਸਬੰਧ ਆਮ ਲੋਕਾਂ ਦੀ ਸਿਹਤ ਨਾਲ ਹੁੰਦਾ ਹੈ, ਇਸ ਲਈ ਵਿਗਿਆਨਕ ਖੋਜਾਂ ਨੂੰ ਸਿਰਫ਼ ਪ੍ਰਯੋਗਸ਼ਾਲਾਵਾਂ ਤੱਕ ਸੀਮਤ ਨਾ ਰੱਖ ਕੇ ਕਿਸਾਨਾਂ, ਪਸ਼ੂ ਪਾਲਕਾਂ ਅਤੇ ਉਦਯੋਗਾਂ ਤੱਕ ਪਹੁੰਚਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੀਆਂ ਖੋਜਾਂ ਨਾਲ ਜੁੜਨ ਦਾ ਸੱਦਾ ਦਿੱਤਾ।

ਕਾਲਜ ਦੀ ਡੀਨ ਡਾ. ਸੁਸ਼ੀਲਾ ਮਾਨ ਨੇ ਕਿਹਾ ਕਿ ਖਪਤਕਾਰਾਂ ਦੀਆਂ ਬਦਲਦੀਆਂ ਪਸੰਦਾਂ ਅਤੇ ਵਿਸ਼ਵ ਪੱਧਰੀ ਮੁਕਾਬਲੇ ਦੇ ਮੱਦੇਨਜ਼ਰ ਮੁੱਲ-ਵਰਧਿਤ ਉਤਪਾਦਾਂ ਅਤੇ ਆਧੁਨਿਕ ਪ੍ਰੋਸੈਸਿੰਗ ਤਕਨੀਕਾਂ ਦੇ ਵਿਕਾਸ ਦੀ ਲੋੜ ਵਧ ਗਈ ਹੈ। ਆਯੋਜਨ ਪ੍ਰਧਾਨ ਡਾ. ਮੀਨਾਕਸ਼ੀ ਵਰਮਾਨੀ ਨੇ ਦੱਸਿਆ ਕਿ ਸੰਗੋਸ਼ਠੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਮਾਹਿਰਾਂ ਦੇ ਤਜਰਬਿਆਂ ਤੋਂ ਜਾਣੂ ਕਰਵਾਉਣਾ ਹੈ।

ਤਕਨੀਕੀ ਸੈਸ਼ਨਾਂ ਵਿੱਚ ਅੰਤਰਰਾਸ਼ਟਰੀ ਮਾਹਿਰਾਂ ਦੇ ਲੈਕਚਰ

ਪਹਿਲਾ ਸੈਸ਼ਨ: ਆਸਟ੍ਰੇਲੀਆ ਦੀ ਯੂਨੀਵਰਸਿਟੀ ਆਫ ਕਵੀਨਜ਼ਲੈਂਡ ਦੀ ਪ੍ਰੋਫੈਸਰ ਨਿਧੀ ਬੰਸਲ ਨੇ ਆਨਲਾਈਨ ਮਾਧਿਅਮ ਰਾਹੀਂ ਡੇਅਰੀ ਪ੍ਰੋਸੈਸਿੰਗ ਵਿੱਚ ਵਰਤੀਆਂ ਜਾ ਰਹੀਆਂ ਗੈਰ-ਤਾਪ ਤਕਨੀਕਾਂ ਅਤੇ ਗਾਂ-ਮੱਝ ਤੋਂ ਇਲਾਵਾ ਹੋਰ ਪਸ਼ੂਆਂ ਦੇ ਦੁੱਧ ਦੀਆਂ ਸੰਭਾਵਨਾਵਾਂ ਬਾਰੇ ਵਿਸਥਾਰ ਨਾਲ ਦੱਸਿਆ।

ਦੂਜਾ ਸੈਸ਼ਨ: ਚੀਨ ਦੀ ਯੂਨੀਵਰਸਿਟੀ ਆਫ ਨਾਟਿੰਘਮ ਦੀ ਸਹਾਇਕ ਪ੍ਰੋਫੈਸਰ ਡਾ. ਮਿਨਾਕਸ਼ੀ ਸ਼ਰਮਾ ਨੇ ਕੁਦਰਤੀ ਰੰਗਾਂ ਤੋਂ ਪ੍ਰਾਪਤ ਕਾਰਜਸ਼ੀਲ ਖੁਰਾਕੀ ਪਦਾਰਥਾਂ ਲਈ ਨੈਨੋ-ਵੰਡ ਪ੍ਰਣਾਲੀਆਂ ਅਤੇ ਖੁਰਾਕ ਵਿਗਿਆਨ ਵਿੱਚ ਨੈਨੋ-ਤਕਨਾਲੋਜੀ ਦੀ ਵਰਤੋਂ 'ਤੇ ਚਾਨਣਾ ਪਾਇਆ।

ਤੀਜਾ ਸੈਸ਼ਨ: ਭਾਰਤੀ ਮਿਆਰ ਬਿਊਰੋ ਦੀ ਡਾਇਰੈਕਟਰ ਡਾ. ਨੇਹਾ ਯਾਦਵ ਨੇ ਖੁਰਾਕ ਦੀ ਗੁਣਵੱਤਾ ਅਤੇ ਸੁਰੱਖਿਆ ਵਿੱਚ ਭਾਰਤੀ ਮਿਆਰਾਂ ਦੀ ਭੂਮਿਕਾ 'ਤੇ ਚਰਚਾ ਕੀਤੀ ਅਤੇ ਅਕਾਦਮਿਕ ਸੰਸਥਾਵਾਂ, ਬੀ.ਆਈ.ਐੱਸ. ਅਤੇ ਉਦਯੋਗਾਂ ਵਿੱਚ ਬਿਹਤਰ ਤਾਲਮੇਲ 'ਤੇ ਜ਼ੋਰ ਦਿੱਤਾ।

ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ

ਇਸ ਸੰਗੋਸ਼ਠੀ ਵਿੱਚ ਰਜਿਸਟਰਾਰ ਡਾ. ਰਾਮ ਨਜ਼ਰ ਚੌਧਰੀ, ਖੋਜ ਨਿਰਦੇਸ਼ਕ ਡਾ. ਰਜਤ ਗਰਗ, ਪੋਸਟ ਗ੍ਰੈਜੂਏਟ ਡੀਨ ਡਾ. ਗੌਤਮ, ਡਾ. ਸੋਨੀਆ ਸਿੰਧੂ, ਡਾ. ਅਨੀਸ਼ ਯਾਦਵ, ਡਾ. ਸੰਜੇ ਯਾਦਵ ਅਤੇ ਵਿਕਾਸ ਖਰਬ ਸਮੇਤ ਕਈ ਅਧਿਆਪਕ ਅਤੇ ਖੋਜਾਰਥੀ ਹਾਜ਼ਰ ਸਨ।

ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਆਯੋਜਨ ਸਕੱਤਰ ਡਾ. ਰੂਬੀ ਸਿਵਾਚ, ਡਾ. ਵਿਜੈ ਜੇ. ਜਾਧਵ, ਡਾ. ਵੰਦਨਾ ਚੌਧਰੀ, ਡਾ. ਤੇਜਿੰਦਰ ਪਾਲ ਸਿੰਘ ਅਤੇ ਹੋਰ ਕਮੇਟੀ ਮੈਂਬਰਾਂ ਦੀ ਮਹੱਤਵਪੂਰਨ ਭੂਮਿਕਾ ਰਹੀ।

118ਵੀਂ ਆਲ ਇੰਡੀਆ ਮੇਅਰ ਕੌਂਸਲ ਵਿੱਚ ਦੇਸ਼ ਭਰ ਦੇ ਮੇਅਰਾਂ ਨੇ ਸ਼ਹਿਰੀ ਵਿਕਾਸ ਦੀਆਂ ਚੁਣੌਤੀਆਂ ਅਤੇ ਬਿਹਤਰ ਕਾਰਜਪ੍ਰਣਾਲੀ 'ਤੇ ਕੀਤਾ ਵਿਚਾਰ-ਵਟਾਂਦਰਾ

ਪੈ.ਗਾਮ-ਏ-ਜਗਤ
ਚੰਡੀਗੜ੍ਹ, 5 ਅਕਤੂਬਰ
(ਹਰਮਿੰਦਰ ਸਿੰਘ ਨਾਗਪਾਲ)



ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਦੇਸ਼ ਦੇ ਸ਼ਹਿਰਾਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ, ਸੁਰੱਖਿਅਤ, ਸਮਾਵੇਸ਼ੀ ਅਤੇ ਆਤਮਨਿਰਭਰ ਬਣਾਉਣ ਲਈ ਮਜ਼ਬੂਤ ਨਗਰ ਨਿਗਮ, ਸਸ਼ਕਤ ਮੇਅਰ, ਲੋੜੀਂਦੇ ਸਰੋਤ, ਆਧੁਨਿਕ ਤਕਨਾਲੋਜੀ ਅਤੇ ਸਮਰੱਥ ਪ੍ਰਸ਼ਾਸਨਿਕ ਪ੍ਰਬੰਧ ਬਹੁਤ ਜ਼ਰੂਰੀ ਹਨ। ਉਨ੍ਹਾਂ ਨੇ ਚੁਣੇ ਹੋਏ ਨੁਮਾਇੰਦਿਆਂ ਅਤੇ ਅਧਿਕਾਰੀਆਂ ਵਿਚਕਾਰ ਬਿਹਤਰ ਤਾਲਮੇਲ ਦੇ ਨਾਲ-ਨਾਲ ਨਾਗਰਿਕਾਂ ਦੀ ਸਰਗਰਮ ਭਾਗੀਦਾਰੀ 'ਤੇ ਵੀ ਖਾਸ ਜ਼ੋਰ ਦਿੱਤਾ। ਕਟਾਰੀਆ ਸੋਮਵਾਰ ਨੂੰ ਚੰਡੀਗੜ੍ਹ ਵਿੱਚ ਆਯੋਜਿਤ 118ਵੀਂ ਆਲ ਇੰਡੀਆ ਮੇਅਰ ਕੌਂਸਲ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਸੰਮੇਲਨ ਵਿੱਚ ਦੇਸ਼ ਭਰ ਤੋਂ ਪਹੁੰਚੇ ਮੇਅਰਾਂ ਅਤੇ ਨੁਮਾਇੰਦਿਆਂ ਨੇ ਸ਼ਹਿਰੀ ਵਿਕਾਸ ਨਾਲ ਸਬੰਧਤ ਵੱਖ-ਵੱਖ ਚੁਣੌਤੀਆਂ, ਸਫਲ ਤਜਰਬਿਆਂ ਅਤੇ ਬਿਹਤਰ ਕਾਰਜਪ੍ਰਣਾਲੀਆਂ 'ਤੇ ਗੰਭੀਰ ਚਰਚਾ ਕੀਤੀ।

ਤਜਰਬੇ ਸਾਂਝੇ ਕਰਨ ਦੀ ਲੋੜ

ਪ੍ਰਸ਼ਾਸਕ ਨੇ ਕਿਹਾ ਕਿ ਆਲ ਇੰਡੀਆ ਮੇਅਰ ਕੌਂਸਲ ਦੀ ਸਭ ਤੋਂ ਵੱਡੀ ਤਾਕਤ ਸਾਂਝਾ ਵਿਚਾਰ-ਵਟਾਂਦਰਾ ਅਤੇ ਤਜਰਬਿਆਂ ਦਾ ਆਦਾਨ-ਪ੍ਰਦਾਨ ਹੈ। ਉਨ੍ਹਾਂ ਦੱਸਿਆ ਕਿ ਸਾਰੇ ਸ਼ਹਿਰਾਂ ਵਿੱਚ ਸਫ਼ਾਈ, ਪੀਣ ਵਾਲਾ ਪਾਣੀ, ਸੀਵਰੇਜ, ਆਵਾਜਾਈ, ਕੂੜਾ ਪ੍ਰਬੰਧਨ, ਪ੍ਰਦੂਸ਼ਣ, ਹਰੇ-ਭਰੇ ਖੇਤਰ, ਰਿਹਾਇਸ਼, ਸਿਹਤ ਸੇਵਾਵਾਂ, ਸ਼ਹਿਰੀ ਗਰੀਬਾਂ ਦੀ ਭਲਾਈ ਅਤੇ ਡਿਜੀਟਲ ਸੇਵਾਵਾਂ ਵਰਗੀਆਂ ਸਾਂਝੀਆਂ ਸਮੱਸਿਆਵਾਂ ਹਨ। ਇਸ ਲਈ ਇੱਕ ਸ਼ਹਿਰ ਦੇ ਸਫਲ ਮਾਡਲ ਨੂੰ ਦੂਜੇ ਸ਼ਹਿਰਾਂ ਦੀਆਂ ਸਥਾਨਕ ਲੋੜਾਂ ਮੁਤਾਬਕ ਅਪਣਾਇਆ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਇਸ ਕੌਂਸਲ ਦੀ ਸਥਾਪਨਾ ਸਾਲ 1962 ਵਿੱਚ ਸ਼ਹਿਰੀ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ ਅਤੇ ਦੇਸ਼ ਦੇ ਮੇਅਰਾਂ ਨੂੰ ਇੱਕ ਸਾਂਝਾ ਮੰਚ ਮੁਹੱਈਆ ਕਰਵਾਉਣ ਲਈ ਕੀਤੀ ਗਈ ਸੀ। ਕਟਾਰੀਆ ਨੇ ਜ਼ੋਰ ਦਿੱਤਾ ਕਿ ਨਗਰ ਨਿਗਮਾਂ ਦੇ ਕੰਮਕਾਜ ਵਿੱਚ ਸੰਵੇਦਨਸ਼ੀਲਤਾ, ਮਨੁੱਖੀ ਦ੍ਰਿਸ਼ਟੀਕੋਣ ਅਤੇ ਲੋਕ ਭਲਾਈ ਦੀ ਭਾਵਨਾ ਹੋਣੀ ਚਾਹੀਦੀ ਹੈ।

ਯੋਜਨਾਬੱਧ ਸ਼ਹਿਰੀ ਵਿਕਾਸ ਦੀ ਮਿਸਾਲ

ਚੰਡੀਗੜ੍ਹ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਪ੍ਰਸ਼ਾਸਕ ਨੇ ਕਿਹਾ ਕਿ 1952 ਵਿੱਚ ਸਥਾਪਨਾ ਤੋਂ ਬਾਅਦ ਚੰਡੀਗੜ੍ਹ ਯੋਜਨਾਬੱਧ ਵਿਕਾਸ ਦੀ ਬਹਿਤਰੀਨ ਮਿਸਾਲ ਬਣਿਆ ਹੈ। ਚੰਡੀਗੜ੍ਹ ਨੂੰ ਇਲੈਕਟ੍ਰਿਕ ਵਾਹਨਾਂ ਦੇ ਖੇਤਰ ਵਿੱਚ ਸਰਵੋਤਮ ਕੇਂਦਰ ਸ਼ਾਸਿਤ ਪ੍ਰਦੇਸ਼ ਅਤੇ ਸਭ ਤੋਂ ਵੱਧ ਈਵੀ-ਤਿਆਰ ਸ਼ਹਿਰ ਵਜੋਂ ਪਛਾਣ ਮਿਲੀ ਹੈ। ਇਸ ਤੋਂ ਇਲਾਵਾ ਰਾਸ਼ਟਰੀ ਊਰਜਾ ਸੰਭਾਲ ਪੁਰਸਕਾਰ-2025 ਵਿੱਚ ਚੰਡੀਗੜ੍ਹ ਨੇ ਪਹਿਲਾ ਸਥਾਨ ਹਾਸਲ ਕੀਤਾ ਹੈ। ਸ਼ਹਿਰ ਦੇ ਸਾਰੇ ਸਰਕਾਰੀ ਭਵਨਾਂ 'ਤੇ 100 ਫ਼ੀਸਦੀ ਸੂਰਜੀ ਊਰਜਾ ਕਵਰੇਜ ਹਾਸਲ ਕੀਤੀ ਜਾ ਚੁੱਕੀ ਹੈ। ਸੁਪਰ ਸਵੱਛ ਲੀਗ ਵਿੱਚ ਦੂਜੇ ਸਥਾਨ, ਡੱਡੂਮਾਜਰਾ ਕੂੜਾ ਪ੍ਰਬੰਧਨ ਪ੍ਰਾਜੈਕਟ ਅਤੇ ਹਰਾ ਖੇਤਰ ਵਧ ਕੇ 51 ਫ਼ੀਸਦੀ ਹੋਣ ਨਾਲ ਚੰਡੀਗੜ੍ਹ ਦੇਸ਼ ਦਾ ਪਹਿਲਾ ਝੁੱਗੀ-ਮੁਕਤ ਸ਼ਹਿਰ ਬਣਿਆ ਹੈ।

ਪੰਜ ਸਾਲ ਦਾ ਇੱਕਸਾਰ ਕਾਰਜਕਾਲ ਅਤੇ ਵੱਧ ਅਧਿਕਾਰਾਂ ਦੀ ਮੰਗ

ਕੌਂਸਲ ਦੀ ਪ੍ਰਧਾਨ ਰੇਣੂ ਬਾਲਾ ਗੁਪਤਾ, ਰਾਜ ਸਭਾ ਮੈਂਬਰ ਨਵੀਨ ਜੈਨ ਅਤੇ ਚੰਡੀਗੜ੍ਹ ਦੇ ਮੇਅਰ ਸੌਰਭ ਜੋਸ਼ੀ ਨੇ ਦੇਸ਼ ਭਰ ਵਿੱਚ ਮੇਅਰਾਂ ਲਈ ਇੱਕਸਾਰ 5 ਸਾਲ ਦਾ ਕਾਰਜਕਾਲ, ਸਪਸ਼ਟ ਅਧਿਕਾਰ ਅਤੇ 74ਵੀਂ ਸੰਵਿਧਾਨਕ ਸੋਧ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਦੀ ਵਕਾਲਤ ਕੀਤੀ। ਉਨ੍ਹਾਂ ਕਿਹਾ ਕਿ ਵੱਖ-ਵੱਖ ਰਾਜਾਂ ਵਿੱਚ ਮੇਅਰਾਂ ਦੇ ਕਾਰਜਕਾਲ (1 ਤੋਂ 5 ਸਾਲ) ਅਤੇ ਚੋਣ ਪ੍ਰਣਾਲੀ ਵਿੱਚ ਕਾਫ਼ੀ ਫ਼ਰਕ ਹੈ, ਜਿਸ ਵਿੱਚ ਇਕਸਾਰਤਾ ਆਉਣੀ ਜ਼ਰੂਰੀ ਹੈ। ਕੌਂਸਲ ਦੇ ਜਨਰਲ ਸਕੱਤਰ ਆਸ਼ੂਤੋਸ਼ ਵਰਸ਼ਨੇਯ ਨੇ ਦੱਸਿਆ ਕਿ 7 ਮੇਅਰਾਂ ਨਾਲ ਸ਼ੁਰੂ ਹੋਈ ਇਹ ਕੌਂਸਲ ਹੁਣ 266 ਮੇਅਰਾਂ ਤੱਕ ਪਹੁੰਚ ਚੁੱਕੀ ਹੈ। ਉਨ੍ਹਾਂ ਮੇਅਰਾਂ ਲਈ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਦੀ ਤਰਜ਼ 'ਤੇ ਪੈਨਸ਼ਨ ਲਾਭਾਂ ਦੀ ਮੰਗ ਵੀ ਕੀਤੀ।

ਠੋਸ ਕੂੜਾ ਪ੍ਰਬੰਧਨ ਅਤੇ ਸ਼ਹਿਰ ਦਾ ਦੌਰਾ

ਚੰਡੀਗੜ੍ਹ ਨਗਰ ਨਿਗਮ ਦੇ ਕਮਿਸ਼ਨਰ ਅਮਿਤ ਕੁਮਾਰ (ਆਈਏਐੱਸ) ਨੇ ਦੱਸਿਆ ਕਿ ਚੰਡੀਗੜ੍ਹ ਨੇ ਠੋਸ ਕੂੜੇ ਦੀ 100 ਫ਼ੀਸਦੀ ਪ੍ਰੋਸੈਸਿੰਗ ਸਮਰੱਥਾ ਹਾਸਲ ਕਰ ਲਈ ਹੈ ਅਤੇ ਇਸ ਨੂੰ 'ਪ੍ਰਗਤੀ ਸਿਟੀ-50' ਪਹਿਲਕਦਮੀ ਲਈ ਚੁਣਿਆ ਗਿਆ ਹੈ। ਸੰਮੇਲਨ ਤੋਂ ਬਾਅਦ ਮੇਅਰਾਂ ਨੇ ਚੰਡੀਗੜ੍ਹ ਦੇ ਪ੍ਰਮੁੱਖ ਪ੍ਰਾਜੈਕਟਾਂ ਜਿਵੇਂ ਕਿ ਆਈਸੀਸੀਸੀ, ਰੋਜ਼ ਗਾਰਡਨ, ਕੈਪੀਟਲ ਕੰਪਲੈਕਸ, ਰੋਕ ਗਾਰਡਨ ਅਤੇ ਸੁਖਨਾ ਝੀਲ ਦਾ ਦੌਰਾ ਕੀਤਾ ਅਤੇ ਬੂਟੇ ਲਗਾਏ। ਇਸ ਸਮਾਗਮ ਵਿੱਚ ਸਾਬਕਾ ਸੰਸਦ ਮੈਂਬਰ ਕਿਰਨ ਖੇਰ ਸਮੇਤ ਪੰਚਕੂਲਾ, ਮੋਹਾਲੀ, ਅੰਬਾਲਾ, ਫਰੀਦਾਬਾਦ ਅਤੇ ਕਰਨਾਲ ਦੇ ਮੇਅਰ ਵੀ ਹਾਜ਼ਰ ਸਨ।

ਸੇਵਾ ਸੇਤੂ ਕੈਂਪ ਵਿੱਚ ਇੱਕੋ ਛੱਤ ਹੇਠ ਮਿਲ ਰਿਹਾ ਕੇਂਦਰ ਅਤੇ ਸੂਬਾ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ

ਪੈ.ਗਾਮ-ਏ-ਜਗਤ/ਹਾਂਸੀ
5 ਅਕਤੂਬਰ (ਦਿਨਕਰ ਗਾਵੜੀ)

- ਕੌਸ਼ਲ ਵਿਕਾਸ ਅਤੇ ਉੱਦਮਤਾ ਮੰਤਰਾਲੇ ਦੀ ਕੌਮੀ ਸਲਾਹਕਾਰ ਅਤੇ ਭਾਜਪਾ ਸੂਬਾ ਬੁਲਾਰਾ ਡਾ. ਨੇਹਾ ਧਵਨ ਨੇ ਕੀਤਾ ਕੈਂਪ ਦਾ ਨਿਰੀਖਣ



ਸੇਵਾ ਸੰਕਲਪ ਮੁਹਿੰਮ ਤਹਿਤ ਨਗਰ ਕੌਂਸਲ ਦਫ਼ਤਰ ਵਿੱਚ ਲਗਾਇਆ ਗਿਆ ਦੋ ਰੋਜ਼ਾ 'ਸੇਵਾ ਸੇਤੂ ਕੈਂਪ' ਨਾਗਰਿਕਾਂ ਲਈ ਇੱਕ ਪ੍ਰਭਾਵਸ਼ਾਲੀ ਵਨ-ਸਟਾਪ ਸੈਂਟਰ ਵਜੋਂ ਕੰਮ ਕਰ ਰਿਹਾ ਹੈ।

ਡੀਐੱਮਸੀ ਅਤੇ ਵਧੀਕ ਡਿਪਟੀ ਕਮਿਸ਼ਨਰ ਲਕਸ਼ਿਤ ਸਰੀਨ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਇੱਕੋ ਥਾਂ 'ਤੇ ਉਪਲਬਧ ਰਹਿ ਕੇ ਨਾਗਰਿਕਾਂ ਨੂੰ ਕੇਂਦਰ ਅਤੇ ਸੂਬਾ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਯੋਗ ਨਾਗਰਿਕਾਂ ਦੇ ਮੌਕੇ 'ਤੇ ਹੀ ਅਰਜ਼ੀਆਂ ਕਰਵਾ ਰਹੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਯਕੀਨੀ ਬਣਾ ਰਹੇ ਹਨ।

ਕੌਸ਼ਲ ਵਿਕਾਸ ਅਤੇ ਉੱਦਮਤਾ ਮੰਤਰਾਲੇ ਦੀ ਕੌਮੀ ਸਲਾਹਕਾਰ ਅਤੇ ਭਾਜਪਾ ਸੂਬਾ ਬੁਲਾਰਾ ਡਾ. ਨੇਹਾ ਧਵਨ ਨੇ ਕੈਂਪ ਦਾ ਨਿਰੀਖਣ ਕੀਤਾ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਲਗਾਏ ਗਏ ਸਟਾਲਾਂ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਤੋਂ ਨਾਗਰਿਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੇਵਾਵਾਂ ਅਤੇ ਪ੍ਰਾਪਤ ਸ਼ਿਕਾਇਤਾਂ ਅਤੇ ਉਨ੍ਹਾਂ ਦੇ ਹੱਲ ਬਾਰੇ ਜਾਣਕਾਰੀ ਲਈ। ਉਨ੍ਹਾਂ ਕੈਂਪ ਵਿੱਚ ਪਹੁੰਚੇ ਨਾਗਰਿਕਾਂ ਨਾਲ ਵੀ ਗੱਲਬਾਤ ਕਰਦਿਆਂ ਸਕੀਮਾਂ ਅਤੇ ਸੇਵਾਵਾਂ ਦਾ ਲਾਭ ਲੈਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ।

ਇੱਕੋ ਪਰਿਸਰ ਵਿੱਚ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਵਿਭਾਗਾਂ ਦੀਆਂ ਸੇਵਾਵਾਂ

ਸੇਵਾ ਸੇਤੂ ਕੈਂਪ ਵਿੱਚ ਨਾਗਰਿਕਾਂ ਨੂੰ ਵੱਖ-ਵੱਖ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾਉਣ ਦੀ ਲੋੜ ਨਹੀਂ ਪੈ ਰਹੀ। ਪਰਿਵਾਰ ਪਛਾਣ ਪੱਤਰ, ਰਾਸ਼ਨ ਕਾਰਡ, ਸਮਾਜਿਕ ਸੁਰੱਖਿਆ ਪੈਨਸ਼ਨ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਸਵੈ-ਰੁਜ਼ਗਾਰ ਅਤੇ ਸਟ੍ਰੀਟ ਵੈਂਡਰਾਂ ਲਈ ਕਰਜ਼ੇ, ਖੇਤੀਬਾੜੀ ਅਤੇ ਸਹਾਇਕ ਸੇਵਾਵਾਂ, ਆਯੂਸ਼ ਅਤੇ ਸੂਰਜੀ ਊਰਜਾ ਸਮੇਤ ਵੱਖ-ਵੱਖ ਸਕੀਮਾਂ ਨਾਲ ਸਬੰਧਤ ਸੇਵਾਵਾਂ ਅਤੇ ਮਾਰਗਦਰਸ਼ਨ ਇੱਕੋ ਪਰਿਸਰ ਵਿੱਚ ਉਪਲਬਧ ਕਰਵਾਇਆ ਜਾ ਰਿਹਾ ਹੈ।

ਪਰਿਵਾਰ ਪਛਾਣ ਪੱਤਰ ਵਿੱਚ ਸੋਧ, ਨਵੀਆਂ ਅਰਜ਼ੀਆਂ ਅਤੇ ਰਾਸ਼ਨ ਕਾਰਡ ਨਾਲ ਸਬੰਧਤ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾ ਰਿਹਾ ਹੈ। ਸਮਾਜਿਕ ਸੁਰੱਖਿਆ ਪੈਨਸ਼ਨ ਨਾਲ ਸਬੰਧਤ ਮਾਮਲਿਆਂ ਵਿੱਚ ਵੀ ਲੋੜੀਂਦੀ ਪ੍ਰਕਿਰਿਆ ਪੂਰੀ ਕਰਵਾਈ ਜਾ ਰਹੀ ਹੈ। ਇਸੇ ਤਰ੍ਹਾਂ ਪ੍ਰਧਾਨ ਮੰਤਰੀ ਆਵਾਸ ਯੋਜਨਾ ਅਤੇ ਰੇਹੜੀ-ਫੜ੍ਹੀ ਚਲਾਉਣ ਵਾਲਿਆਂ ਲਈ ਕਰਜ਼ਾ ਸਹੂਲਤਾਂ ਬਾਰੇ ਜਾਣਕਾਰੀ ਅਤੇ ਅਰਜ਼ੀ ਪ੍ਰਕਿਰਿਆ ਵਿੱਚ ਸਹਾਇਤਾ ਦਿੱਤੀ ਜਾ ਰਹੀ ਹੈ।

ਨਾਗਰਿਕਾਂ ਦੀਆਂ ਸਮੱਸਿਆਵਾਂ ਨਿੱਜੀ ਤੌਰ 'ਤੇ ਸੁਣੀਆਂ ਜਾ ਰਹੀਆਂ

ਕੈਂਪ ਦੀ ਵਿਸ਼ੇਸ਼ਤਾ ਇਹ ਹੈ ਕਿ ਹਰੇਕ ਨਾਗਰਿਕ ਦੀ ਸਮੱਸਿਆ ਨੂੰ ਨਿੱਜੀ ਤੌਰ 'ਤੇ ਸੁਣਿਆ ਜਾ ਰਿਹਾ ਹੈ। ਸਮੱਸਿਆ ਦੀ ਪ੍ਰਕਿਰਤੀ ਦੇ ਅਨੁਸਾਰ ਸਬੰਧਤ ਅਧਿਕਾਰੀ ਵੱਲੋਂ ਮੌਕੇ 'ਤੇ ਹੀ ਲੋੜੀਂਦੀ ਕਾਰਵਾਈ ਕੀਤੀ ਜਾ ਰਹੀ ਹੈ। ਜਿਨ੍ਹਾਂ ਕੰਮਾਂ ਦਾ ਹੱਲ ਕੁਝ ਹੀ ਮਿੰਟਾਂ ਵਿੱਚ ਸੰਭਵ ਹੈ, ਉਨ੍ਹਾਂ ਨੂੰ ਤੁਰੰਤ ਪੂਰਾ ਕਰਵਾਇਆ ਜਾ ਰਿਹਾ ਹੈ, ਜਿਸ ਨਾਲ ਨਾਗਰਿਕ ਆਪਣਾ ਕੰਮ ਪੂਰਾ ਹੋਣ ਤੋਂ ਬਾਅਦ ਬਿਨਾਂ ਬੇਲੋੜੀ ਉਡੀਕ ਕੀਤੇ ਵਾਪਸ ਪਰਤ ਰਹੇ ਹਨ।

ਆਯੂਸ਼ ਸਿਹਤ ਕੈਂਪ ਵਿੱਚ ਨਾਗਰਿਕਾਂ ਨੂੰ ਮਿਲ ਰਿਹਾ ਸਿਹਤ ਲਾਭ

ਕੈਂਪ ਵਿੱਚ ਆਯੂਸ਼ ਵਿਭਾਗ ਵੱਲੋਂ ਸਿਹਤ ਜਾਂਚ, ਡਾਕਟਰੀ ਸਲਾਹ ਅਤੇ ਲੋੜੀਂਦੀਆਂ ਦਵਾਈਆਂ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਵੱਡੀ ਗਿਣਤੀ ਵਿੱਚ ਨਾਗਰਿਕ ਆਯੂਸ਼ ਸਿਹਤ ਸੇਵਾਵਾਂ ਦਾ ਲਾਭ ਲੈ ਰਹੇ ਹਨ। ਸਿਹਤ ਸਬੰਧੀ ਜਾਣਕਾਰੀ ਦੇ ਨਾਲ-ਨਾਲ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਤੇ ਆਯੂਸ਼ ਪ੍ਰਣਾਲੀ ਪ੍ਰਤੀ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

ਸੋਰਖੀ ਦੇ ਲਾਲ ਨਰਿੰਦਰ ਬੇਰਵਾਲ ਏਸ਼ੀਅਨ ਗੇਮਜ਼ ਵਿੱਚ ਤਮਗਾ ਜਿੱਤ ਕੇ ਵਤਨ ਪਰਤੇ

ਪੈ.ਗਾਮ-ਏ-ਜਗਤ/ਹਾਂਸੀ
5 ਅਕਤੂਬਰ (ਦਿਨਕਰ ਗਾਵੜੀ)

- ਮੁੰਢਾਲ ਪਹੁੰਚਣ 'ਤੇ ਵਿਧਾਇਕ ਵਿਨੋਦ ਭਯਾਨਾ ਨੇ ਅੰਤਰਰਾਸ਼ਟਰੀ ਖਿਡਾਰੀ ਦਾ ਕੀਤਾ ਨਿੱਘਾ ਸਵਾਗਤ



ਜਾਪਾਨ ਵਿੱਚ ਕਰਵਾਈਆਂ ਗਈਆਂ ਏਸ਼ੀਅਨ ਗੇਮਜ਼ ਵਿੱਚ ਹਾਂਸੀ ਖੇਤਰ ਦੇ ਪਿੰਡ ਸੋਰਖੀ ਦੇ ਅੰਤਰਰਾਸ਼ਟਰੀ ਮੁੱਕੇਬਾਜ਼ੀ ਖਿਡਾਰੀ ਨਰਿੰਦਰ ਬੇਰਵਾਲ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਮਗਾ ਹਾਸਲ ਕਰਕੇ ਖੇਤਰ, ਹਰਿਆਣਾ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਏਸ਼ੀਅਨ ਗੇਮਜ਼ ਵਿੱਚ ਕਾਂਸੀ ਦਾ ਤਮਗਾ ਜਿੱਤ ਕੇ ਵਤਨ ਪਰਤੇ ਨਰਿੰਦਰ ਬੇਰਵਾਲ ਦਾ ਮੁੰਢਾਲ ਪਹੁੰਚਣ 'ਤੇ ਵਿਧਾਇਕ ਵਿਨੋਦ ਭਯਾਨਾ ਨੇ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਦੀ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।


ਵਿਧਾਇਕ ਵਿਨੋਦ ਭਯਾਨਾ ਨੇ ਕਿਹਾ ਕਿ ਨਰਿੰਦਰ ਬੇਰਵਾਲ ਦੀ ਇਹ ਪ੍ਰਾਪਤੀ ਪੂਰੇ ਹਾਂਸੀ ਖੇਤਰ ਲਈ ਮਾਣ ਵਾਲੀ ਗੱਲ ਹੈ। ਪਿੰਡ ਸੋਰਖੀ ਦੇ ਇਸ ਨੌਜਵਾਨ ਖਿਡਾਰੀ ਨੇ ਆਪਣੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਪ੍ਰਤਿਭਾ ਦੇ ਦਮ 'ਤੇ ਅੰਤਰਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਮਗਾ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਨਰਿੰਦਰ ਬੇਰਵਾਲ ਨੇ ਨਾ ਸਿਰਫ਼ ਆਪਣੇ ਪਿੰਡ ਅਤੇ ਹਾਂਸੀ ਖੇਤਰ ਦਾ ਮਾਣ ਵਧਾਇਆ ਹੈ, ਸਗੋਂ ਹਰਿਆਣਾ ਅਤੇ ਭਾਰਤ ਦਾ ਨਾਮ ਵੀ ਅੰਤਰਰਾਸ਼ਟਰੀ ਖੇਡ ਮੰਚ 'ਤੇ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਦੇ ਖੇਤਰ ਵਿੱਚ ਸਫਲਤਾ ਹਾਸਲ ਕਰਨ ਲਈ ਪ੍ਰਤਿਭਾ ਦੇ ਨਾਲ-ਨਾਲ ਨਿਰੰਤਰ ਅਭਿਆਸ, ਸਖ਼ਤ ਮਿਹਨਤ ਅਤੇ ਮਜ਼ਬੂਤ ਇੱਛਾ-ਸ਼ਕਤੀ ਦੀ ਲੋੜ ਹੁੰਦੀ ਹੈ। ਨਰਿੰਦਰ ਬੇਰਵਾਲ ਨੇ ਇਨ੍ਹਾਂ ਸਾਰੇ ਗੁਣਾਂ ਦਾ ਪ੍ਰਦਰਸ਼ਨ ਕਰਦਿਆਂ ਦੇਸ਼ ਲਈ ਤਮਗਾ ਜਿੱਤ ਕੇ ਨੌਜਵਾਨਾਂ ਸਾਹਮਣੇ ਪ੍ਰੇਰਨਾਦਾਇਕ ਉਦਾਹਰਨ ਪੇਸ਼ ਕੀਤੀ ਹੈ। ਉਨ੍ਹਾਂ ਦੀ ਸਫਲਤਾ ਨਾਲ ਖੇਤਰ ਦੇ ਹੋਰ ਨੌਜਵਾਨ ਖਿਡਾਰੀਆਂ ਨੂੰ ਵੀ ਖੇਡਾਂ ਵਿੱਚ ਅੱਗੇ ਵਧਣ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਦੀ ਨੁਮਾਇੰਦਗੀ ਕਰਨ ਦੀ ਪ੍ਰੇਰਨਾ ਮਿਲੇਗੀ।

ਵਿਧਾਇਕ ਨੇ ਕਿਹਾ ਕਿ ਹਰਿਆਣਾ ਦੀ ਖੇਡ ਨੀਤੀ ਅਤੇ ਖਿਡਾਰੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਨਾਲ ਸੂਬੇ ਦੀਆਂ ਖੇਡ ਪ੍ਰਤਿਭਾਵਾਂ ਨੂੰ ਅੱਗੇ ਵਧਣ ਦਾ ਮੌਕਾ ਮਿਲ ਰਿਹਾ ਹੈ। ਸੂਬੇ ਦੇ ਖਿਡਾਰੀ ਨਾ ਸਿਰਫ਼ ਕੌਮੀ, ਸਗੋਂ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਵੀ ਲਗਾਤਾਰ ਤਮਗੇ ਜਿੱਤ ਕੇ ਦੇਸ਼ ਦਾ ਮਾਣ ਵਧਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖਿਡਾਰੀਆਂ ਨੂੰ ਬਿਹਤਰ ਸਿਖਲਾਈ, ਖੇਡ ਸਹੂਲਤਾਂ ਅਤੇ ਉਤਸ਼ਾਹ ਪ੍ਰਦਾਨ ਕਰਨ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ, ਜਿਸ ਦੇ ਸਕਾਰਾਤਮਕ ਨਤੀਜੇ ਖੇਡ ਪ੍ਰਾਪਤੀਆਂ ਦੇ ਰੂਪ ਵਿੱਚ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ। ਲੋੜ ਸਿਰਫ਼ ਇਨ੍ਹਾਂ ਪ੍ਰਤਿਭਾਵਾਂ ਨੂੰ ਢੁਕਵਾਂ ਮੰਚ, ਸਿਖਲਾਈ ਅਤੇ ਉਤਸ਼ਾਹ ਦੇਣ ਦੀ ਹੈ। ਨਰਿੰਦਰ ਬੇਰਵਾਲ ਦੀ ਸਫਲਤਾ ਇਹ ਸਾਬਤ ਕਰਦੀ ਹੈ ਕਿ ਪਿੰਡਾਂ ਦੀ ਮਿੱਟੀ ਵਿੱਚ ਪਲੀਆਂ-ਵਧੀਆਂ ਪ੍ਰਤਿਭਾਵਾਂ ਵੀ ਵਿਸ਼ਵ ਪੱਧਰੀ ਖੇਡ ਮੰਚ 'ਤੇ ਆਪਣੀ ਪਛਾਣ ਬਣਾ ਸਕਦੀਆਂ ਹਨ। ਵਿਧਾਇਕ ਵਿਨੋਦ ਭਯਾਨਾ ਨੇ ਨਰਿੰਦਰ ਬੇਰਵਾਲ ਦੇ ਪਰਿਵਾਰ, ਕੋਚਾਂ ਅਤੇ ਸਹਿਯੋਗੀਆਂ ਨੂੰ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਖਿਡਾਰੀ ਦੀ ਸਫਲਤਾ ਪਿੱਛੇ ਉਸ ਦੇ ਪਰਿਵਾਰ ਅਤੇ ਕੋਚਾਂ ਦੀ ਮਿਹਨਤ ਅਤੇ ਸਹਿਯੋਗ ਦੀ ਅਹਿਮ ਭੂਮਿਕਾ ਹੁੰਦੀ ਹੈ। ਉਨ੍ਹਾਂ ਉਮੀਦ ਜਤਾਈ ਕਿ ਨਰਿੰਦਰ ਬੇਰਵਾਲ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੇਸ਼ ਲਈ ਹੋਰ ਤਮਗੇ ਜਿੱਤਣਗੇ।

ਇਸ ਮੌਕੇ ਹਜ਼ਾਰਾਂ ਲੋਕਾਂ ਅਤੇ ਖੇਡ ਪ੍ਰੇਮੀਆਂ ਨੇ ਵੀ ਨਰਿੰਦਰ ਬੇਰਵਾਲ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਦੀ ਪ੍ਰਾਪਤੀ 'ਤੇ ਖ਼ੁਸ਼ੀ ਜ਼ਾਹਰ ਕੀਤੀ। ਤਮਗਾ ਜੇਤੂ ਖਿਡਾਰੀ ਦੇ ਸਨਮਾਨ ਵਿੱਚ ਲੋਕਾਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਪਿੰਡ ਵਾਸੀਆਂ ਨੇ ਕਿਹਾ ਕਿ ਨਰਿੰਦਰ ਦੀ ਪ੍ਰਾਪਤੀ ਨੇ ਪਿੰਡ ਸੋਰਖੀ ਸਮੇਤ ਪੂਰੇ ਹਾਂਸੀ ਖੇਤਰ ਦਾ ਮਾਣ ਵਧਾਇਆ ਹੈ ਅਤੇ ਇਹ ਆਉਣ ਵਾਲੀ ਪੀੜ੍ਹੀ ਦੇ ਖਿਡਾਰੀਆਂ ਲਈ ਪ੍ਰੇਰਣਾ ਦਾ ਸਰੋਤ ਬਣੇਗੀ। ਇਸ ਮੌਕੇ ਖੇਤਰ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਰਹੀਆਂ।

ਵੈਟਨਰੀ ਯੂਨੀਵਰਸਿਟੀ ਵੱਲੋਂ 'ਨਸ਼ਾ ਮੁਕਤੀ ਸਿਹਤ ਯਾਤਰਾ' ਦਾ ਆਯੋਜਨ

ਲੁਧਿਆਣਾ 05 ਅਕਤੂਬਰ
(ਪੈ.ਗਾਮ-ਏ-ਜਗਤ)



ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਨੇ ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ- 100 ਐਤਵਾਰ ਸੰਕਲਪ ਅਭਿਆਨ ਤਹਿਤ ਇੱਕ 'ਨਸ਼ਾ ਮੁਕਤੀ ਸਿਹਤ ਪੈਦਲ ਯਾਤਰਾ' ਦਾ ਆਯੋਜਨ ਕੀਤਾ। ਇਹ ਉਪਰਾਲਾ 'ਫੈਡਰੇਸ਼ਨ ਆਫ਼ ਇੰਡੀਅਨ ਚੈਂਬਰਜ਼ ਆਫ਼ ਕਾਮਰਸ ਐਂਡ ਇੰਡਸਟਰੀ' ਦੇ ਸੱਦੇ 'ਤੇ, 'ਮਾਈ ਭਾਰਤ' ਅਤੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਸਹਿਯੋਗ ਨਾਲ, ਨੌਜਵਾਨਾਂ ਨੂੰ ਇੱਕ ਸਿਹਤਮੰਦ, ਸਰਗਰਮ ਅਤੇ ਨਸ਼ਾ-ਮੁਕਤ ਭਾਰਤ ਲਈ ਲਾਮਬੰਦ ਕਰਨ ਦੇ ਉਦੇਸ਼ ਨਾਲ ਕੀਤਾ ਗਿਆ ਸੀ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਕਿਹਾ ਕਿ ਵਿਦਿਆਰਥੀਆਂ ਦੀ ਸਰੀਰਕ, ਮਾਨਸਿਕ ਅਤੇ ਵਿੱਦਿਅਕ ਭਲਾਈ ਲਈ ਨਸ਼ਾ-ਮੁਕਤ ਕੈਂਪਸ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਅਤੇ ਸਿਹਤਮੰਦ ਤੇ ਨਸ਼ਾ-ਮੁਕਤ ਭਾਰਤ ਦੇ ਸਰਗਰਮ ਰਾਜਦੂਤ ਬਣ ਕੇ 'ਵਿਕਸਿਤ ਭਾਰਤ' ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਜਾਗਰੂਕਤਾ ਪੈਦਲ ਯਾਤਰਾ ਵਿੱਚ ਵਿਦਿਆਰਥੀਆਂ ਸਮੇਤ ਲਗਭਗ 130 ਪ੍ਰਤੀਭਾਗੀਆ ਨੇ ਹਿੱਸਾ ਲਿਆ, ਜਿਸ ਦੀ ਸ਼ੁਰੂਆਤ ਕਾਲਜ ਆਫ਼ ਵੈਟਨਰੀ ਸਾਇੰਸ ਵਿਖੇ ਸਥਿਤ '1 ਪੰਜਾਬ ਰੀਮਾਊਂਟ ਐਂਡ ਵੈਟਨਰੀ ਸਕੁਐਡਰਨ ਐਨ ਸੀ ਸੀ ਯੂਨਿਟ' ਤੋਂ ਹੋਈ। ਯੂਨੀਵਰਸਿਟੀ ਕੈਂਪਸ ਵਿੱਚੋਂ ਲੰਘਦਿਆਂ ਪ੍ਰਤੀਭਾਗੀਆ ਨੇ ਨਸ਼ਾ-ਮੁਕਤ ਸਮਾਜ ਦਾ ਸੰਦੇਸ਼ ਦਿੱਤਾ ਅਤੇ ਆਪਣੇ ਸਾਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਿਤ ਕੀਤਾ। ਮੁੱਖ ਹੋਸਟਲ ਵਾਰਡਨ ਡਾ. ਨਿਤਿਨ ਦੇਵ ਸਿੰਘ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ ਅਤੇ ਨਸ਼ੇ ਦੀ ਲਤ ਨੂੰ ਰੋਕਣ ਵਿੱਚ ਸਰੀਰਕ ਤੰਦਰੁਸਤੀ, ਮਾਨਸਿਕ ਸਿਹਤ ਅਤੇ ਸਮੂਹਿਕ ਉਪਰਾਲਿਆਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਸ ਪ੍ਰੋਗਰਾਮ ਦਾ ਸੰਯੋਜਨ 'ਨਸ਼ਾ-ਮੁਕਤ ਯੂਨੀਵਰਸਿਟੀ ਕੈਂਪਸ ਲਈ ਨਸ਼ਾ-ਵਿਰੋਧੀ ਕਮੇਟੀ' ਦੇ ਸਿਰਮੌਰ ਅਧਿਕਾਰੀ ਡਾ. ਹਰਕੀਰਤ ਸਿੰਘ ਵੱਲੋਂ ਕੀਤਾ ਗਿਆ, ਜਿਨ੍ਹਾਂ ਨੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਨਿਰੰਤਰ ਜਾਗਰੂਕਤਾ, ਰੋਕਥਾਮ ਅਤੇ ਸਰਗਰਮ ਭਾਈਚਾਰਕ ਭਾਗੀਦਾਰੀ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦੁਹਰਾਇਆ। ਡਾ. ਜਸਪਾਲ ਸਿੰਘ ਹੁੰਦਲ, ਵਿਦਿਆਰਥੀ ਭਲਾਈ ਨਿਰਦੇਸ਼ਕ ਨੇ ਵਿਦਿਆਰਥੀਆਂ ਦੀ ਉਤਸ਼ਾਹਜਨਕ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀ ਭਲਾਈ ਦੇ ਡਾਇਰੈਕਟਰ ਡਾ. ਜਸਪਾਲ ਸਿੰਘ ਹੁੰਦਲ ਨੇ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਸ਼ਮੂਲੀਅਤ ਦੀ ਸ਼ਲਾਘਾ ਕੀਤੀ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਇੱਕ ਸਿਹਤਮੰਦ ਅਤੇ ਮਜ਼ਬੂਤ ਸਮਾਜ ਦੀ ਸਿਰਜਣਾ ਲਈ ਯੂਨੀਵਰਸਿਟੀ ਭਾਈਚਾਰੇ ਦੇ ਸਮੂਹਿਕ ਸੰਕਲਪ ਨੂੰ ਦਰਸਾਉਂਦੀ ਹੈ।

ਖੇਡਾਂ ਵਤਨ ਪੰਜਾਬ ਦੀਆਂ ਜ਼ਿਲ੍ਹਾ ਪੱਧਰੀ ਮੁਕਾਬਲੇ ਸੰਪੰਨ

ਸੰਗਰੂਰ, 05 ਅਕਤੂਬਰ
(ਪੈ.ਗਾਮ-ਏ-ਜਗਤ)



ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਸ਼ਾਨੋ-ਸ਼ੌਕਤ ਨਾਲ ਅੱਜ ਖਤਮ ਹੋ ਗਈਆਂ ਹਨ ਅਤੇ ਜ਼ਿਲ੍ਹਾ ਪੱਧਰੀ ਖੇਡਾਂ ਦੀ ਸਮਾਪਤੀ ਉਪਰੰਤ ਰਾਜ ਪੱਧਰੀ ਖੇਡਾਂ ਦੇ ਮੁਕਾਬਲੇ 3 ਪੜਾਵਾਂ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਰਵਾਏ ਜਾਣਗੇ। ਜ਼ਿਲ੍ਹਾ ਪੱਧਰੀ ਖੇਡਾਂ ਦੇ ਅੱਜ ਸੱਤਵੇਂ ਦਿਨ ਰਾਜਬੀਰ ਸਿੰਘ ਭੰਗੂ ਅਸਿਸਟੈਂਟ ਕਮਿਸ਼ਨਰ (ਜਨਰਲ) ਅਤੇ ਸਤੀਸ਼ ਚੰਦਰ ਉਪ ਮੰਡਲ ਮੈਜਿਸਟ੍ਰੇਟ ਸੰਗਰੂਰ ਵਿਸ਼ੇਸ਼ ਤੌਰ 'ਤੇ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਪਹੁੰਚੇ ਅਤੇ ਜੇਤੂ ਖਿਡਾਰੀਆਂ ਨੂੰ ਮੈਡਲ ਪ੍ਰਦਾਨ ਕੀਤ ਗਏ। ਉਨ੍ਹਾਂ ਵੱਲੋਂ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਅੱਗੇ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਅੱਜ ਗੇਮ ਕਬੱਡੀ ਸਰਕਲ ਸਟਾਇਲ (ਅੰ: 17) ਲੜਕੇ ਦੇ ਹੋਏ ਮੁਕਾਬਲਿਆਂ ਦੌਰਾਨ ਲਹਿਰਾਗਾਗਾ ਏ ਦੀ ਟੀਮ ਨੇ ਪਹਿਲਾ, ਭਵਾਨੀਗੜ੍ਹ ਬੀ ਦੀ ਟੀਮ ਨੇ ਦੂਸਰਾ ਅਤੇ ਸੰਗਰੂਰ ਬੀ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਗੇਮ ਬਾਸਕਿਟਬਾਲ ਅੰ: 14 (ਲੜਕੇ) ਦੇ ਹੋਏ ਮੁਕਾਬਲੇ ਦੌਰਾਨ ਵਾਰ ਹੀਰੋਜ਼ ਸਟੇਡੀਅਮ ਦੀ ਟੀਮ ਨੇ ਪਹਿਲਾ, ਪਿੰਡ ਦਿੜ੍ਹਬਾ ਦੀ ਟੀਮ ਨੇ ਦੂਸਰਾ, ਪਿੰਡ ਭੁਟਾਲ ਕਲਾਂ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਗੇਮ ਬਾਸਕਿਟਬਾਲ ਅੰ:17 (ਲੜਕੇ) ਦੇ ਹੋਏ ਮੁਕਾਬਲੇ ਦੌਰਾਨ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਦੀ ਟੀਮ ਨੇ ਪਹਿਲਾ ਅਤੇ ਪਿੰਡ ਭੁਟਾਲ ਕਲਾਂ ਦੀ ਟੀਮ ਨੇ ਦੂਸਰਾ ਅਤੇ ਪਿੰਡ ਨਾਗਰਾ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਸ.ਫ਼ਾ 1 ਦਾ ਬਾਕੀ...

ਬੰਗਾ 'ਚ ਸਵਾਰੀਆਂ...

ਮਿਲਦਿਆਂ ਹੀ ਸਥਾਨਕ ਥਾਣੇ ਦੀ ਪੁਲੀਸ ਰਾਹਗੀਰਾਂ ਦੇ ਸਹਿਯੋਗ ਨਾਲ ਰਾਹਤ ਕਾਰਜਾਂ 'ਚ ਜੁਟ ਗਈ ਸੀ। ਇਸ ਬੱਸ 'ਚ ਲਵਲੀ ਯੂਨੀਵਰਸਿਟੀ ਦੇ ਕੁਝ ਵਿਦਿਆਰਥੀ ਵੀ ਸਵਾਰ ਸਨ। ਹਾਦਸੇ 'ਚ ਬੱਸ ਵੀ ਬੁਰੀ ਤਰ੍ਹਾਂ ਚਕਨਾਚੂਰ ਹੋ ਗਈ।

ਭਗਵੰਤ ਮਾਨ ਕੈਬਨਿਟ...

ਇਹ ਅਸਾਮੀਆਂ ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ ਦੇ ਕੰਟਰੋਲ ਹੇਠ ਰੈਗੂਲਰ ਆਧਾਰ 'ਤੇ ਕੰਮ ਕਰ ਰਹੀਆਂ ਅਜਿਹੀਆਂ ਸਟਾਫ ਨਰਸਾਂ ਅਤੇ ਨਰਸਿੰਗ ਸਿਸਟਰਾਂ ਵਿੱਚੋਂ ਭਰੀਆਂ ਜਾਣਗੀਆਂ, ਜਿਨ ਾਂ ਨੇ ਸਬੰਧਤ ਖੇਤਰ ਵਿੱਚ ਐਮ.ਐਸ.ਸੀ. (ਨਰਸਿੰਗ) ਕੀਤੀ ਹੋਵੇਗੀ। ਨਰਸਿੰਗ ਸਿੱਖਿਆ ਵਿੱਚ ਇੱਕ ਸਾਲ ਦਾ ਅਧਿਆਪਨ ਤਜਰਬਾ ਰੱਖਣ ਵਾਲੇ ਉਮੀਦਵਾਰਾਂ ਨੂੰ ਪਹਿਲ ਦਿੱਤੀ ਜਾਵੇਗੀ।

ਕੈਬਨਿਟ ਨੇ 'ਪੰਜਾਬ ਇਨਫਰਮੇਸ਼ਨ ਐਂਡ ਕਮਿਊਨੀਕੇਸ਼ਨ ਟੈਕਨਾਲੋਜੀ ਐਜੂਕੇਸ਼ਨ ਸੁਸਾਇਟੀ' (ਪਿਕਟਸ) ਅਧੀਨ ਕੰਟਰੈਕਟ 'ਤੇ ਕੰਮ ਕਰਦੇ ਨਾਨ-ਟੀਚਿੰਗ ਸਟਾਫ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਲਈ ਵੀ ਆਪਣੀ ਸਹਿਮਤੀ ਦੇ ਦਿੱਤੀ ਹੈ। ਰੈਗੂਲਰ ਕੀਤੇ ਜਾਣ ਵਾਲੇ ਕਰਮਚਾਰੀਆਂ ਨੂੰ ਪਿਕਟਸ ਅਧੀਨ ਨਿਰਧਾਰਤ ਤਨਖਾਹ ਸਕੇਲ ਵਿੱਚ ਸੇਵਾਵਾਂ ਰੈਗੂਲਰ ਕਰਨ ਦਾ ਲਾਭ ਦਿੱਤਾ ਜਾਵੇਗਾ।

'ਜੇ ਚੋਣ ਕਮਿਸ਼ਨ...

ਵਿੱਚ ਕਿਹਾ ਕਿ ਸੁਪਰੀਮ ਕੋਰਟ ਨੇ ਫਾਰਮ-6 ਦੇ ਕਿਸੇ ਵੀ ਸੋਧੇ ਹੋਏ ਰੂਪ ਨੂੰ ਮਨਜ਼ੂਰੀ ਨਹੀਂ ਦਿੱਤੀ। ਉਨ੍ਹਾਂ ਕਿਹਾ ਕਿ ਜਦੋਂ ਇਸ ਮਾਮਲੇ ਦਾ ਰਿਕਾਰਡ ਅਦਾਲਤ ਸਾਹਮਣੇ ਪੇਸ਼ ਕੀਤਾ ਜਾਵੇਗਾ ਤਾਂ ਇਹ ਵੀ ਦੇਖਿਆ ਜਾਵੇਗਾ ਕਿ ਫਾਰਮ ਵਿੱਚ ਤਬਦੀਲੀ ਕਿਸ ਨੇ ਕੀਤੀ ਸੀ। ਇਹ ਮਾਮਲਾ ਇਸ ਲਈ ਅਹਿਮ ਬਣ ਗਿਆ ਹੈ ਕਿਉਂਕਿ ਚੋਣ ਕਮਿਸ਼ਨ ਨੇ 26 ਸਤੰਬਰ ਨੂੰ ਜਾਰੀ ਕੀਤੇ ਆਪਣੇ ਬਿਆਨ ਵਿੱਚ ਕਿਹਾ ਸੀ ਕਿ ਐੱਸਆਈਆਰ ਦੌਰਾਨ ਫਾਰਮ-6 ਨਾਲ ਲਾਇਆ ਗਿਆ ਡੈਕਲਾਰੇਸ਼ਨ ਸੁਪਰੀਮ ਕੋਰਟ ਵੱਲੋਂ ਮਨਜ਼ੂਰ ਕੀਤਾ ਗਿਆ ਹੈ। ਚੋਣ ਕਮਿਸ਼ਨ ਨੇ ਇਹ ਵੀ ਕਿਹਾ ਸੀ ਕਿ ਐੱਸਆਈਆਰ ਦਾ ਸਮਾਂ ਖ਼ਤਮ ਹੋਣ ਤੋਂ ਬਾਅਦ ਵੋਟਰ ਰਜਿਸਟ੍ਰੇਸ਼ਨ ਲਈ 1960 ਦੇ ਨਿਯਮਾਂ ਤਹਿਤ ਨਿਰਧਾਰਤ ਫਾਰਮ ਹੀ ਵਰਤੇ ਜਾਣਗੇ।

ਹਾਈ ਕੋਰਟ ਵੱਲੋਂ...

ਜੋ ਇਸ ਮਾਮਲੇ ਵਿੱਚ ਐੱਫ.ਆਈ.ਆਰ. ਦਰਜ ਕਰਕੇ ਤੁਰੰਤ ਜਾਂਚ ਸ਼ੁਰੂ ਕਰੇਗੀ। ਬੈਂਚ ਨੇ ਇਸ ਮਾਮਲੇ ਦੀ ਜਾਂਚ ਰਿਪੋਰਟ ਦੋ ਮਹੀਨਿਆਂ ਦੇ ਅੰਦਰ ਦੇਣ ਲਈ ਕਿਹਾ ਹੈ। ਬੈਂਚ ਨੇ ਨਿਰਪੱਖ ਜਾਂਚ ਲਈ ਪੰਜਾਬ ਪੁਲੀਸ ਨੂੰ ਸੀ.ਬੀ.ਆਈ. ਨਾਲ ਪੂਰਾ ਸਹਿਯੋਗ ਕਰਨ ਲਈ ਵੀ ਕਿਹਾ ਹੈ। ਪਟੀਸ਼ਨ ਵਿੱਚ ਕਿਹਾ ਗਿਆ ਸੀ ਕਿ ਈ.ਡੀ. ਵੱਲੋਂ ਡੀ.ਜੀ.ਪੀ. ਨੂੰ ਪੱਤਰ ਲਿਖਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਹੋਈ ਹੈ।

ਪਰਗਟ ਸਿੰਘ ਵੱਲੋਂ...

ਪਰਗਟ ਸਿੰਘ ਨੂੰ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਥਾਂ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਇਆ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਤੋਂ ਬਾਅਦ ਹੁਣ ਪਾਰਟੀ ਵੱਲੋਂ ਸੂਬੇ ਵਿੱਚ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਤਿਆਰੀਆਂ 'ਤੇ ਧਿਆਨ ਦਿੱਤਾ ਜਾ ਰਿਹਾ ਹੈ।

ਅਪਰਾਧੀਆਂ ਦੇ ਮਨਾਂ...

ਤਿੰਨ ਘਟਨਾਵਾਂ—ਖਾਸ ਤੌਰ 'ਤੇ ਗ੍ਰੇਟਰ ਨੋਇਡਾ-ਦਿੱਲੀ ਬੱਸ, ਆਸਥਾ ਕੁੰਜ ਪਾਰਕ ਅਤੇ ਸਵਰੂਪ ਨਗਰ ਨਾਲ ਸਬੰਧਤ ਮਾਮਲਿਆਂ—ਦਾ ਖ਼ੁਦ ਨੋਟਿਸ ਲਿਆ ਸੀ। ਇਸ ਮਾਮਲੇ ਦੀ ਪਹਿਲੀ ਸੁਣਵਾਈ 28 ਸਤੰਬਰ ਨੂੰ ਹੋਈ ਸੀ।

ਸ਼ੇਅਰ ਬਾਜ਼ਾਰ ਦੀ...

ਏਸ਼ੀਆਈ ਬਾਜ਼ਾਰਾਂ 'ਚ ਜਾਪਾਨ ਦਾ 'ਨਿੱਕੇਈ 225' ਦੋ ਫ਼ੀਸਦੀ ਤੋਂ ਵੱਧ ਚੜ੍ਹਿਆ, ਜਦਕਿ 'ਹੈਂਗ ਸੈਂਗ' 'ਚ ਮਾਮੂਲੀ ਗਿਰਾਵਟ ਆਈ। ਉੱਥੇ ਹੀ ਅਮਰੀਕੀ ਬਾਜ਼ਾਰ ਸ਼ੁੱਕਰਵਾਰ ਨੂੰ ਵਾਧੇ ਨਾਲ ਬੰਦ ਹੋਏ ਸਨ। ਜ਼ਿਕਰਯੋਗ ਹੈ ਕਿ ਵੀਰਵਾਰ ਨੂੰ ਸੈਂਸੈਕਸ 570.59 ਅੰਕ ਅਤੇ ਨਿਫ਼ਟੀ 198.50 ਅੰਕ ਡਿੱਗ ਕੇ ਬੰਦ ਹੋਏ ਸਨ, ਜਦਕਿ ਮਹਾਤਮਾ ਗਾਂਧੀ ਦੇ ਜਨਮ ਦਿਹਾੜੇ (ਗਾਂਧੀ ਜਯੰਤੀ) ਦੇ ਸਬੱਬ ਸ਼ੁੱਕਰਵਾਰ ਨੂੰ ਸ਼ੇਅਰ ਬਾਜ਼ਾਰ ਬੰਦ ਰਹੇ ਸਨ।

ਰੌਸ਼ਨੀ ਨਾਲ ਦਿਮਾਗ...

ਕਣ ਸੈੱਲ ਦੇ ਅੰਦਰ ਦਾਖਲ ਹੋ ਸਕਦੇ ਸਨ ਅਤੇ ਇੱਕ ਬਿਜਲੀ ਸੰਕੇਤ ਪੈਦਾ ਕਰ ਸਕਦੇ ਸਨ।

ਇਸ ਤੋਂ ਬਾਅਦ, ਅਮਰੀਕੀ ਵਿਗਿਆਨੀ ਕਾਰਲ ਡੀਸਰੋਥ ਨੇ ਨਿਊਰੋਨਸ ਵਿੱਚ ਚੈਨਲਰੋਡੋਪਸਿਨ ਪੈਦਾ ਕਰਨ ਲਈ ਜ਼ਿੰਮੇਵਾਰ ਜੀਨ ਨੂੰ ਦਾਖਲ ਕਰਕੇ ਇਸ ਵਿਧੀ ਨੂੰ ਦਿਮਾਗ ਦੇ ਸੈੱਲਾਂ 'ਤੇ ਲਾਗੂ ਕੀਤਾ। ਇਸ ਨਾਲ ਨੀਲੀ ਰੌਸ਼ਨੀ ਦੀ ਵਰਤੋਂ ਕਰਕੇ ਇਨ੍ਹਾਂ ਸੈੱਲਾਂ ਨੂੰ ਸਰਗਰਮ ਕਰਨਾ ਸੰਭਵ ਹੋ ਗਿਆ। ਡੀਸਰੋਥ ਨੇ 2005 ਵਿੱਚ ਆਪਣੀਆਂ ਖੋਜਾਂ ਪ੍ਰਕਾਸ਼ਿਤ ਕੀਤੀਆਂ। 2007 ਵਿੱਚ, ਉਨ੍ਹਾਂ ਨੇ ਜਿਉਂਦੇ ਚੂਹਿਆਂ ਦੇ ਦਿਮਾਗ ਵਿੱਚ ਇਸ ਤਕਨੀਕ ਦੀ ਪ੍ਰਭਾਵਸ਼ੀਲਤਾ ਦਾ ਪ੍ਰਦਰਸ਼ਨ ਕੀਤਾ। ਇਸ ਨੇ ਆਪਟੋਜੈਨੇਟਿਕਸ ਲਈ ਰਾਹ ਪੱਧਰਾ ਕੀਤਾ, ਇੱਕ ਅਜਿਹੀ ਤਕਨੀਕ ਜੋ ਰੌਸ਼ਨੀ ਦੀ ਵਰ ਨਤੀਜੇ ਵਜੋਂ, ਦਿਮਾਗ ਦੇ ਕੰਮ-ਕਾਜ ਨੂੰ ਪਹਿਲਾਂ ਨਾਲੋਂ ਕਿਤੇ ਵਧੇਰੇ ਵਿਸਥਾਰ ਨਾਲ ਸਮਝਣਾ ਸੰਭਵ ਹੋ ਗਿਆ।

ਸ੍ਰੀ ਹੇਮਕੁੰਟ ਸਾਹਿਬ...

ਇਸ ਪ੍ਰੋਗਰਾਮ ਦੀ ਪੁਸ਼ਟੀ ਕਰਦਿਆਂ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰਸਟ ਦੇ ਸੀ ਈ ਓ ਭਾਈ ਸੇਵਾ ਸਿੰਘ ਨੇ ਦੱਸਿਆ ਕਿ ਭਾਰਤੀ ਫ਼ੌਜ ਦੀ 418 ਇੰਡੀਪੈਂਡੈਂਟ ਰੈਜੀਮੈਂਟ ਦੇ ਸਿੱਖ ਲਾਈਟ ਬੈਂਡ ਵੱਲੋਂ ਸਮਾਪਤੀ ਸਮਾਗਮ ਸਮੇਂ ਸ਼ਬਦੀ ਧੁਨਾਂ ਦਾ ਗਾਇਨ ਕੀਤਾ ਜਾਵੇਗਾ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਪਾਵਨ ਸਰੂਪ ਨੂੰ ਪ੍ਰਕਾਸ਼ ਅਸਥਾਨ ਤੋਂ ਸੀਤਕਾਲ ਵਾਸਤੇ ਸੁਖਆਸਨ ਅਸਥਾਨ 'ਤੇ ਲਿਜਾਇਆ ਜਾਵੇਗਾ।

ਉੱਥੇ ਹੀ ਸਮਾਪਤੀ ਸਮਾਗਮ ਦੀਆਂ ਤਿਆਰੀਆਂ ਵਾਸਤੇ ਟਰਸਟ ਦੇ ਮੁਖੀ ਨਰਿੰਦਰਜੀਤ ਸਿੰਘ ਬਿੰਦਰਾ ਵੀ ਗੁਰਦੁਆਰਾ ਗੋਬਿੰਦ ਘਾਟ ਪੁੱਜ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੇ ਸਾਲਾਨਾ ਸਮਾਪਤੀ ਸਮਾਗਮ ਦੀਆਂ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ। ਉਨ੍ਹਾਂ ਉਮੀਦ ਪ੍ਰਗਟਾਈ ਹੈ ਕਿ ਯਾਤਰਾ ਦੀ ਸਮਾਪਤੀ ਤੱਕ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਇਸ ਵਾਰ ਪੌਣੇ ਚਾਰ ਲੱਖ ਤੋਂ ਵੱਧ ਜਾਵੇਗੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਹੈ ਕਿ ਸਮਾਪਤੀ ਤੋਂ ਪਹਿਲਾਂ ਸੰਗਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਕਰਨ ਲਈ ਪ੍ਰੋਗਰਾਮ ਬਣਾ ਸਕਦੀ ਹੈ।

ਭਾਜਪਾ ਨੇ ਯੂਪੀ...ਭਾਜਪਾ ਨੇ ਯੂਪੀ

ਉੱਤਰ ਪ੍ਰਦੇਸ਼ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤੀਆਂ ਗਈਆਂ ਹਨ। ਉੱਤਰ ਪ੍ਰਦੇਸ਼ ਲਈ ਭਾਜਪਾ ਦੀ ਸੂਚੀ ਵਿੱਚ ਧਰਮਪਾਲ ਸਿੰਘ ਸ਼ਾਮਲ ਹਨ, ਜੋ ਪ੍ਰਭਾਵਸ਼ਾਲੀ ਲੋਧੀ ਭਾਈਚਾਰੇ ਨਾਲ ਸਬੰਧਤ ਹਨ ਅਤੇ ਉਨ੍ਹਾਂ ਨੂੰ ਇਸੇ ਭਾਈਚਾਰੇ ਨਾਲ ਸਬੰਧਤ ਅਤੇ ਸੇਵਾਮੁਕਤ ਹੋ ਰਹੇ ਰਾਜ ਸਭਾ ਮੈਂਬਰ ਬੀ ਐੱਲ ਸ਼ਰਮਾ ਦੀ ਥਾਂ 'ਤੇ ਲਿਆਂਦਾ ਗਿਆ ਹੈ। ਇਸ ਸੂਚੀ ਵਿੱਚ ਦੋ ਬ੍ਰਾਹਮਣ ਆਗੂ ਅਤੇ ਦੋ ਦਲਿਤ ਚਿਹਰੇ ਵੀ ਸ਼ਾਮਲ ਹਨ, ਜੋ ਉਮੀਦਵਾਰਾਂ ਦੀ ਚੋਣ ਵੇਲੇ ਧਿਆਨ ਵਿੱਚ ਰੱਖੀ ਗਈ ਸਮਾਜਿਕ ਨੁਮਾਇੰਦਗੀ ਨੂੰ ਦਰਸਾਉਂਦੇ ਹਨ। ਭਾਜਪਾ ਦੇ ਇੱਕ ਸੀਨੀਅਰ ਆਗੂ ਨੇ ਕਿਹਾ, ਸਾਰਾ ਧਿਆਨ ਸੂਬੇ ਦੀਆਂ ਵਿਧਾਨ ਸਭਾ ਚੋਣਾਂ 'ਤੇ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਪੀ.ਐੱਸ.ਐੱਸ.ਐੱਫ. ਅਤੇ ਪੈਨਸ਼ਨਰ ਐਸੋਸੀਏਸ਼ਨ ਗੜ੍ਹਸ਼ੰਕਰ ਵੱਲੋਂ 10 ਅਕਤੂਬਰ ਦੀ ਸੰਗਰੂਰ ਰੈਲੀ ਵਿੱਚ ਹੋਵੇਗੀ ਵੱਡੀ ਸ਼ਮੂਲੀਅਤ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



ਪੰਜਾਬ ਸਬਆਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪੀ.ਐੱਸ.ਐੱਸ.ਐੱਫ.) ਅਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਬਲਾਕ ਗੜ੍ਹਸ਼ੰਕਰ ਇਕਾਈ ਦੀ ਮੀਟਿੰਗ ਸ਼ਾਮ ਸੁੰਦਰ ਕਪੂਰ ਦੀ ਪ੍ਰਧਾਨਗੀ ਹੇਠ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਹੋਈ। ਮੀਟਿੰਗ ਵਿੱਚ ਫੈਡਰੇਸ਼ਨ ਦੇ ਸੂਬਾਈ ਆਗੂ ਮੱਖਣ ਸਿੰਘ ਵਾਹਿਦਪੁਰੀ ਅਤੇ ਜਥੇਦਾਰ ਅਮਰੀਕ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਭ ਤੋਂ ਪਹਿਲਾਂ ਸਾਬਕਾ ਅਧਿਆਪਕ ਆਗੂ ਸ੍ਰੀ ਸੁਰਜੀਤ ਸਿੰਘ ਦੇ ਪੰਜਾਬ ਯੂਨੀਵਰਸਿਟੀ ਸੈਨੇਟ ਦੇ ਮੈਂਬਰ ਚੁਣੇ ਜਾਣ 'ਤੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।

ਮੀਟਿੰਗ ਦੇ ਫੈਸਲਿਆਂ ਬਾਰੇ ਚੌਧਰੀ ਜੀਤ ਬਗਵਾਈਂ ਅਤੇ ਸਾਥੀ ਬਲਵੰਤ ਰਾਮ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਡੀ.ਏ. ਨੂੰ ਕੇਂਦਰ ਨਾਲੋਂ ਡੀਲਿੰਕ ਕਰਨ ਅਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿਰੁੱਧ ਕੀਤੀਆਂ ਜਾ ਰਹੀਆਂ ਸਾਜ਼ਿਸ਼ਾਂ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ ਅਤੇ ਮੁਲਾਜ਼ਮ ਤੇ ਪੈਨਸ਼ਨਰ ਆਪਣੀਆਂ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਜਾਰੀ ਰੱਖਣਗੇ। ਪੰਜਾਬ ਮੁਲਾਜ਼ਮਾਂ ਤੇ ਪੈਨਸ਼ਨਰ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ 'ਤੇ ਆਧਾਰਿਤ ਤਾਲਮੇਲ ਕਮੇਟੀ ਵੱਲੋਂ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਵਾਲੀ ਮਹਾਂ ਰੈਲੀ ਲਈ ਬਲਾਕ ਗੜ੍ਹਸ਼ੰਕਰ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਸ਼ਮੂਲੀਅਤ ਕਰਨਗੇ। ਰੈਲੀ ਲਈ ਵਾਹਨ ਸਵੇਰੇ 7 ਵਜੇ ਜੰਗਲਾਤ ਵਿਭਾਗ ਦੇ ਦਫ਼ਤਰ ਨੇੜੇ ਕਚਹਿਰੀ ਤੋਂ ਰਵਾਨਾ ਹੋਣਗੇ। ਰੈਲੀ ਲਈ ਪ੍ਰਚਾਰ ਅਤੇ ਫੰਡ ਇਕੱਠਾ ਕਰਨ ਲਈ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਹਰ ਦਫ਼ਤਰ ਅਤੇ ਸਕੂਲ ਵਿੱਚ ਜਾ ਕੇ ਰੈਲੀ ਦਾ ਸੁਨੇਹਾ ਦੇਣਗੀਆਂ। ਇਸ ਸਮੇਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕੀਤੇ ਵਾਅਦਿਆਂ ਅਨੁਸਾਰ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਇੱਕ ਵੀ ਮੰਗ ਸਹੀ ਢੰਗ ਨਾਲ ਲਾਗੂ ਨਹੀਂ ਕੀਤੀ।

ਉਲਟਾ ਹੱਕ ਮੰਗਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਵਿਰੋਧ ਵਿੱਚ ਵੱਧ ਤਨਖਾਹਾਂ ਤੇ ਪੈਨਸ਼ਨ ਲੈਣ ਦਾ ਕੂੜ ਪ੍ਰਚਾਰ ਕੀਤਾ ਗਿਆ, ਜਿਸ ਕਾਰਨ ਇਸ ਵਰਗ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦਾ ਪ੍ਰਗਟਾਵਾ ਆਉਣ ਵਾਲੀਆਂ ਚੋਣਾਂ ਵਿੱਚ ਕੀਤਾ ਜਾਵੇਗਾ ਅਤੇ ਆਮ ਆਦਮੀ ਪਾਰਟੀ ਨੂੰ ਹਾਰ ਦਾ ਸੁਆਦ ਚਖਾਇਆ ਜਾਵੇਗਾ। ਮੰਗਾਂ ਬਾਰੇ ਆਗੂਆਂ ਨੇ ਕਿਹਾ ਕਿ ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਡੀ.ਏ. ਦੀਆਂ ਬਕਾਇਆ ਕਿਸ਼ਤਾਂ ਤੁਰੰਤ ਨਕਦ ਦਿੱਤੀਆਂ ਜਾਣ, ਮਾਣ-ਭੱਤਾ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਹੇਠ ਲਿਆਂਦਾ ਜਾਵੇ, ਕੱਟੇ ਭੱਤੇ ਬਹਾਲ ਕੀਤੇ ਜਾਣ, ਪੈਨਸ਼ਨਰਾਂ 'ਤੇ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਸਾਰੇ ਵਿਭਾਗਾਂ ਵਿੱਚ ਖਾਲੀ ਪਈਆਂ ਪੋਸਟਾਂ ਤੁਰੰਤ ਭਰੀਆਂ ਜਾਣ ਅਤੇ ਵੱਧਦੀ ਮਹਿੰਗਾਈ ਨੂੰ ਨੱਥ ਪਾਈ ਜਾਵੇ। ਉਨ੍ਹਾਂ ਗੜ੍ਹਸ਼ੰਕਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਰੈਲੀ ਵਿੱਚ ਵੱਡੀ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਮੀਟਿੰਗ ਵਿੱਚ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਵੱਲੋਂ ਸ਼ਰਮੀਲਾ ਰਾਣੀ, ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਪਵਨ ਕੁਮਾਰ ਗੋਇਲ, ਜੰਗਲਾਤ ਵਰਕਰ ਯੂਨੀਅਨ ਵੱਲੋਂ ਪਵਨ ਕੁਮਾਰ ਗੜ੍ਹੀ, ਪੀ.ਡਬਲਯੂ.ਡੀ. ਯੂਨੀਅਨ ਵੱਲੋਂ ਜਗਦੀਸ਼ ਪੱਖੋਵਾਲ, ਵਿਨੋਦ ਰਾਣਾ, ਚਾਨਣ ਰਾਮ ਥਾਂਦੀ, ਗੁਰਨਾਮ ਸਿੰਘ ਹਾਜੀਪੁਰ, ਰਮੇਸ਼ ਕੁਮਾਰ, ਰਾਕੇਸ਼ ਕੁਮਾਰ, ਰਮਨਦੀਪ, ਜਲ ਸਰੋਤ ਯੂਨੀਅਨ ਵੱਲੋਂ ਹਰਜਿੰਦਰ ਸਿੰਘ ਸੂਨੀ, ਓਮੇਸ਼ ਕੁਮਾਰ ਅਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਮਹਿੰਗਾ ਰਾਮ ਤੇ ਜੋਗਿੰਦਰ ਸਿੰਘ ਹੀਰ ਹਾਜ਼ਰ ਸਨ।

ਮਾਹਿਲਪੁਰ ਕਾਲਜ ਦੀ ਐੱਨ.ਸੀ.ਸੀ. ਯੂਨਿਟ ਵੱਲੋਂ 'ਇੱਕ ਘੰਟਾ, ਇੱਕ ਸਾਥ' ਸਮੂਹਿਕ ਸਫ਼ਾਈ ਮੁਹਿੰਮ ਚਲਾਈ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ
5 ਅਕਤੂਬਰ (ਹਰੀ ਕ੍ਰਿਸ਼ਨ ਗੰਗੜ)



ਸਥਾਨਕ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਦੀ ਐੱਨ.ਸੀ.ਸੀ. ਇਕਾਈ ਵੱਲੋਂ ਦੇਸ਼ ਵਿਆਪੀ ਸਫ਼ਾਈ ਮੁਹਿੰਮ ਤਹਿਤ 'ਇੱਕ ਘੰਟਾ, ਇੱਕ ਸਾਥ' ਸਮੂਹਿਕ ਸਫ਼ਾਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਅਰਾਧਨਾ ਦੁੱਗਲ ਨੇ ਵਿਦਿਆਰਥੀਆਂ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਆਲੇ ਦੁਆਲੇ ਦੀ ਸਫਾਈ ਸਬੰਧੀ ਲੋਕ ਜਾਗਰੂਕਤਾ ਪੈਦਾ ਕਰਨ ਵਿੱਚ ਵਿਦਿਆਰਥੀ ਵਰਗ ਵੱਡੀ ਭੂਮਿਕਾ ਨਿਭਾ ਸਕਦਾ ਹੈ। ਇਸ ਮੌਕੇ ਐੱਨ.ਸੀ.ਸੀ. ਅਫ਼ਸਰ ਲੈਫਟੀਨੈਂਟ (ਡਾ.) ਦੀਪਕ ਦੀ ਅਗਵਾਈ ਹੇਠ ਐੱਨ.ਸੀ.ਸੀ. ਕੈਡੇਟਾਂ ਨੇ ਰਾਸ਼ਟਰ ਪਿਤਾ ਦੇ 'ਸਵੱਛ ਭਾਰਤ' ਦੇ ਸੁਪਨੇ ਨੂੰ ਸਾਕਾਰ ਕਰਨ ਦਾ ਸੰਕਲਪ ਲੈਂਦਿਆਂ ਕਾਲਜ ਕੈਂਪਸ ਅਤੇ ਇਸ ਦੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ। ਇਸ ਨੇਕ ਕਾਰਜ ਵਿੱਚ 8 ਪੰਜਾਬ ਬਟਾਲੀਅਨ, ਫਗਵਾੜਾ ਦੇ ਕਮਾਂਡਿੰਗ ਅਫ਼ਸਰ ਕਰਨਲ ਅਜੇ ਲੂੰਬਾ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਵਿਦਿਆਰਥੀਆਂ ਨੂੰ ਹੱਲਾਸ਼ੇਰੀ ਦਿੱਤੀ। ਹਵਾਲਦਾਰ ਮਨਜੀਤ ਕੁਮਾਰ ਨੇ ਵੀ ਆਪਣਾ ਸਰਗਰਮ ਯੋਗਦਾਨ ਪਾਇਆ ਅਤੇ ਕੈਡੇਟਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਕੈਡੇਟਾਂ ਨੂੰ ਸੰਬੋਧਨ ਕਰਦਿਆਂ ਲੈਫਟੀਨੈਂਟ (ਡਾ.) ਦੀਪਕ ਨੇ ਸਫ਼ਾਈ ਦੇ ਨੈਤਿਕ ਅਤੇ ਵਿਵਹਾਰਕ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਫ਼ਾਈ ਸਿਰਫ਼ ਸਾਡੇ ਆਲੇ-ਦੁਆਲੇ ਤੱਕ ਹੀ ਸੀਮਤ ਨਹੀਂ ਹੋਣੀ ਚਾਹੀਦੀ, ਸਗੋਂ ਇਸ ਨੂੰ ਸਾਨੂੰ ਆਪਣੇ ਜੀਵਨ ਦੇ ਹਰ ਖੇਤਰ ਵਿੱਚ ਇੱਕ ਸੰਸਕਾਰ ਵਜੋਂ ਅਪਣਾਉਣਾ ਚਾਹੀਦਾ ਹੈ।

ਉਨ੍ਹਾਂ ਨੇ ਨੌਜਵਾਨਾਂ ਨੂੰ ਨਿਰੰਤਰ ਦੇਸ਼ ਨਿਰਮਾਣ ਅਤੇ ਸਮਾਜਿਕ ਸੁਧਾਰ ਦੇ ਕਾਰਜਾਂ ਵਿੱਚ ਮੋਹਰੀ ਭੂਮਿਕਾ ਨਿਭਾਉਣ ਦੀ ਪ੍ਰੇਰਨਾ ਦਿੱਤੀ।

ਡਿਪਟੀ ਸਪੀਕਰ ਰੌੜੀ ਵੱਲੋਂ ਗੜ੍ਹਸ਼ੰਕਰ ਵਿਖੇ ਪਲੇਸਮੈਂਟ ਤੇ ਸਵੈ-ਰੋਜ਼ਗਾਰ ਕੈਂਪ ਦਾ ਆਯੋਜਨ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ, (ਹਰੀ ਕ੍ਰਿਸ਼ਨ ਗੰਗੜ)



ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਦੱਸਿਆ ਕਿ ਗੜ੍ਹਸ਼ੰਕਰ ਵਿਖੇ ਪਲੇਸਮੈਂਟ ਕੈਂਪ ਅਤੇ ਸਵੈ-ਰੋਜ਼ਗਾਰ ਕੈਂਪ ਸਫ਼ਲਤਾਪੂਰਵਕ ਲਗਾਇਆ ਗਿਆ। ਇਸ ਕੈਂਪ ਦਾ ਉਦੇਸ਼ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਵੈ-ਰੋਜ਼ਗਾਰ ਲਈ ਲੋੜੀਂਦੀ ਜਾਣਕਾਰੀ ਅਤੇ ਸਹੂਲਤ ਮੁਹੱਈਆ ਕਰਵਾਉਣਾ ਸੀ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ, ਹੁਸ਼ਿਆਰਪੁਰ ਦੇ ਸਹਿਯੋਗ ਨਾਲ ਲਗਾਏ ਗਏ ਪਲੇਸਮੈਂਟ ਕੈਂਪ ਵਿੱਚ ਜ਼ਿਲ੍ਹੇ ਦੀਆਂ 9 ਨਾਮਵਰ ਕੰਪਨੀਆਂ ਵੱਲੋਂ ਭਾਗ ਲਿਆ ਗਿਆ। ਇਨ੍ਹਾਂ ਵਿੱਚ ਕੁਆਂਟਮ ਪੇਪਰ ਮਿੱਲ, ਸੈਲਾ; ਜੀ.ਐਨ.ਏ. ਫੈਕਟਰੀ, ਮਹਿਤੀਆਣਾ; ਡੀ-ਮਾਰਟ; ਡਬਲ ਬੈਰਲ ਜੀਨਜ਼; ਅਜਾਈਲ ਹਰਬਲ; ਚੈੱਕਮੇਟ ਸਕਿਉਰਿਟੀ; ਰਿਲਾਇੰਸ ਜੀਓ; ਐਨ.ਆਈ.ਆਈ.ਟੀ. ਲਿਮਟਿਡ (ਆਈ.ਸੀ.ਆਈ.ਸੀ. ਆਈ. ਬੈਂਕ) ਅਤੇ ਐਸ.ਬੀ.ਆਈ. ਲਾਈਫ ਇੰਸ਼ੋਰੈਂਸ ਸ਼ਾਮਲ ਸਨ।

ਇਨ੍ਹਾਂ ਕੰਪਨੀਆਂ ਵੱਲੋਂ ਹੈਲਪਰ, ਟੇਲਰ, ਮਸ਼ੀਨ ਆਪਰੇਟਰ, ਸੇਲਜ਼, ਟੈਕਨੀਸ਼ੀਅਨ, ਰਿਲੇਸ਼ਨਸ਼ਿਪ ਮੈਨੇਜਰ, ਵੈਲਨੈੱਸ ਐਡਵਾਈਜ਼ਰ, ਪੈਕਰ, ਕੈਸ਼ੀਅਰ, ਸੇਲਜ਼ ਐਸੋਸੀਏਟ ਅਤੇ ਸਕਿਉਰਿਟੀ ਗਾਰਡ ਆਦਿ ਅਹੁਦਿਆਂ ਲਈ ਉਮੀਦਵਾਰਾਂ ਦੀ ਇੰਟਰਵਿਊ ਲਈ ਗਈ। ਕੈਂਪ ਵਿੱਚ ਕੁੱਲ 216 ਉਮੀਦਵਾਰਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਵੱਖ-ਵੱਖ ਕੰਪਨੀਆਂ ਵੱਲੋਂ 118 ਯੋਗ ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ। ਇਸ ਤੋਂ ਇਲਾਵਾ ਕੈਂਪ ਦੌਰਾਨ ਸਵੈ-ਰੋਜ਼ਗਾਰ ਸਬੰਧੀ ਵੀ ਵਿਸ਼ੇਸ਼ ਸਹੂਲਤ ਮੁਹੱਈਆ ਕਰਵਾਈ ਗਈ। ਇਸ ਵਿੱਚ ਜ਼ਿਲ੍ਹਾ ਲੀਡ ਬੈਂਕ, ਜ਼ਿਲ੍ਹਾ ਉਦਯੋਗ ਕੇਂਦਰ ਅਤੇ ਐਮ.ਐਸ.ਐਮ.ਈ. ਵਿਭਾਗ ਵੱਲੋਂ ਭਾਗ ਲਿਆ ਗਿਆ। ਇਨ੍ਹਾਂ ਵਿਭਾਗਾਂ ਦੇ ਨੁਮਾਇੰਦਿਆਂ ਵੱਲੋਂ ਕੈਂਪ ਵਿੱਚ ਪਹੁੰਚੇ ਚਾਹਵਾਨ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਸ਼ੁਰੂ ਕਰਨ ਲਈ ਵੱਖ-ਵੱਖ ਕਰਜ਼ਾ ਸਕੀਮਾਂ ਅਤੇ ਸਰਕਾਰੀ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਯੋਗ ਉਮੀਦਵਾਰਾਂ ਦੀ ਮੌਕੇ 'ਤੇ ਰਜਿਸਟ੍ਰੇਸ਼ਨ ਵੀ ਕੀਤੀ ਗਈ।

ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਭਵਿੱਖ ਵਿੱਚ ਲਗਾਏ ਜਾਣ ਵਾਲੇ ਪਲੇਸਮੈਂਟ ਕੈਂਪਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਰੋਜ਼ਗਾਰ ਤੇ ਸਵੈ-ਰੋਜ਼ਗਾਰ ਸਹੂਲਤਾਂ ਦਾ ਲਾਭ ਉਠਾਉਣ। ਇਸ ਮੌਕੇ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸ੍ਰੀਮਤੀ ਰਮਨਦੀਪ ਕੌਰ, ਪਲੇਸਮੈਂਟ ਅਫ਼ਸਰ ਸ੍ਰੀ ਰਾਕੇਸ਼ ਕੁਮਾਰ, ਯੰਗ ਪ੍ਰੋਫੈਸ਼ਨਲ ਸ੍ਰੀ ਵਿਕਰਮ ਸਿੰਘ ਸਮੇਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਹੁਸ਼ਿਆਰਪੁਰ ਦਾ ਸਮੂਹ ਸਟਾਫ਼ ਹਾਜ਼ਰ ਸੀ।

ਵਾਲੀਬਾਲ ਵਿੱਚ ਵਿੱਦਿਆ ਮੰਦਿਰ ਦੀਆਂ ਧੀਆਂ ਦੀ ਧਾਕ, ਪੰਜਾਬ ਅੰਤਰ-ਜ਼ਿਲ੍ਹਾ ਮੁਕਾਬਲੇ ਲਈ 8 ਖਿਡਾਰਨਾਂ ਦੀ ਚੋਣ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



70ਵੀਆਂ ਪੰਜਾਬ ਸਕੂਲ ਅੰਤਰ-ਜ਼ਿਲ੍ਹਾ ਵਾਲੀਬਾਲ ਖੇਡਾਂ ਤਰਨ ਤਾਰਨ ਵਿਖੇ 6 ਅਕਤੂਬਰ ਤੋਂ 9 ਅਕਤੂਬਰ 2026 ਤੱਕ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਵੱਕਾਰੀ ਖੇਡ ਮੁਕਾਬਲਿਆਂ ਲਈ ਵਿੱਦਿਆ ਮੰਦਿਰ ਸੀਨੀਅਰ ਸੈਕੰਡਰੀ ਮਾਡਲ ਸਕੂਲ, ਸ਼ਿਮਲਾ ਪਹਾੜੀ, ਹੁਸ਼ਿਆਰਪੁਰ ਦੀ ਅੰਡਰ-14 ਲੜਕੀਆਂ ਦੀ ਵਾਲੀਬਾਲ ਟੀਮ ਦੀਆਂ ਅੱਠ ਖਿਡਾਰਨਾਂ ਦੀ ਚੋਣ ਹੋਈ ਹੈ। ਇਹ ਉਪਲਬਧੀ ਸਕੂਲ ਲਈ ਬੜੇ ਮਾਣ ਵਾਲੀ ਗੱਲ ਹੈ। ਇਸ ਮੌਕੇ ਸਕੂਲ ਦੇ ਪ੍ਰਧਾਨ ਅਨੁਰਾਗ ਸੂਦ, ਸਕੱਤਰ ਡਾ. ਹਰਸ਼ਵਿੰਦਰ ਸਿੰਘ ਪਠਾਨੀਆ ਅਤੇ ਪ੍ਰਿੰਸੀਪਲ ਸ਼ੋਭਾ ਰਾਣੀ ਨੇ ਚੁਣੀਆਂ ਗਈਆਂ ਖਿਡਾਰਨਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥਣਾਂ ਦੀ ਇਹ ਚੋਣ ਉਨ੍ਹਾਂ ਦੀ ਮਿਹਨਤ, ਲਗਨ ਅਤੇ ਖੇਡਾਂ ਪ੍ਰਤੀ ਸਮਰਪਣ ਦਾ ਨਤੀਜਾ ਹੈ। ਲੈਕਚਰਾਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਚੋਣ ਟਰਾਇਲਾਂ ਦੌਰਾਨ ਖਿਡਾਰਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਖਿਡਾਰਨਾਂ ਦੀ ਮਿਹਨਤ, ਦ੍ਰਿੜ੍ਹ ਇਰਾਦੇ ਅਤੇ ਆਤਮ-ਵਿਸ਼ਵਾਸ ਸਦਕਾ ਟੀਮ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ ਅਤੇ ਮੈਡਲ ਜਿੱਤਣ ਲਈ ਪੂਰੀ ਕੋਸ਼ਿਸ਼ ਕਰੇਗੀ। ਅੰਡਰ-14 ਵਰਗ ਦੀਆਂ ਚੁਣੀਆਂ ਗਈਆਂ ਖਿਡਾਰਨਾਂ ਵਿੱਚ ਯਕਸ਼ਿਤਾ ਸ਼ਰਮਾ, ਵੰਸ਼ਦੀਪ, ਨਾਇਰਾ, ਅੰਨੂ, ਪ੍ਰੀਤੀ ਕੁਮਾਰੀ, ਦੀਪਿਕਾ, ਆਸ਼ਮੀ ਭਾਰਤੀ ਅਤੇ ਹਰਸ਼ਿਤਾ ਸ਼ਾਮਲ ਹਨ। ਯਕਸ਼ਿਤਾ ਸ਼ਰਮਾ ਨੂੰ ਟੀਮ ਦੀ ਕਪਤਾਨ ਨਿਯੁਕਤ ਕੀਤਾ ਗਿਆ ਹੈ। ਟੀਮ ਦੇ ਕੋਚ ਮਲਕੀਅਤ ਕੁਮਾਰ, ਆਰ.ਸੀ. ਮਹਿਤਾ ਅਤੇ ਗੁਰਪ੍ਰੀਤ ਨੇ ਚੁਣੀਆਂ ਗਈਆਂ ਖਿਡਾਰਨਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਪੂਰੀ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਸੱਚੀ ਖੇਡ ਭਾਵਨਾ ਨਾਲ ਟੂਰਨਾਮੈਂਟ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਬੰਧਨ ਅਤੇ ਸਮੂਹ ਸਟਾਫ਼ ਨੇ ਖਿਡਾਰਨਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪੰਜਾਬ ਪੱਧਰੀ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕਰਨਗੀਆਂ।

ਮਾਡਲ ਟਾਊਨ ਵਿੱਚ ਸੀਵਰੇਜ਼ ਜਾਮ ਦੀ ਸਮੱਸਿਆ ਤੋਂ ਲੋਕ ਪ੍ਰੇਸ਼ਾਨ, ਬਿਮਾਰੀਆਂ ਫੈਲਣ ਦਾ ਖਦਸ਼ਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਸ਼ਹਿਰ ਦੇ ਪੌਸ਼ ਇਲਾਕੇ ਮਾਡਲ ਟਾਊਨ ਵਿੱਚ ਬਾਲੀ ਹਸਪਤਾਲ ਦੇ ਨੇੜੇ ਇਨ੍ਹੀਂ ਦਿਨੀਂ ਲੋਕ ਸੀਵਰੇਜ ਜਾਮ ਦੀ ਸਮੱਸਿਆ ਤੋਂ ਬੁਰੀ ਤਰ੍ਹਾਂ ਪ੍ਰੇਸ਼ਾਨ ਹਨ। ਵਾਰ-ਵਾਰ ਸ਼ਿਕਾਇਤ ਕਰਨ ਦੇ ਬਾਵਜੂਦ ਵੀ ਸਮੱਸਿਆ ਨੂੰ ਠੀਕ ਕਰਵਾਉਣਾ ਜ਼ਰੂਰੀ ਨਹੀਂ ਸਮਝਿਆ ਜਾ ਰਿਹਾ।

ਇਸ ਮੌਕੇ ਡਾ. ਜਮੀਲ ਬਾਲੀ, ਰਮਨੀਤ ਵਾਲੀਆ ਗੁੱਲੂ, ਐਡਵੋਕੇਟ ਰਾਜੇਸ਼ ਓਹਰੀ, ਡਾ. ਰਾਜੇਸ਼ ਸ਼ਰਮਾ, ਅਸ਼ਵਨੀ ਸ਼ਰਮਾ, ਅਮਿਤ ਸ਼ਰਮਾ, ਸੰਨੀ, ਸ਼ਿਆਮ ਸੁੰਦਰ, ਸਲੀਮ ਆਦਿ ਨੇ ਦੱਸਿਆ ਕਿ ਸੀਵਰੇਜ ਜਾਮ ਦੀ ਸਮੱਸਿਆ ਕਾਰਨ ਗੰਦੇ ਪਾਣੀ ਵਿੱਚੋਂ ਆਉਂਦੀ ਬਦਬੂ ਅਤੇ ਪੈਦਾ ਹੋ ਰਹੀਆਂ ਮੱਖੀਆਂ-ਮੱਛਰਾਂ ਕਾਰਨ ਜਿਊਣਾ ਦੁੱਭਰ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤ ਤੋਂ ਬਾਅਦ ਇੱਕ ਵਾਰ ਸਮੱਸਿਆ ਨੂੰ ਠੀਕ ਵੀ ਕਰਕੇ ਗਏ ਸਨ, ਪਰ ਸਮੱਸਿਆ ਜਿਉਂ ਦੀ ਤਿਉਂ ਬਣੀ ਹੋਈ ਹੈ।

ਉਨ੍ਹਾਂ ਕਿਹਾ ਕਿ ਬਦਬੂ ਕਾਰਨ ਸਾਹ ਲੈਣਾ ਵੀ ਮੁਸ਼ਕਲ ਹੈ ਅਤੇ ਬਿਮਾਰੀਆਂ ਦਾ ਖ਼ਤਰਾ ਬਣਿਆ ਹੋਇਆ ਹੈ। ਉਨ੍ਹਾਂ ਨਗਰ ਪ੍ਰਸ਼ਾਸਨ ਤੋਂ ਅਪੀਲ ਕੀਤੀ ਕਿ ਇਸ ਸਮੱਸਿਆ ਨੂੰ ਜਲਦ ਤੋਂ ਜਲਦ ਠੀਕ ਕਰਵਾਇਆ ਜਾਵੇ।

ਆਗਾਮੀ ਚੋਣਾਂ ਦੇ ਮੱਦੇਨਜ਼ਰ ਨੈਕਸਟਜੈਨ ਡਾਇਸ ਵੈਬ ਪੋਰਟਲ ਬਾਰੇ ਵਿਭਾਗ ਮੁਖੀਆਂ ਨੂੰ ਦਿੱਤੀ ਟਰੇਨਿੰਗ

21 ਅਕਤੂਬਰ ਤੱਕ ਸਟਾਫ਼ ਦਾ ਡਾਟਾ ਅਪਲੋਡ ਕਰਨ ਦੀ ਅਪੀਲ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਨੈਸ਼ਨਲ ਇਨਫਰਮੈਟਿਕਸ ਸੈਂਟਰ ਵਲੋਂ ਤਿਆਰ ਕੀਤੇ ਨੈਕਸਟਜੈਨ ਡਾਇਸ ਪੋਰਟਲ ਬਾਰੇ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਵਿਸਥਾਰਪੂਰਵਕ ਟਰੇਨਿੰਗ ਦਿੰਦਿਆਂ ਜ਼ਿਲ੍ਹਾ ਚੋਣ ਦਫ਼ਤਰ ਵਲੋਂ ਜ਼ਿਲ੍ਹੇ ਦੇ ਸਬੰਧਤ ਵਿਭਾਗਾਂ ਨੂੰ 21 ਅਕਤੂਬਰ ਤੱਕ ਸਟਾਫ਼ ਦੇ ਵੇਰਵੇ ਅਪਲੋਡ ਕਰਨ ਲਈ ਕਿਹਾ ਗਿਆ। ਟਰੇਨਿੰਗ ਦੌਰਾਨ ਮਾਹਿਰਾਂ ਵਲੋਂ ਨੈਕਸਟਜੈਨ ਡਾਇਸ ਵੈਬ ਪੋਰਟਲ, ਜੋ ਐਨ.ਆਈ.ਸੀ. ਵਲੋਂ ਤਿਆਰ ਕੀਤਾ ਗਿਆ ਹੈ, ਰਾਹੀਂ ਚੋਣ ਅਮਲੇ ਦਾ ਡਾਟਾ ਅਪਲੋਡ ਕਰਨ ਬਾਰੇ ਤਕਨੀਕ ਨੂੰ ਵਿਸਥਾਰਪੂਰਵਕ ਸਾਂਝਾ ਕੀਤਾ ਗਿਆ। ਜ਼ਿਲ੍ਹਾ ਇਨਫਰਮੈਟਿਕਸ ਅਫ਼ਸਰ ਰਿੰਕੀ ਅਤੇ ਚੋਣ ਤਹਿਸੀਲਦਾਰ ਰਮਨਦੀਪ ਕੌਰ ਨੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਦੱਸਿਆ ਕਿ ਪੋਰਟਲ 'ਤੇ ਡਾਟਾ ਦਰਜ ਕਰਨ ਉਪਰੰਤ ਚੋਣ ਅਮਲੇ ਦੀ ਰੈਂਡੇਮਾਈਜੇਸ਼ਨ ਪੋਰਟਲ ਰਾਹੀਂ ਹੋਵੇਗੀ ਅਤੇ ਚੋਣ ਅਮਲੇ ਨੂੰ ਰਿਹਰਸਲਾਂ, ਟਰੇਨਿੰਗਾਂ ਅਤੇ ਚੋਣ ਡਿਊਟੀ ਬਾਰੇ ਸਮੇਂ-ਸਮੇਂ ਸਿਰ ਜਾਣੂ ਕਰਵਾਇਆ ਜਾਵੇਗਾ। ਚੋਣ ਤਹਿਸੀਲਦਾਰ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਦਫ਼ਤਰ ਵਲੋਂ ਐਨ.ਆਈ.ਸੀ. ਨੂੰ ਪੋਰਟਲ ਰਾਹੀਂ ਸਮੁੱਚਾ ਡਾਟਾ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਚੋਣ ਅਮਲੇ ਨਾਲ ਸਬੰਧਤ ਪ੍ਰਕਿਰਿਆਵਾਂ ਨੂੰ ਸਮੇਂ-ਸਮੇਂ ਸਿਰ ਸੁਚੱਜੇ ਢੰਗ ਨਾਲ ਅਮਲੀਜਾਮਾ ਪਹਿਨਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਵੈਬ ਪੋਰਟਲ ਰਾਹੀਂ ਚੋਣ ਅਮਲੇ ਨਾਲ ਸਬੰਧਤ ਸਮੁੱਚੀ ਪ੍ਰਕਿਰਿਆ ਨੂੰ ਅੰਤਿਮ ਰੂਪ ਦਿੱਤਾ ਜਾਵੇਗਾ ਜਿਸ ਵਿਚ ਡਿਊਟੀਆਂ ਲਾਉਣਾ, ਰੈਂਡੇਮਾਈਜੇਸ਼ਨ, ਗਿਣਤੀ ਲਈ ਪਾਰਟੀਆਂ ਤਾਇਨਾਤ ਕਰਨੀਆਂ, ਮਾਈਕ੍ਰੋ ਆਬਜ਼ਰਵਰਾਂ ਦੀ ਤਾਇਨਾਤੀ, ਡਿਊਟੀ ਆਰਡਰ ਤਿਆਰ ਕਰਨੇ, ਹਾਜ਼ਰੀ ਰਿਪੋਰਟਾਂ, ਫੋਟੋ ਆਈ.ਡੀ. ਬਣਾਉਣਾ ਆਦਿ ਸ਼ਾਮਲ ਹੈ। ਰਮਨਦੀਪ ਕੌਰ ਨੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਅਪੀਲ ਕੀਤੀ ਕਿ ਐਨ.ਆਈ.ਸੀ. ਦੇ ਪੋਰਟਲ 'ਤੇ ਨਿਰਧਾਰਤ 21 ਅਕਤੂਬਰ ਤੱਕ ਆਪਣੇ ਸਟਾਫ਼ ਦੇ ਵੇਰਵੇ ਅਪਲੋਡ ਕਰਨ ਨੂੰ ਯਕੀਨੀ ਬਣਾਇਆ ਜਾਵੇ।

ਸਮੇਂ ਅਤੇ ਅਨੁਸ਼ਾਸਨ ਦੇ ਨਾਲ ਕੁਝ ਹੋਰ ਜ਼ਰੂਰੀ ਗੱਲਾਂ ਦਾ ਵੀ ਧਿਆਨ ਰੱਖਣ ਭਗਵਾਨ ਸ੍ਰੀ ਹਨੂਮਾਨ ਜੀ ਦੇ ਸੇਵਕ ਮਹਾਵੀਰ ਦਲ: ਗੋਪੀ ਚੰਦ ਕਪੂਰ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਸ੍ਰੀ ਰਾਮ ਲੀਲਾ ਕਮੇਟੀ (ਰਜਿ.) ਵੱਲੋਂ ਸ੍ਰੀ ਰਾਮ ਭਗਤ ਹਨੂਮਾਨ ਜੀ ਦੇ ਸਰੂਪ ਕੱਢਣ ਵਾਲੀਆਂ ਸੰਸਥਾਵਾਂ (ਮਹਾਵੀਰ ਦਲਾਂ) ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੌਕੇ ਕਮੇਟੀ ਦੇ ਪ੍ਰਧਾਨ ਗੋਪੀ ਚੰਦ ਕਪੂਰ ਨੇ ਸ੍ਰੀ ਹਨੂਮਾਨ ਜੀ ਦੇ ਸਰੂਪ ਕੱਢਣ ਵਾਲੀਆਂ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਇਸ ਵਾਰ ਸ੍ਰੀ ਰਾਮ ਵਿਆਹ ਦੀ ਸ਼ੋਭਾ ਯਾਤਰਾ, ਜੋ ਕਿ 15 ਅਕਤੂਬਰ ਦਿਨ ਵੀਰਵਾਰ ਨੂੰ ਕੱਢੀ ਜਾਵੇਗੀ, ਵਿੱਚ ਸਮੇਂ ਅਤੇ ਅਨੁਸ਼ਾਸਨ ਦੇ ਨਾਲ-ਨਾਲ ਕੁਝ ਹੋਰ ਜ਼ਰੂਰੀ ਗੱਲਾਂ ਦਾ ਵੀ ਧਿਆਨ ਰੱਖਿਆ ਜਾਵੇ।

ਪ੍ਰਧਾਨ ਕਪੂਰ ਨੇ ਕਿਹਾ ਕਿ ਸ਼ੋਭਾ ਯਾਤਰਾ ਵਿੱਚ ਸਰੂਪਾਂ ਦੀ ਮਰਿਆਦਾ ਦਾ ਪਾਲਣ ਕਰਦਿਆਂ ਵੱਡੇ ਪਟਾਕੇ (ਬੰਬ) ਨਾ ਚਲਾਏ ਜਾਣ, ਡੀਜੇ ਦੀ ਆਵਾਜ਼ ਦਰਮਿਆਨੀ ਰੱਖੀ ਜਾਵੇ, ਸਪਰੇਅ ਦੀ ਵਰਤੋਂ ਨਾ ਕੀਤੀ ਜਾਵੇ ਅਤੇ ਯਾਤਰਾ ਵਿੱਚ ਬਿਨਾਂ ਰੁਕੇ ਚਲਦੇ ਰਹਿਣ ਆਦਿ ਵਰਗੀਆਂ ਮਹੱਤਵਪੂਰਨ ਗੱਲਾਂ ਦਾ ਧਿਆਨ ਰੱਖਿਆ ਜਾਵੇ, ਤਾਂ ਜੋ ਕਿਸੇ ਨੂੰ ਵੀ ਪ੍ਰੇਸ਼ਾਨੀ ਨਾ ਹੋਵੇ ਅਤੇ ਦੁਕਾਨਾਂ ਬੰਦ ਹੋਣ ਤੋਂ ਪਹਿਲਾਂ ਸਾਰੇ ਦੁਕਾਨਦਾਰ ਅਤੇ ਸ਼ਹਿਰ ਵਾਸੀ ਪ੍ਰਭੂ ਦੇ ਦਰਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਸਾਰੀਆਂ ਸੰਸਥਾਵਾਂ ਸ਼ਾਮ ਠੀਕ 5 ਵਜੇ ਸ੍ਰੀ ਸਨਾਤਨ ਧਰਮ ਸਕੂਲ (ਐਸ.ਡੀ. ਸਕੂਲ) ਵਿੱਚ ਪਹੁੰਚਣ ਅਤੇ ਯਾਤਰਾ ਦੀ ਸਮਾਪਤੀ ਤੋਂ ਬਾਅਦ ਸ੍ਰੀ ਸ਼ਕਤੀ ਮੰਦਰ, ਨਵੀਂ ਆਬਾਦੀ ਵਿੱਚ ਪ੍ਰਸਾਦ ਵਜੋਂ ਭੋਜਨ ਛਕ ਕੇ ਜਾਣ। ਉਨ੍ਹਾਂ ਕਿਹਾ ਕਿ ਇਹ ਧਰਮ ਦਾ ਕਾਰਜ ਹੈ ਅਤੇ ਇਸ ਨੂੰ ਪੂਰੀ ਸ਼ਰਧਾ ਅਤੇ ਭਾਵਨਾ ਨਾਲ ਪੂਰਾ ਕਰਨ ਵਿੱਚ ਸਹਿਯੋਗ ਕੀਤਾ ਜਾਵੇ। ਇਸ ਮੌਕੇ ਪ੍ਰਦੀਪ ਹਾਂਡਾ, ਸੰਜੀਵ ਐਰੀ, ਅਜੇ ਜੈਨ, ਵਰੁਣ ਕੈਂਥ, ਸ਼ੋਭਾ ਯਾਤਰਾ ਇੰਚਾਰਜ ਦਵਿੰਦਰ ਨਾਥ ਬਿੰਦਾ, ਸਹਿ-ਸ਼ੋਭਾ ਯਾਤਰਾ ਇੰਚਾਰਜ ਅਸ਼ਵਨੀ ਛੋਟਾ, ਕ੍ਰਿਸ਼ਨ ਗੋਪਾਲ ਆਨੰਦ, ਚੇਤਨ ਸੂਦ, ਪੀਯੂਸ਼ ਮੱਲੀ ਸਮੇਤ ਹੋਰ ਪਤਵੰਤੇ ਮੈਂਬਰ ਮੌਜੂਦ ਸਨ।

ਸੂਬੇ ਦੀਆਂ ਖਰੀਦ ਏਜੰਸੀਆਂ ਵੱਲੋਂ 3.83 ਲੱਖ ਮੀਟ੍ਰਿਕ ਟਨ ਦੀ ਆਮਦ ਵਿੱਚੋਂ 3.44 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ

ਕਿਸਾਨਾਂ ਨੂੰ 188 ਕਰੋੜ ਰੁਪਏ ਦੀ ਅਦਾਇਗੀ

ਪੈ.ਗਾਮ-ਏ-ਜਗਤ/ਖਰੜ
5 ਅਕਤੂਬਰ (ਦਵਿੰਦਰ ਕੌਰ ਸਹੋਤਾ)



ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਭਰ ਵਿੱਚ ਝੋਨੇ ਦੀ ਨਿਰਵਿਘਨ ਅਤੇ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਖਰੀਦ ਪ੍ਰਕਿਰਿਆ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਖਰੜ ਅਨਾਜ ਮੰਡੀ ਵਿਖੇ ਚੱਲ ਰਹੇ ਝੋਨੇ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਪੰਜਾਬ ਦੀਆਂ ਮੰਡੀਆਂ ਵਿੱਚ 3.83 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ ਸੂਬੇ ਦੀਆਂ ਖਰੀਦ ਏਜੰਸੀਆਂ ਵੱਲੋਂ 3.44 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦੇ ਗਏ ਝੋਨੇ ਦੇ ਬਦਲੇ ਕਿਸਾਨਾਂ ਨੂੰ 188 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਕਟਾਰੂਚੱਕ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਝੋਨੇ ਦੀ ਲਿਫਟਿੰਗ ਦੀ ਰਫ਼ਤਾਰ ਹੋਰ ਤੇਜ਼ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਘਾਟ ਨਹੀਂ ਹੈ ਅਤੇ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਲੋੜੀਂਦੇ ਸਾਰੇ ਪ੍ਰਬੰਧ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਕੋਟੇ ਲਈ ਨਿਰਧਾਰਤ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਆਸਾਨੀ ਨਾਲ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਖਰੀਦ ਕਾਰਜਾਂ ਲਈ ਭਾਰਤੀ ਰਿਜ਼ਰਵ ਬੈਂਕ ਵੱਲੋਂ 42,700 ਕਰੋੜ ਰੁਪਏ ਦੀ ਨਕਦ ਕਰਜ਼ਾ ਸੀਮਾ ਪਹਿਲਾਂ ਹੀ ਮਨਜ਼ੂਰ ਕੀਤੀ ਜਾ ਚੁੱਕੀ ਹੈ।

ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਦੌਰਾਨ ਮੰਤਰੀ ਨੇ ਕਿਸਾਨਾਂ, ਆੜ੍ਹਤੀਆਂ ਅਤੇ ਹੋਰ ਸਬੰਧਤ ਧਿਰਾਂ ਨਾਲ ਗੱਲਬਾਤ ਕਰਕੇ ਮੰਡੀ ਵਿੱਚ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਪ੍ਰਬੰਧਾਂ ਸਬੰਧੀ ਫੀਡਬੈਕ ਵੀ ਲਿਆ। ਮੰਤਰੀ ਦੀ ਮੌਜੂਦਗੀ ਵਿੱਚ ਪਨਸਪ ਵੱਲੋਂ ਕਿਸਾਨ ਸ੍ਰੀ ਮਨਦੀਪ ਸਿੰਘ ਵਾਸੀ ਤ੍ਰਿਪੜੀ ਦੀ ਝੋਨੇ ਦੀ ਫ਼ਸਲ ਦੀ ਖਰੀਦ ਕੀਤੀ ਗਈ, ਜੋ ਉਸੇ ਦਿਨ ਆਪਣੀ ਫ਼ਸਲ ਲੈ ਕੇ ਮੰਡੀ ਵਿੱਚ ਪਹੁੰਚੇ ਸਨ। ਕਟਾਰੂਚੱਕ ਨੇ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਝੋਨੇ ਦੀ ਖਰੀਦ ਦੀ ਐਂਟਰੀ ਸਰਕਾਰੀ ਰਿਕਾਰਡ ਵਿੱਚ ਦਰਜ ਹੋਣ ਤੋਂ 24 ਘੰਟਿਆਂ ਦੇ ਅੰਦਰ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਅਦਾਇਗੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਾਰੀਆਂ ਖਰੀਦ ਏਜੰਸੀਆਂ ਆਪਸੀ ਤਾਲਮੇਲ ਨਾਲ ਕੰਮ ਕਰਦਿਆਂ ਖਰੀਦ, ਲਿਫਟਿੰਗ ਅਤੇ ਅਦਾਇਗੀ ਦੀ ਪ੍ਰਕਿਰਿਆ ਨੂੰ ਸਮੇਂ ਸਿਰ ਮੁਕੰਮਲ ਕਰਨ। ਇਸ ਮੌਕੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਸੂਬੇ ਵਿੱਚ ਪਹਿਲਾਂ ਤੋਂ ਮੌਜੂਦ ਅਨਾਜ ਦੇ ਭੰਡਾਰ ਨੂੰ ਕੇਂਦਰੀ ਖੁਰਾਕ ਮੰਤਰਾਲੇ ਨਾਲ ਤਾਲਮੇਲ ਕਰਕੇ ਖਾਲੀ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਸ ਸਬੰਧੀ ਕੇਂਦਰੀ ਖੁਰਾਕ ਮੰਤਰੀ ਸ੍ਰੀ ਪ੍ਰਹਿਲਾਦ ਜੋਸ਼ੀ ਨੂੰ ਪਹਿਲਾਂ ਹੀ ਪੱਤਰ ਲਿਖਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਭੰਡਾਰ ਸਰਕਾਰੀ ਕੋਟੇ ਨਾਲ ਸਬੰਧਤ ਹੈ ਅਤੇ ਆਉਣ ਵਾਲੇ ਝੋਨੇ ਦੇ ਭੰਡਾਰ ਲਈ ਲੋੜੀਂਦੀ ਜਗ?ਹਾ ਉਪਲਬਧ ਕਰਵਾਉਣ ਲਈ ਇਸ ਭੰਡਾਰ ਨੂੰ ਖਾਲੀ ਕਰਨਾ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਹੈ। ਪੰਜਾਬ ਯੂਥ ਵਿਕਾਸ ਬੋਰਡ ਦੇ ਚੇਅਰਮੈਨ ਸ੍ਰੀ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਸਥਾਨਕ ਪੱਧਰ 'ਤੇ ਆਉਣ ਵਾਲੇ ਮਸਲਿਆਂ ਨੂੰ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਹੱਲ ਕੀਤਾ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਮੰਡੀ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਇਸ ਮੌਕੇ ਮਾਰਕੀਟ ਕਮੇਟੀ ਖਰੜ ਦੇ ਚੇਅਰਮੈਨ ਸ੍ਰੀ ਸੁਖਜਿੰਦਰ ਸਿੰਘ ਬਿੱਟੂ, ਐਸ.ਡੀ.ਐਮ. ਖਰੜ ਸ੍ਰੀ ਗੁਰਮੀਤ ਸਿੰਘ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਵਰਿੰਦਰ ਕੁਮਾਰ, ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ, ਮੰਡੀ ਬੋਰਡ ਦੇ ਅਧਿਕਾਰੀ ਅਤੇ ਹੋਰ ਸਬੰਧਤ ਅਧਿਕਾਰੀ ਹਾਜ਼ਰ ਸਨ।

ਜ਼ਿਲ੍ਹੇ 'ਚ ਝੋਨੇ ਦੀ ਖਰੀਦ ਜਾਰੀ, ਡਿਪਟੀ ਕਮਿਸ਼ਨਰ ਵਲੋਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

- **ਹੁਣ ਤੱਕ 17772 ਮੀਟ੍ਰਿਕ ਟਨ ਝੋਨੇ ਦੀ ਆਮਦ 'ਚੋਂ 14867 ਮੀਟ੍ਰਿਕ ਟਨ ਦੀ ਖਰੀਦ ਅਤੇ ਕਿਸਾਨਾਂ ਨੂੰ ਤੈਅ ਸਮੇਂ 'ਚ 4.85 ਕਰੋੜ ਰੁਪਏ ਦੀ ਅਦਾਇਗੀ**
- **ਮੌਜੂਦਾ ਸੀਜ਼ਨ ਦੌਰਾਨ ਜ਼ਿਲ੍ਹੇ 'ਚ 4.15 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ**



ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲਗਾਤਾਰ ਚੱਲ ਰਹੀ ਝੋਨੇ ਦੀ ਖਰੀਦ ਦੀ ਅੱਜ ਇਥੇ ਸਮੀਖਿਆ ਕਰਦਿਆਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿਚ ਨਿਰਧਾਰਤ ਨਮੀ ਵਾਲਾ ਸੁੱਕਾ ਝੋਨਾ ਲਿਆਉਣ ਨੂੰ ਤਰਜ਼ੀਹ ਦਿੱਤੀ ਜਾਵੇ ਤਾਂ ਜੋ ਉਨ੍ਹਾਂ ਦੀ ਫਸਲ ਘੱਟੋ-ਘੱਟ ਸਮੇਂ ਵਿਚ ਖਰੀਦੀ ਜਾ ਸਕੇ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਜ਼ਿਲ੍ਹੇ ਵਿਚ 65 ਮੰਡੀਆਂ ਸਥਾਪਿਤ ਹਨ ਜਿਥੇ 1 ਅਕਤੂਬਰ ਤੋਂ ਝੋਨੇ ਦੀ ਖਰੀਦ ਸ਼ੁਰੂ ਹੋ ਚੁੱਕੀ ਹੈ ਅਤੇ ਕਿਸਾਨਾਂ, ਆੜ੍ਹਤੀਆਂ ਤੇ ਲੇਬਰ ਦੇ ਹਿੱਤਾਂ ਨੂੰ ਧਿਆਨ ਵਿਚ ਰੱਖਦਿਆਂ ਸਮੁੱਚੇ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ 17772 ਮੀਟ੍ਰਿਕ ਟਨ ਝੋਨੇ ਦੀ ਆਮਦ ਦਰਜ ਕੀਤੀ ਗਈ ਹੈ ਜਿਸ ਵਿਚੋਂ 14867 ਮੀਟ੍ਰਿਕ ਟਨ ਫਸਲ ਦੀ ਖਰੀਦ ਕਰਕੇ ਕਿਸਾਨਾਂ ਦੇ ਖਾਤਿਆਂ ਵਿਚ 4.85 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚ ਲਗਭਗ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਅਤੇ ਬਾਰਦਾਨੇ ਦੀ ਲੋੜ ਅਨੁਸਾਰ ਸਪਲਾਈ ਯਕੀਨੀ ਬਣਾਈ ਗਈ ਹੈ ਤਾਂ ਜੋ ਫ਼ਸਲ ਨੂੰ ਮਿਥੇ ਸਮੇਂ ਵਿਚ ਚੁੱਕਿਆ ਜਾ ਸਕੇ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਸ ਸੀਜਨ ਦੌਰਾਨ 17 ਫੀਸਦੀ ਨਮੀ ਨਿਰਧਾਰਤ ਕੀਤੀ ਗਈ ਜਿਸ ਨੂੰ ਕਿਸਾਨਾਂ ਵਲੋਂ ਪੂਰੀ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲਗਭਗ 4.15 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ ਜਿਸ ਦੇ ਮੱਦੇਨਜ਼ਰ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਖੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਵਲੋਂ ਮੰਡੀਆਂ ਵਿਚ ਪ੍ਰਬੰਧਾਂ ਦੀ ਰੈਗੂਲਰ ਸਮੀਖਿਆ ਕੀਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਕਾਮਿਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ।

ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਵਿਚ ਮਾਰਕਫੈੱਡ, ਪਨਗ੍ਰੇਨ, ਪਨਸਪ, ਪੰਜਾਬ ਵੇਅਰਹਾਊਸ ਅਤੇ ਐਫ.ਸੀ.ਆਈ. ਸ਼ਾਮਲ ਹਨ ਜੋ ਕਿਸਾਨਾਂ ਦੀ ਫ਼ਸਲ ਨੂੰ ਖਰੀਦਣਗੀਆਂ। ਜ਼ਿਕਰਯੋਗ ਹੈ ਕਿ ਇਸ ਸੀਜਨ ਦੌਰਾਨ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2,461 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਫ਼ਸਲ ਖਰੀਦ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਬਣਦੀ ਅਦਾਇਗੀ ਕਰਨ ਦੇ ਨਾਲ-ਨਾਲ ਫੌਰੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨ ਨਾਲ ਝੋਨੇ ਦੀ ਕਟਾਈ 'ਤੇ ਪਾਬੰਦੀ ਲਗਾਈ ਗਈ ਹੈ ਜਿਸ ਨੂੰ ਹਰ ਹਾਲ ਬਰਕਰਾਰ ਰੱਖਿਆ ਜਾਵੇ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਪਿੰਡ ਭੁੱਲਰਹੇੜੀ ਵਿੱਚ 'ਆਪ' ਨੂੰ ਮਿਲਿਆ ਭਰਵਾਂ ਹੁੰਗਾਰਾ, ਵੱਡੀ ਗਿਣਤੀ ਵਿੱਚ ਲੋਕ ਪਾਰਟੀ ਵਿੱਚ ਸ਼ਾਮਲ

ਓ.ਐਸ.ਡੀ. ਸੁਖਵੀਰ ਸਿੰਘ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਿੰਡ ਵਾਸੀਆਂ ਦਾ ਕੀਤਾ ਸਵਾਗਤ

ਭੁੱਲਰਹੇਰੀ, 5 ਅਕਤੂਬਰ (ਪੈ.ਗਾਮ-ਏ-ਜਗਤ)



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਅਤੇ ਲਏ ਜਾ ਰਹੇ ਫੈਸਲਿਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਭੁੱਲਰਹੇੜੀ ਦੇ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਿੰਡ ਵਾਸੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਸਦਕਾ ਲੋਕ ਆਪ-ਮੁਹਾਰੇ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਿੱਖਿਆ, ਸਿਹਤ, ਖੇਡਾਂ ਅਤੇ ਹੋਰ ਖੇਤਰਾਂ ਵਿੱਚ ਵੀ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਬਿਹਤਰ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਹੈ।

ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡ ਭੁੱਲਰਹੇੜੀ ਦੇ ਵਾਲਮੀਕਿ ਮੰਦਰ ਲਈ 15 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ। ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਅਤੇ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ ਸਮੇਤ ਪਾਰਟੀ ਆਗੂਆਂ, ਵਰਕਰਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਧੂਰੀ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ

- ਓ.ਐਸ.ਡੀ. ਸੁਖਵੀਰ ਸਿੰਘ ਅਤੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕੀਤੀ ਸ਼ਿਰਕਤ

ਧੂਰੀ, 5 ਅਕਤੂਬਰ (ਪੈ.ਗਾਮ-ਏ-ਜਗਤ)



ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ, ਜ਼ਿਲ੍ਹਾ ਸੰਗਰੂਰ ਵੱਲੋਂ ਹਾੜੀ 2026 ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਅੱਜ ਧੂਰੀ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਕੈਂਪ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਅਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ ਅਤੇ ਵਿਗਿਆਨਕ ਖੇਤੀ ਵਿਧੀਆਂ ਬਾਰੇ ਜਾਣਕਾਰੀ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਸਿਖਲਾਈ ਕੈਂਪ ਕਿਸਾਨਾਂ ਨੂੰ ਖੇਤੀਬਾੜੀ ਮਾਹਿਰਾਂ ਨਾਲ ਸਿੱਧਾ ਸੰਵਾਦ ਕਰਨ ਅਤੇ ਆਪਣੀਆਂ ਖੇਤੀ ਸਬੰਧੀ ਸਮੱਸਿਆਵਾਂ ਦਾ ਹੱਲ ਜਾਣਨ ਲਈ ਮਹੱਤਵਪੂਰਨ ਮੰਚ ਪ੍ਰਦਾਨ ਕਰਦੇ ਹਨ।

ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਕਿਸਾਨ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਅਤੇ ਖੇਤੀਬਾੜੀ ਨੂੰ ਹੋਰ ਲਾਹੇਵੰਦ ਬਣਾਉਣ ਲਈ ਕਿਸਾਨਾਂ ਤੱਕ ਵਿਗਿਆਨਕ ਅਤੇ ਤਕਨੀਕੀ ਜਾਣਕਾਰੀ ਪਹੁੰਚਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਸਾਨਾਂ ਨੂੰ ਮਾਹਿਰਾਂ ਵੱਲੋਂ ਦਿੱਤੀ ਜਾਣਕਾਰੀ ਨੂੰ ਅਮਲ ਵਿੱਚ ਲਿਆਉਣ ਅਤੇ ਨਵੀਆਂ ਖੇਤੀ ਤਕਨੀਕਾਂ ਅਪਨਾਉਣ ਦੀ ਅਪੀਲ ਕੀਤੀ।

ਕੈਂਪ ਦੌਰਾਨ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਮਾਹਿਰਾਂ ਵੱਲੋਂ ਹਾੜੀ ਦੀਆਂ ਵੱਖ-ਵੱਖ ਫਸਲਾਂ ਦੀ ਕਾਸ਼ਤ ਦੇ ਢੰਗ-ਤਰੀਕਿਆਂ, ਬੀਜਾਂ ਦੀ ਚੋਣ, ਫਸਲਾਂ ਦੀ ਸਾਂਭ-ਸੰਭਾਲ, ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੀ ਰੋਕਥਾਮ ਸਮੇਤ ਹੋਰ ਅਹਿਮ ਖੇਤੀਬਾੜੀ ਵਿਸ਼ਿਆਂ ਬਾਰੇ ਕਿਸਾਨਾਂ ਨੂੰ ਵਿਸਥਾਰਪੂਰਵਕ ਤਕਨੀਕੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਅਗਾਂਹਵਧੂ ਕਿਸਾਨਾਂ ਦਾ ਸਨਮਾਨ ਵੀ ਕੀਤਾ ਗਿਆ, ਜਿਨ੍ਹਾਂ ਨੇ ਖੇਤੀਬਾੜੀ ਦੇ ਖੇਤਰ ਵਿੱਚ ਨਵੀਆਂ ਤਕਨੀਕਾਂ ਅਤੇ ਬਿਹਤਰ ਖੇਤੀ ਵਿਧੀਆਂ ਨੂੰ ਅਪਨਾ ਕੇ ਹੋਰਨਾਂ ਕਿਸਾਨਾਂ ਲਈ ਮਿਸਾਲ ਕਾਇਮ ਕੀਤੀ ਹੈ। ਕੈਂਪ ਵਿੱਚ ਖੇਤੀਬਾੜੀ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਅਤੇ ਸੰਸਥਾਵਾਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਸਟਾਲਾਂ ਲਗਾ ਕੇ ਖੇਤੀਬਾੜੀ ਸਬੰਧੀ ਪ੍ਰਦਰਸ਼ਨੀ ਵੀ ਲਗਾਈ ਗਈ। ਇਨ੍ਹਾਂ ਸਟਾਲਾਂ ਰਾਹੀਂ ਕਿਸਾਨਾਂ ਨੂੰ ਆਧੁਨਿਕ ਖੇਤੀ ਸੰਦਾਂ, ਵਿਭਾਗੀ ਸਕੀਮਾਂ, ਫਸਲਾਂ ਦੀ ਤਕਨੀਕੀ ਸਾਂਭ-ਸੰਭਾਲ ਅਤੇ ਖੇਤੀਬਾੜੀ ਨਾਲ ਸਬੰਧਤ ਹੋਰ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ ਇਸ ਮੌਕੇ ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਸੇਖੋਂ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਮੁੱਖ ਖੇਤੀਬਾੜੀ ਅਫ਼ਸਰ ਸੰਗਰੂਰ ਡਾ. ਹਰਬੰਸ ਸਿੰਘ ਸਿੱਧੂ ਸਮੇਤ ਖੇਤੀਬਾੜੀ ਵਿਭਾਗ ਦੇ ਅਧਿਕਾਰੀ, ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

ਭਾਜਪਾ ਆਗੂ ਮਨਪ੍ਰੀਤ ਸਿੰਘ ਬੰਨੀ ਨੇ ਰਵਿੰਦਰ ਵੈਸ਼ਨਵ ਨੂੰ ਦਿੱਤੀ ਵਧਾਈ

ਪੈ.ਗਾਮ-ਏ-ਜਗਤ
ਮੋਹਾਲੀ, (ਸੰਜੀਵ ਸਿੰਘ ਸੈਣੀ)



ਭਾਜਪਾ ਆਗੂ ਮਨਪ੍ਰੀਤ ਸਿੰਘ ਬੰਨੀ ਵੱਲੋਂ ਭਾਜਪਾ ਓ.ਬੀ.ਸੀ. ਮੋਰਚਾ ਪੰਜਾਬ ਦੇ ਪ੍ਰਧਾਨ ਸ਼ਿਵਰਾਜ ਚੌਧਰੀ ਜੀ ਦੀ ਨਵੀਂ ਟੀਮ ਵਿੱਚ ਜ਼ਿੰਮੇਵਾਰੀ ਮਿਲਣ 'ਤੇ ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦੇ ਹੋਏ, ਵਿਸ਼ੇਸ਼ ਤੌਰ 'ਤੇ ·:ਰਵਿੰਦਰ ਵੈਸ਼ਨਵ ਜੀ ਨੂੰ ਭਾਜਪਾ ਓ.ਬੀ.ਸੀ. ਮੋਰਚਾ, ਪੰਜਾਬ ਦਾ ਪ੍ਰੈੱਸ ਸਕੱਤਰ·: ਨਿਯੁਕਤ ਹੋਣ 'ਤੇ ਦਿਲੋਂ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਮਨਪ੍ਰੀਤ ਸਿੰਘ ਬੰਨੀ ਨੇ ਇਸ ਨਿਯੁਕਤੀ ਲਈ *ਭਾਜਪਾ ਪੰਜਾਬ ਦੇ ਪ੍ਰਦੇਸ਼ ਪ੍ਰਧਾਨ ਕੇਵਲ ਸਿੰਘ ਢਿੱਲੋਂ ਜੀ ਅਤੇ ਓ.ਬੀ.ਸੀ. ਮੋਰਚਾ ਪੰਜਾਬ ਦੇ ਪ੍ਰਦੇਸ਼ ਪ੍ਰਧਾਨ ਸ਼ਿਵਰਾਜ ਚੌਧਰੀ ਜੀ ਦਾ ਵੀ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਰਵਿੰਦਰ ਵੈਸ਼ਨਵ ਜੀ ਓ.ਬੀ.ਸੀ. ਮੋਰਚਾ ਪੰਜਾਬ ਦੇ ਉਪ-ਪ੍ਰਧਾਨ ਦੇ ਅਹੁਦੇ 'ਤੇ ਆਪਣੀਆਂ ਸੇਵਾਵਾਂ ਦੇ ਰਹੇ ਸਨ ਅਤੇ ਹੁਣ ਉਨ੍ਹਾਂ ਨੂੰ *ਪ੍ਰੈੱਸ ਸਕੱਤਰ, ਪੰਜਾਬ* ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਇਨ੍ਹਾਂ ਦੇ ਨਾਲ-ਨਾਲ ਡੇਰਾ ਬੱਸੀ ਤੋਂ *ਗੁਰਦਰਸ਼ਨ ਸਿੰਘ ਸੈਣੀ ਜੀ ਨੂੰ ਓ.ਬੀ.ਸੀ. ਮੋਰਚਾ ਦਾ ਉਪ-ਪ੍ਰਧਾਨ ਅਤੇ ਦਿਨੇਸ਼ ਵੈਸ਼ਨਵ ਜੀ ਨੂੰ ਐਗਜ਼ੀਕਿਊਟਿਵ ਮੈਂਬਰ ਨਿਯੁਕਤ ਕੀਤਾ ਗਿਆ ਹੈ।

ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਦੀ ਜਥੇਬੰਦਕ ਕਨਵੈਨਸ਼ਨ ਸ.ਫਲਤਾਪੂਰਵਕ ਸੰਪੰਨ

- 42 ਮੈਂਬਰੀ ਸੂਬਾ ਕਮੇਟੀ ਦੀ ਕੀਤੀ ਗਈ ਚੋਣ, ਹਰਮਨਪ੍ਰੀਤ ਕੌਰ ਗਿੱਲ ਪ੍ਰਧਾਨ ਅਤੇ ਗੁਰਪ੍ਰੀਤ ਕੌਰ ਜਨਰਲ ਸਕੱਤਰ ਵਜੋਂ ਚੁਣੇ ਗਏ; 1 ਨਵੰਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਨ ਦਾ ਐਲਾਨ

ਪੈ.ਗਾਮ-ਏ-ਜਗਤ
ਪਟਿਆਲਾ/ਜਲੰਧਰ (ਮਨਪ੍ਰੀਤ ਸਿੰਘ)



ਪੰਜਾਬ ਦੇ ਵੱਖ-ਵੱਖ ਸਰਕਾਰੀ ਅਤੇ ਅਰਧ-ਸਰਕਾਰੀ ਵਿਭਾਗਾਂ ਵਿੱਚ ਸੇਵਾਵਾਂ ਨਿਭਾ ਰਹੀਆਂ ਮਹਿਲਾ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਲਈ ਲਗਾਤਾਰ ਸੰਘਰਸ਼ਰਤ ਜਥੇਬੰਦੀ "ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ"ਦੀ ਇੱਕ ਅਹਿਮ ਸੂਬਾ ਪੱਧਰੀ ਜਥੇਬੰਦਕ ਕਾਨਫਰੰਸ ਇਤਿਹਾਸਕ ਅਸਥਾਨ ਦੇਸ਼ ਭਗਤ ਯਾਦਗਾਰ ਹਾਲ, ਜਲੰਧਰ ਵਿਖੇ ਬਹੁਤ ਹੀ ਉਤਸ਼ਾਹਪੂਰਵਕ ਮਾਹੌਲ ਵਿੱਚ ਆਯੋਜਿਤ ਕੀਤੀ ਗਈ। ਇਹ ਕਾਨਫਰੰਸ ਹਰਮਨਪ੍ਰੀਤ ਕੌਰ ਗਿੱਲ, ਗੁਰਪ੍ਰੀਤ ਕੌਰ, ਰਣਜੀਤ ਕੌਰ ਪੱਟੀ, ਬਿਮਲਾ ਰਾਣੀ, ਸ਼ਰਮੀਲਾ ਰਾਣੀ ਅਤੇ ਰਾਣੋ ਖੇੜੀ ਗਿੱਲਾਂ 'ਤੇ ਅਧਾਰਿਤ ਇੱਕ ਵਿਸ਼ੇਸ਼ ਪ੍ਰਧਾਨਗੀ ਮੰਡਲ ਦੀ ਯੋਗ ਅਗਵਾਈ ਹੇਠ ਸੰਪੰਨ ਹੋਈ। ਇਸ ਜਥੇਬੰਦਕ ਇਕੱਠ ਵਿੱਚ ਸੂਬੇ ਦੇ ਕੋਨੇ-ਕੋਨੇ ਤੋਂ ਵੱਖ-ਵੱਖ ਵਿਭਾਗਾਂ ਦੀਆਂ ਮਹਿਲਾ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਣੇ ਏਕੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਕਾਨਫਰੰਸ ਦੇ ਉਦਘਾਟਨੀ ਦੌਰ ਦੌਰਾਨ ਮਹਿਲਾ ਮੁਕਤੀ ਮੋਰਚਾ ਦੇ ਸੂਬਾ ਜਨਰਲ ਸਕੱਤਰ ਪ੍ਰੋਫੈਸਰ ਸੁਰਿੰਦਰ ਕੌਰ ਜੈਪਾਲ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ ਅਤੇ ਹਾਜ਼ਰੀਨ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਸੂਬੇ, ਦੇਸ਼ ਅਤੇ ਸਮਾਜ ਅੰਦਰ ਔਰਤਾਂ ਦੀ ਮੌਜੂਦਾ ਆਰਥਿਕ, ਸਮਾਜਿਕ ਅਤੇ ਨੈਤਿਕ ਹਾਲਤ ਉੱਤੇ ਵਿਸਥਾਰਪੂਰਵਕ ਚਾਨਣਾ ਪਾਇਆ। ਪ੍ਰੋ. ਜੈਪਾਲ ਨੇ ਆਪਣੇ ਭਾਸ਼ਣ ਵਿੱਚ ਪਿਛਲੇ ਸਮੇਂ ਦੌਰਾਨ ਵੱਖ-ਵੱਖ ਹੁਕਮਰਾਨਾਂ ਵੱਲੋਂ ਔਰਤ ਵਰਗ ਉੱਤੇ ਕੀਤੇ ਗਏ ਜ਼ੁਲਮਾਂ ਅਤੇ ਧੱਕੇਸ਼ਾਹੀਆਂ ਦਾ ਜ਼ਿਕਰ ਕੀਤਾ। ਨਾਲ ਹੀ ਉਨ੍ਹਾਂ ਨੇ ਇਹ ਵੀ ਰੇਖਾਂਕਿਤ ਕੀਤਾ ਕਿ ਕਿਸ ਤਰ੍ਹਾਂ ਔਰਤਾਂ ਨੇ ਨਿਰੰਤਰ ਸੰਘਰਸ਼ਾਂ ਦੇ ਬਲਬੂਤੇ ਆਪਣੇ ਜੀਵਨ ਪੱਧਰ ਵਿੱਚ ਸੁਧਾਰ ਲਿਆਂਦਾ ਹੈ ਅਤੇ ਅਨੇਕਾਂ ਮਹੱਤਵਪੂਰਨ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਨੇ ਸਮੂਹ ਮਹਿਲਾ ਮੁਲਾਜ਼ਮਾਂ ਨੂੰ ਆਪਣੇ ਅਧਿਕਾਰਾਂ ਦੀ ਰਾਖੀ ਲਈ ਭਵਿੱਖ ਵਿੱਚ ਵੀ ਡਟ ਕੇ ਸੰਘਰਸ਼ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪੰਜਾਬ ਸਬੋਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦਾ ਇੱਕ ਬਹੁਤ ਹੀ ਗੌਰਵਮਈ ਅਤੇ ਸੰਘਰਸ਼ਸ਼ੀਲ ਇਤਿਹਾਸ ਰਿਹਾ ਹੈ। ਅੱਜ ਦੇ ਸਮੇਂ ਵਿੱਚ ਮਹਿਲਾ ਮੁਲਾਜ਼ਮਾਂ ਨੂੰ ਦਰਪੇਸ਼ ਗੰਭੀਰ ਸਮੱਸਿਆਵਾਂ ਅਤੇ ਉਨ੍ਹਾਂ ਦੀਆਂ ਲਟਕਦੀਆਂ ਮੰਗਾਂ ਨੂੰ ਪ੍ਰਾਪਤ ਕਰਨ ਲਈ ਇਸ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨਾ ਅਤੇ ਸੰਘਰਸ਼ ਦੇ ਰਾਹ ਪੈਣਾ ਸਮੇਂ ਦੀ ਮੁੱਖ ਲੋੜ ਹੈ।

ਕਾਨਫਰੰਸ ਦੇ ਅਗਲੇ ਪੜਾਅ ਵਿੱਚ ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਗੁਰਪ੍ਰੀਤ ਕੌਰ ਵੱਲੋਂ ਪਿਛਲੇ ਸਮੇਂ ਦੀ ਕਾਰਵਾਈ ਰਿਪੋਰਟ ਅਤੇ ਵਿੱਤ ਸਕੱਤਰ ਰਣਜੀਤ ਕੌਰ ਵੱਲੋਂ ਆਇਆ-ਗਿਆ ਦਾ ਵਿੱਤੀ ਲੇਖਾ-ਜੋਖਾ ਪੇਸ਼ ਕੀਤਾ ਗਿਆ। ਇਸ ਰਿਪੋਰਟ ਉੱਤੇ ਬਹਿਸ ਦੌਰਾਨ ਵੱਖ-ਵੱਖ ਬੁਲਾਰਿਆਂ—ਜਿਵੇਂ ਕਿ ਸ਼ਵਿੰਦਰ ਕੌਰ, ਮਮਤਾ ਰਾਣੀ, ਬਿਮਲਾ ਰਾਣੀ, ਕਮਲਜੀਤ ਕੌਰ, ਰਾਣੋ ਖੇੜੀ ਗਿੱਲਾਂ, ਸ਼ਰਮੀਲਾ ਦੇਵੀ, ਪ੍ਰਵੀਨ ਬਾਲਾ, ਲਖਵਿੰਦਰ ਕੌਰ ਅਤੇ ਗੁਰਜੀਤ ਕੌਰ—ਨੇ ਆਪਣੇ-ਆਪਣੇ ਵਿਭਾਗਾਂ ਨਾਲ ਸਬੰਧਤ ਮੁਸ਼ਕਿਲਾਂ, ਕੰਮ ਦੇ ਮਾਹੌਲ ਅਤੇ ਜਥੇਬੰਦੀ ਵੱਲੋਂ ਦਿੱਤੇ ਜਾ ਰਹੇ ਧਰਨਿਆਂ-ਮੁਜ਼ਾਹਰਿਆਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਬੁਲਾਰਿਆਂ ਨੇ ਕੰਮਕਾਜੀ ਥਾਵਾਂ 'ਤੇ ਔਰਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਠੋਸ ਨੀਤੀਆਂ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ।

ਪ.ਸ.ਸ.ਫ. ਦੇ ਸੀਨੀਅਰ ਆਗੂਆਂ ਇੰਦਰਜੀਤ ਵਿਰਦੀ, ਕੁਲਦੀਪ ਦੌੜਕਾ ਅਤੇ ਰਾਜ ਬੇਦੀ ਨੇ ਸੰਬੋਧਨ ਕਰਦਿਆਂ ਜਥੇਬੰਦਕ ਢਾਂਚੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਆਖਿਆ ਕਿ ਮਹਿਲਾ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰੀ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ, ਉਨ੍ਹਾਂ ਆ ਰਹੀਆਂ ਵਿਧਾਨ ਸਭਾ ਚੋਣਾਂ ਦੌਰਾਨ ਮੁਲਾਜ਼ਮ ਵਿਰੋਧੀ ਨੀਤੀਆਂ ਲਾਗੂ ਕਰਨ ਵਾਲੀ ਭਗਵੰਤ ਮਾਨ ਸਰਕਾਰ ਨੂੰ ਸਬਕ ਸਿਖਾਉਣ ਅਤੇ ਉਨ੍ਹਾਂ ਨੂੰ ਹਰਾਉਣ ਵਿੱਚ ਆਪਣਾ ਪੂਰਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਇਸ ਮੌਕੇ ਰੁਪਿੰਦਰ ਕੌਰ, ਆਸ਼ਾ ਰਾਣੀ, ਲਖਵਿੰਦਰ ਸਿੰਘ ਖਾਨਪੁਰ, ਗੁਰਦੇਵ ਸਿੰਘ ਸਿੱਧੂ, ਕੁਲਦੀਪ ਸਿੰਘ ਕੌੜਾ, ਰਤਨ ਸਿੰਘ, ਨਿਰਮਲ ਸਿੰਘ, ਪੁਸ਼ਪਿੰਦਰ ਪਿੰਕੀ ਆਦਿ ਆਗੂ ਵੀ ਹਾਜ਼ਰ ਸਨ।

ਵਿਧਾਇਕ ਰੰਧਾਵਾ ਵੱਲੋਂ ਨਾਭਾ-ਭਬਾਤ ਤੇ ਨਾਭਾ ਹਾਈਗਰਾਊਂਡ ਰੋਡ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

2.78 ਕਰੋੜ ਰੁਪਏ ਦੀ ਲਾਗਤ ਨਾਲ ਬਣੇਗੀ ਸੜਕ, ਇਲਾਕਾ ਵਾਸੀਆਂ ਨੂੰ ਮਿਲੇਗੀ ਵੱਡੀ ਰਾਹਤ

ਜ਼ੀਰਕਪੁਰ, 5 ਅਕਤੂਬਰ (ਪੈ.ਗਾਮ-ਏ-ਜਗਤ)



ਹਲਕਾ ਡੇਰਾਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਅੱਜ ਨਾਭਾ-ਭਬਾਤ ਅਤੇ ਨਾਭਾ ਹਾਈਗਰਾਊਂਡ ਰੋਡ ਦੇ ਨਿਰਮਾਣ ਕਾਰਜ ਦੀ ਰਸਮੀ ਸ਼ੁਰੂਆਤ ਕੀਤੀ ਗਈ। ਲਗਭਗ 2 ਕਰੋੜ 78 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਇਸ ਮਹੱਤਵਪੂਰਨ ਸੜਕ ਨਾਲ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਹੋਰ ਸੁਖਾਲੀ ਹੋਵੇਗੀ।

ਇਹ ਸੜਕ ਪਿਛਲੇ ਲੰਮੇ ਸਮੇਂ ਤੋਂ ਖ਼ਸਤਾਹਾਲ ਹੋਣ ਕਾਰਨ ਰਾਹਗੀਰਾਂ ਅਤੇ ਸਥਾਨਕ ਵਸਨੀਕਾਂ ਨੂੰ ਰੋਜ਼ਾਨਾ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਲਾਕਾ ਵਾਸੀਆਂ ਵੱਲੋਂ ਲੰਮੇ ਸਮੇਂ ਤੋਂ ਇਸ ਸੜਕ ਦੇ ਨਵੇਂ ਸਿਰੇ ਤੋਂ ਨਿਰਮਾਣ ਦੀ ਮੰਗ ਕੀਤੀ ਜਾ ਰਹੀ ਸੀ, ਜੋ ਹੁਣ ਪੂਰੀ ਹੋਣ ਜਾ ਰਹੀ ਹੈ। ਇਸ ਮੌਕੇ ਮੀਡੀਆ ਅਤੇ ਇਕੱਤਰ ਹੋਏ ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਹਲਕਾ ਡੇਰਾਬੱਸੀ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੇ ਉਨ੍ਹਾਂ 'ਤੇ ਭਰੋਸਾ ਜਤਾਉਂਦਿਆਂ ਉਨ੍ਹਾਂ ਨੂੰ ਵਿਧਾਨ ਸਭਾ ਵਿੱਚ ਭੇਜਿਆ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਤੇ ਉਨ੍ਹਾਂ ਦੇ ਹਿੱਤਾਂ ਲਈ ਕੰਮ ਕਰਨਾ ਉਨ੍ਹਾਂ ਦੀ ਮੁੱਖ ਜ਼ਿੰਮੇਵਾਰੀ ਹੈ। ਵਿਧਾਇਕ ਰੰਧਾਵਾ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕੇ ਦੇ ਵਿਕਾਸ ਕਾਰਜਾਂ ਲਈ ਲੋੜੀਂਦੇ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ ਅਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਨੂੰ ਹੋਰ ਤੇਜ਼ੀ ਨਾਲ ਮੁਕੰਮਲ ਕਰਨ ਲਈ ਇਲਾਕੇ ਵਿੱਚ ਤਕਨੀਕੀ ਅਧਿਕਾਰੀਆਂ, ਜਿਵੇਂ ਜੇ.ਈ. ਅਤੇ ਐੱਸ.ਡੀ.ਓ., ਦੀ ਘਾਟ ਨੂੰ ਵੀ ਜਲਦ ਪੂਰਾ ਕਰਵਾਉਣ ਲਈ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਹ ਸਥਾਨਕ ਸਰਕਾਰਾਂ ਬਾਰੇ ਮੰਤਰੀ ਕੋਲ ਮਾਮਲਾ ਉਠਾਉਣਗੇ, ਤਾਂ ਜੋ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਅਤੇ ਪਾਰਦਰਸ਼ਤਾ ਲਿਆਂਦੀ ਜਾ ਸਕੇ।

ਵਿਧਾਇਕ ਰੰਧਾਵਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਬੁਨਿਆਦੀ ਢਾਂਚੇ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਗਿਆ, ਪਰ ਮੌਜੂਦਾ ਸਰਕਾਰ ਵੱਲੋਂ ਸ਼ਹਿਰਾਂ ਅਤੇ ਪਿੰਡਾਂ ਦੀਆਂ ਮੁੱਖ ਸੜਕਾਂ ਸਮੇਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ। ਇਸ ਮੌਕੇ ਨਗਰ ਕੌਂਸਲ ਜ਼ੀਰਕਪੁਰ ਦੇ ਪ੍ਰਧਾਨ ਸ. ਗੁਰਪ੍ਰੀਤ ਸਿੰਘ ਵਿਰਕ, ਕਾਰਜ ਸਾਧਕ ਅਫ਼ਸਰ ਸ. ਪਰਵਿੰਦਰ ਸਿੰਘ ਭੱਟੀ, ਸਮੂਹ ਕੌਂਸਲਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ। ਇਲਾਕਾ ਵਾਸੀਆਂ ਨੇ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਿਧਾਇਕ ਰੰਧਾਵਾ ਦਾ ਧੰਨਵਾਦ ਕੀਤਾ।

ਰਤੀਆ ਵਿੱਚ ਫਸਲ ਦੀ ਕਟਾਈ ਸਿਰ 'ਤੇ, ਫਿਰ ਵੀ ਰਜਿਸਟ੍ਰੇਸ਼ਨ ਕੱਟਣ ਦੀ ਸਮੱਸਿਆ ਦਾ ਹੱਲ ਨਹੀਂ

- 9 ਅਕਤੂਬਰ ਨੂੰ ਰਤੀਆ ਐਸ.ਡੀ.ਐਮ. ਦਫ਼ਤਰ ਵਿਖੇ ਧਰਨਾ ਪ੍ਰਦਰਸ਼ਨ ਹੋਵੇਗਾ-ਜ਼ਿਲ੍ਹਾ ਪ੍ਰਧਾਨ ਨਿਰਭੈ ਰਤੀਆ

ਪੈ.ਗਾਮ-ਏ-ਜਗਤ
ਰਤੀਆ, 5 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)



ਫਸਲ ਰਜਿਸਟ੍ਰੇਸ਼ਨ ਵੈਰੀਫਿਕੇਸ਼ਨ ਦੇ ਨਾਮ 'ਤੇ ਕੱਟੇ ਗਏ ਰਜਿਸਟ੍ਰੇਸ਼ਨਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੀ ਅਗਵਾਈ ਹੇਠ ਕਿਸਾਨਾਂ ਨੇ ਐਸ.ਡੀ.ਐਮ. ਦਫ਼ਤਰ ਰਤੀਆ ਪਹੁੰਚ ਕੇ ਸਖ਼ਤ ਰੋਸ ਦਰਜ ਕਰਵਾਇਆ। ਕਿਸਾਨ ਆਗੂਆਂ ਨੇ ਦੱਸਿਆ ਕਿ ਇਸ ਸਬੰਧੀ ਪਿਛਲੇ ਸ਼ੁੱਕਰਵਾਰ ਨੂੰ ਹੀ ਪ੍ਰਸ਼ਾਸਨ ਨੂੰ ਸ਼ਿਕਾਇਤ ਸੌਂਪ ਦਿੱਤੀ ਗਈ ਸੀ, ਪਰ ਕਈ ਦਿਨ ਬੀਤ ਜਾਣ ਦੇ ਬਾਵਜੂਦ ਸਥਿਤੀ ਜਿਉਂ ਦੀ ਤਿਉਂ ਬਣੀ ਹੋਈ ਹੈ।

ਗੱਲਬਾਤ ਦੌਰਾਨ ਰਤੀਆ ਦੇ ਐਸ.ਡੀ.ਐਮ. ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਅਗਲੇ ਤਿੰਨ ਦਿਨਾਂ ਵਿੱਚ ਸਾਰੀਆਂ ਸਮੱਸਿਆਵਾਂ ਦਾ ਹੱਲ ਕਰ ਦਿੱਤਾ ਜਾਵੇਗਾ।

ਪ੍ਰੈਸ ਨੂੰ ਜਾਰੀ ਬਿਆਨ ਵਿੱਚ ਜ਼ਿਲ੍ਹਾ ਪ੍ਰਧਾਨ ਨਿਰਭੈ ਸਿੰਘ ਰਤੀਆ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਫਸਲ ਪੂਰੀ ਤਰ੍ਹਾਂ ਪੱਕ ਕੇ ਤਿਆਰ ਹੈ ਅਤੇ ਕਿਸਾਨ ਇਸ ਨੂੰ ਵੇਚਣ ਲਈ ਮੰਡੀਆਂ ਵਿੱਚ ਲੈ ਕੇ ਆਉਣਗੇ। ਪਰ ਵੈਰੀਫਿਕੇਸ਼ਨ ਦੇ ਨਾਮ 'ਤੇ ਰਜਿਸਟ੍ਰੇਸ਼ਨ ਰੱਦ ਹੋਣ ਕਾਰਨ ਕਿਸਾਨ ਆਪਣੀ ਫਸਲ ਨੂੰ ਘੱਟੋ-ਘੱਟ ਸਮਰਥਨ ਮੁੱਲ ਅਰਥਾਤ ਸਰਕਾਰੀ ਭਾਅ 'ਤੇ ਨਹੀਂ ਵੇਚ ਸਕਣਗੇ। ਇਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਹੋਵੇਗਾ ਅਤੇ ਮੰਡੀ ਵਿੱਚ ਦਰ-ਦਰ ਭਟਕਣ ਵਾਲੀ ਸੰਕਟਮਈ ਸਥਿਤੀ ਦਾ ਸਾਹਮਣਾ ਕਰਨਾ ਪਵੇਗਾ। ਪ੍ਰਸ਼ਾਸਨ ਨੂੰ ਅੰਤਿਮ ਅਲਟੀਮੇਟਮ ਦਿੰਦਿਆਂ ਨਿਰਭੈ ਸਿੰਘ ਰਤੀਆ ਨੇ ਚੇਤਾਵਨੀ ਦਿੱਤੀ, "ਜੇਕਰ ਸਮੇਂ ਸਿਰ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ 9 ਅਕਤੂਬਰ ਨੂੰ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨ ਰਤੀਆ ਐਸ.ਡੀ.ਐਮ. ਦਫ਼ਤਰ ਪਹੁੰਚਣਗੇ ਅਤੇ ਤਿੱਖਾ ਧਰਨਾ-ਪ੍ਰਦਰਸ਼ਨ ਸ਼ੁਰੂ ਕਰਨਗੇ। ਕਿਸਾਨਾਂ ਦੇ ਹੱਕ ਦੀ ਲੜਾਈ ਹਰ ਪੱਧਰ 'ਤੇ ਲੜੀ ਜਾਵੇਗੀ ਅਤੇ ਕਿਸੇ ਵੀ ਹਾਲਤ ਵਿੱਚ ਉਨ੍ਹਾਂ ਦਾ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ। ਮੌਜੂਦ ਕਿਸਾਨਾਂ ਵਿੱਚ ਸ਼ਹਿਰੀ ਇਕਾਈ ਪ੍ਰਧਾਨ ਕਰਮਜੀਤ ਸਿੰਘ, ਸਕੱਤਰ ਗਗਨ ਭੁੱਲਰ, ਕੈਸ਼ੀਅਰ ਅਸ਼ੋਕ ਕੰਬੋਜ, ਗਮਦੂਰ ਸਿੰਘ, ਕਾਲਾ ਸਿੰਘ, ਮੁੰਦਰੀ ਸਿੰਘ ਆਦਿ ਸ਼ਾਮਲ ਸਨ।

ਮਹਾਰਾਜਾ ਅਗਰਸੈਨ ਦੇ ਆਦਰਸ਼ਾਂ ਨੂੰ ਚਿੱਤਰਾਂ ਵਿੱਚ ਉਕੇਰਿਆ

ਪੈ.ਗਾਮ-ਏ-ਜਗਤ
ਰਤੀਆ/5 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

- ਡੀ.ਏ.ਵੀ. ਸਕੂਲ ਰਤੀਆ ਵਿੱਚ ਚਿੱਤਰਕਲਾ ਮੁਕਾਬਲਾ ਕਰਵਾਇਆ



ਮਹਾਰਾਜਾ ਅਗਰਸੈਨ ਜੀ ਦੀ ਜੈਅੰਤੀ ਦੇ ਮੌਕੇ 'ਤੇ ਅਗਰਵਾਲ ਵੈਸ਼ਯ ਸਮਾਜ, ਹਰਿਆਣਾ ਵੱਲੋਂ ਡੀ.ਏ.ਵੀ. ਪਬਲਿਕ ਸਕੂਲ, ਰਤੀਆ ਵਿੱਚ ਚਿੱਤਰਕਲਾ ਮੁਕਾਬਲਾ ਕਰਵਾਇਆ ਗਿਆ। ਮੁਕਾਬਲੇ ਵਿੱਚ ਛੇਵੀਂ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਲਾ ਅਤੇ ਰਚਨਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਹਾਰਾਜਾ ਅਗਰਸੈਨ ਜੀ ਦੇ ਜੀਵਨ, ਉਨ੍ਹਾਂ ਦੇ ਆਦਰਸ਼ਾਂ ਅਤੇ ਸਮਾਜ ਨੂੰ ਦਿੱਤੇ 'ਇੱਕ ਇੱਟ-ਇੱਕ ਰੁਪਇਆ' ਦੇ ਸੰਦੇਸ਼ ਤੋਂ ਜਾਣੂ ਕਰਵਾਉਣਾ ਸੀ। 11 ਤੋਂ 18 ਸਾਲ ਦੀ ਉਮਰ ਵਰਗ ਦੇ ਵਿਦਿਆਰਥੀਆਂ ਨੇ ਆਪਣੇ ਚਿੱਤਰਾਂ ਰਾਹੀਂ ਮਹਾਰਾਜਾ ਅਗਰਸੈਨ ਜੀ ਦੇ ਜੀਵਨ, ਸਮਾਜਿਕ ਸਦਭਾਵਨਾ, ਪਰਉਪਕਾਰ, ਸਹਿਯੋਗ ਅਤੇ ਮਨੁੱਖੀ ਸੇਵਾ ਦੀ ਭਾਵਨਾ ਨੂੰ ਸੁੰਦਰ ਢੰਗ ਨਾਲ ਪੇਸ਼ ਕੀਤਾ।

ਇਸ ਮੌਕੇ ਅਗਰਵਾਲ ਵੈਸ਼ਯ ਸਮਾਜ ਰਤੀਆ ਵਿਧਾਨ ਸਭਾ ਇਕਾਈ ਦੇ ਪ੍ਰਧਾਨ ਲਵਕੇਸ਼ ਮਿੱਤਲ, ਸਹਿ-ਸਰਪ੍ਰਸਤ ਡਾ. ਜਨਕਰਾਜ ਗੋਇਲ ਅਤੇ ਡੀ.ਏ.ਵੀ. ਪਬਲਿਕ ਸਕੂਲ ਰਤੀਆ ਦੀ ਪ੍ਰਿੰਸੀਪਲ ਮੋਨਿਕਾ ਖੰਨਾ ਮੌਜੂਦ ਰਹੇ। ਉਨ੍ਹਾਂ ਨੇ ਵਿਦਿਆਰਥੀਆਂ ਵੱਲੋਂ ਬਣਾਏ ਗਏ ਚਿੱਤਰਾਂ ਦਾ ਅਵਲੋਕਨ ਕੀਤਾ ਅਤੇ ਉਨ੍ਹਾਂ ਦੀ ਰਚਨਾਤਮਕਤਾ ਦੀ ਸ਼ਲਾਘਾ ਕਰਦਿਆਂ ਹੌਸਲਾ ਅਫ਼ਜ਼ਾਈ ਕੀਤੀ। ਪ੍ਰਧਾਨ ਲਵਕੇਸ਼ ਮਿੱਤਲ ਨੇ ਕਿਹਾ ਕਿ ਮਹਾਰਾਜਾ ਅਗਰਸੈਨ ਜੀ ਦੇ ਸਿਧਾਂਤ ਅੱਜ ਵੀ ਸਮਾਜ ਲਈ ਪ੍ਰੇਰਣਾ ਦਾ ਸਰੋਤ ਹਨ। ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਅਤੇ ਵਿਚਾਰਾਂ ਨਾਲ ਜੋੜਨ ਲਈ ਇਸ ਤਰ੍ਹਾਂ ਦੇ ਮੁਕਾਬਲੇ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਮਹਾਰਾਜਾ ਅਗਰਸੈਨ ਜੀ ਨੇ ਸਮਾਜ ਵਿੱਚ ਬਰਾਬਰੀ, ਸਹਿਯੋਗ ਅਤੇ ਲੋੜਵੰਦਾਂ ਦੀ ਮਦਦ ਕਰਨ ਦਾ ਜੋ ਸੰਦੇਸ਼ ਦਿੱਤਾ, ਉਸ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਪ੍ਰਿੰਸੀਪਲ ਮੋਨਿਕਾ ਖੰਨਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਵਿਦਿਆਰਥੀਆਂ ਵਿੱਚ ਕਲਾ-ਕੌਸ਼ਲ ਦੇ ਨਾਲ-ਨਾਲ ਸਮਾਜਿਕ ਅਤੇ ਨੈਤਿਕ ਕਦਰਾਂ-ਕੀਮਤਾਂ ਦਾ ਵੀ ਵਿਕਾਸ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਡੀ.ਏ.ਵੀ. ਸਕੂਲ ਦੇ ਵਿਦਿਆਰਥੀ ਵੱਖ-ਵੱਖ ਮੁਕਾਬਲਿਆਂ ਵਿੱਚ ਹਮੇਸ਼ਾ ਵੱਧ-ਚੜ੍ਹ ਕੇ ਭਾਗ ਲੈਂਦੇ ਹਨ। ਉਨ੍ਹਾਂ ਨੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਮੁਕਾਬਲੇ ਵਿੱਚ ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਨੇ ਪ੍ਰੋਗਰਾਮ ਨੂੰ ਵਿਸ਼ੇਸ਼ ਬਣਾ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਆਪਣੀ ਕਲਪਨਾਸ਼ੀਲਤਾ ਅਤੇ ਕਲਾ ਰਾਹੀਂ ਮਹਾਰਾਜਾ ਅਗਰਸੈਨ ਜੀ ਦੇ ਆਦਰਸ਼ਾਂ ਨੂੰ ਜੀਵੰਤ ਕਰ ਦਿੱਤਾ।

ਅੰਤਰਰਾਸ਼ਟਰੀ ਅਧਿਆਪਕ ਦਿਵਸ ਮੌਕੇ ਪ੍ਰਦੀਪ ਕੁਮਾਰ ਸ਼ਾਸਤਰੀ ਨੂੰ ਡਾ. ਰਾਧਾਕ੍ਰਿਸ਼ਨਨ ਸਨਮਾਨ ਨਾਲ ਕੀਤਾ ਸਨਮਾਨਿਤ

ਪੈ.ਗਾਮ-ਏ-ਜਗਤ
ਰਤੀਆ, 5 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)



ਅੰਤਰਰਾਸ਼ਟਰੀ ਅਧਿਆਪਕ ਦਿਵਸ ਦੇ ਮੌਕੇ 'ਤੇ ਚੌਧਰੀ ਕੇਹਰ ਸਿੰਘ ਐਜੂਕੇਸ਼ਨਲ ਟਰੱਸਟ, ਬੜੌਤ-ਬਾਗਪਤ ਵੱਲੋਂ ਕਰਵਾਏ ਗਏ ਰਾਸ਼ਟਰੀ ਅਧਿਆਪਕ ਸਨਮਾਨ ਸਮਾਰੋਹ ਅਤੇ ਸਿੱਖਿਆ ਉੱਨਤੀ ਗੋਸ਼ਟੀ ਵਿੱਚ ਸੈਨਿਕ ਸਕੂਲ ਖਾਰਾ ਖੇੜੀ ਦੇ ਹਿੰਦੀ ਅਧਿਆਪਕ ਪ੍ਰਦੀਪ ਕੁਮਾਰ ਸ਼ਾਸਤਰੀ ਨੂੰ ਸਿੱਖਿਆ ਅਤੇ ਹਿੰਦੀ ਭਾਸ਼ਾ ਦੇ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਸਰਵਪੱਲੀ ਡਾ. ਰਾਧਾਕ੍ਰਿਸ਼ਨਨ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ।

ਸਮਾਰੋਹ ਦਾ ਆਯੋਜਨ ਮੇਡੀਸਿਟੀ ਹਸਪਤਾਲ ਦੇ ਪਰਿਸਰ ਵਿੱਚ ਸਥਿਤ ਆਡੀਟੋਰੀਅਮ, ਬੜੌਤ, ਜ਼ਿਲ੍ਹਾ ਬਾਗਪਤ (ਉੱਤਰ ਪ੍ਰਦੇਸ਼) ਵਿਖੇ ਕੀਤਾ ਗਿਆ। ਪ੍ਰੋਗਰਾਮ ਵਿੱਚ ਵੱਖ-ਵੱਖ ਰਾਜਾਂ ਤੋਂ ਪਹੁੰਚੇ ਅਧਿਆਪਕਾਂ ਅਤੇ ਸਿੱਖਿਆ ਖੇਤਰ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਅਕਾਦਮਿਕ ਕੰਮ, ਨਵੀਨਤਾਵਾਂ ਅਤੇ ਸਮਾਜ ਵਿੱਚ ਸਿੱਖਿਆ ਪ੍ਰਤੀ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ।

ਸਮਾਰੋਹ ਦੇ ਮੁੱਖ ਮਹਿਮਾਨ ਬੜੌਤ ਵਿਧਾਨ ਸਭਾ ਹਲਕੇ ਦੇ ਵਿਧਾਇਕ ਅਤੇ ਉੱਤਰ ਪ੍ਰਦੇਸ਼ ਸਰਕਾਰ ਦੇ ਰਾਜ ਮੰਤਰੀ ਕੇ.ਪੀ. ਮਲਿਕ, ਉੱਤਰ ਪ੍ਰਦੇਸ਼ ਮਹਿਲਾ ਕਮਿਸ਼ਨ ਦੀ ਮੈਂਬਰ ਮਨੀਸ਼ਾ ਅਹਿਲਾਵਤ ਸਨ, ਜਦਕਿ ਬਾਗਪਤ ਦੇ ਪੁਲਿਸ ਅਧਿਕਾਰੀ ਸੂਰਜ ਰਾਏ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਉਨ੍ਹਾਂ ਨੇ ਅਧਿਆਪਕਾਂ ਨੂੰ ਸਮਾਜ ਅਤੇ ਰਾਸ਼ਟਰ ਨਿਰਮਾਣ ਦੀ ਮਹੱਤਵਪੂਰਨ ਕੜੀ ਦੱਸਦਿਆਂ ਗੁਣਵੱਤਾਪੂਰਨ ਸਿੱਖਿਆ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ 'ਤੇ ਵਿਸ਼ੇਸ਼ ਜ਼ੋਰ ਦਿੱਤਾ।

ਰਤੀਆ ਖੇਤਰ ਦੇ ਸਿੱਖਿਆ ਸ਼ਾਸਤਰੀ ਡਾ. ਨੈਬ ਸਿੰਘ ਮੰਡੇਰ ਅਤੇ ਸੁਸ਼ੀਲ ਆਜ਼ਾਦ ਨੇ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਸਨਮਾਨ ਰਤੀਆ ਖੇਤਰ ਦੇ ਲੋਕਾਂ ਲਈ ਮਾਣ ਵਾਲੀ ਗੱਲ ਹੈ।

ਇਸ ਮੌਕੇ ਰਤੀਆ ਵਾਸੀ ਅਤੇ ਸੈਨਿਕ ਸਕੂਲ ਖਾਰਾ ਖੇੜੀ ਦੇ ਹਿੰਦੀ ਅਧਿਆਪਕ ਪ੍ਰਦੀਪ ਕੁਮਾਰ ਸ਼ਾਸਤਰੀ ਨੂੰ ਰਾਸ਼ਟਰੀ ਅਧਿਆਪਕ ਸਨਮਾਨ ਪ੍ਰਦਾਨ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਤੋਂ ਬਾਅਦ ਸ਼ਾਸਤਰੀ ਨੇ ਕਿਹਾ ਕਿ ਅਧਿਆਪਕ ਦੀ ਜ਼ਿੰਮੇਵਾਰੀ ਸਿਰਫ਼ ਪਾਠਕ੍ਰਮ ਪੂਰਾ ਕਰਵਾਉਣ ਤੱਕ ਸੀਮਤ ਨਹੀਂ ਹੈ, ਸਗੋਂ ਵਿਦਿਆਰਥੀਆਂ ਵਿੱਚ ਸੰਸਕਾਰ, ਸੰਵੇਦਨਸ਼ੀਲਤਾ, ਰਚਨਾਤਮਕਤਾ ਅਤੇ ਰਾਸ਼ਟਰ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਵੀ ਅਧਿਆਪਕ ਦਾ ਮਹੱਤਵਪੂਰਨ ਫਰਜ਼ ਹੈ।

ਡੈਡੀਕੇਟਿਡ ਬ੍ਰਦਰਜ਼ ਪੰਜਾਬ ਵੱਲੋਂ 331ਵਾਂ ਸਨਮਾਨ ਸਮਾਰੋਹ ਆਯੋਜਿਤ

ਪਟਿਆਲਾ, 5 ਅਕਤੂਬਰ (ਪੈ.ਗਾਮ-ਏ-ਜਗਤ)



ਡੈਡੀਕੇਟਿਡ ਬ੍ਰਦਰਜ਼ ਗਰੁੱਪ ਰਜਿਸਟਰ ਪੰਜਾਬ ਪਟਿਆਲਾ ਵੱਲੋਂ ਡਾਕਟਰ ਰਾਕੇਸ਼ ਵਰਮੀ, ਸੰਸਥਾਪਕ ਪ੍ਰਧਾਨ ਦੀ ਸਰਪ੍ਰਸਤੀ ਹੇਠ 331ਵਾਂ ਸਨਮਾਨ ਸਮਾਰੋਹ ਭਾਸ਼ਾ ਭਵਨ ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ। ਹਰਪ੍ਰੀਤ ਸਿੰਘ ਸੰਧੂ, ਜਨਰਲ ਸਕੱਤਰ ਡੀ.ਬੀ.ਜੀ. ਅਤੇ ਸੈਕਟਰੀ ਰਜਿੰਦਰ, ਜਿੰਮਖਾਨਾ ਮਹਿੰਦਰਾ ਕਲੱਬ ਪਟਿਆਲਾ ਨੇ ਸਮੂਹ ਮੈਂਬਰਾਂ ਨੂੰ ਜੀ ਆਇਆਂ ਆਖਿਆ।

ਡਾਕਟਰ ਰਿਸ਼ਮਾ ਕੋਹਲੀ, ਮੈਡੀਕਲ ਅਫਸਰ ਨੇ ਮੰਚ ਦਾ ਬਾਖੂਬੀ ਸੰਚਾਲਨ ਕੀਤਾ। ਕਾਕਾ ਰਾਮ ਵਰਮਾ, ਸਾਬਕਾ ਮੁੱਖ ਚੀਫ ਟ੍ਰੇਨਿੰਗ ਅਫਸਰ, ਰੈਡ ਕਰਾਸ ਪਟਿਆਲਾ ਨੇ ਪ੍ਰਿੰਸੀਪਲ, ਅਧਿਆਪਕਾ ਅਤੇ ਪੁਲਿਸ ਅਫਸਰਾਂ ਨੂੰ ਸਨਮਾਨਿਤ ਕਰਨ ਲਈ ਮੁਬਾਰਕਾਂ ਦਿੱਤੀਆਂ।

ਡਾ. ਰਾਕੇਸ਼ ਵਰਮੀ, ਪ੍ਰਧਾਨ ਡੀ.ਬੀ.ਜੀ. ਨੇ ਦੱਸਿਆ ਕਿ 331ਵੇਂ ਸਨਮਾਨ ਸਮਾਰੋਹ ਵਿੱਚ ਇੰਜੀਨੀਅਰ ਸੁਖਵੰਤ ਸਿੰਘ, ਐਡੀਸ਼ਨਲ ਸੁਪਰਡੈਂਟਿੰਗ ਇੰਜੀਨੀਅਰ, ਪੀ. ਐਸ. ਪੀ. ਸੀ. ਐਲ., ਵਿਸ਼ੇਸ਼ ਮਹਿਮਾਨ ਹਰਪਾਲ ਸਿੰਘ ਅਤੇ ਕੁਲਦੀਪ ਕੌਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਸਨਮਾਨ ਸਮਾਰੋਹ ਲਈ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਨੂੰ ਸਫਲਤਾਪੂਰਵਕ ਪ੍ਰੋਗਰਾਮ ਕਰਨ ਲਈ ਮੁਬਾਰਕਾਂ ਦਿੱਤੀਆਂ।

ਇਸ ਮੌਕੇ ਰਾਜ ਕੁਮਾਰ ਜੋਸ਼ੀ, ਆਨੰਤ ਸਿੰਘ, ਐਡਵੋਕੇਟ ਰਣਦੀਪ ਸਿੰਘ, ਹਰਦੀਪ ਸਿੰਘ ਸਨੌਰ, ਪ੍ਰਧਾਨ ਲਾਲੀ ਹਰਿਆਲੀ, ਅਨਿਲ ਕੁਮਾਰ ਭਾਰਤੀ, ਸੰਸਥਾਪਕ ਮੈਂਬਰ ਜਨਹਿੱਤ ਸੰਮਤੀ, ਚਰਨਜੀਤ ਸਿੰਘ ਚੰਨੀ, ਇੰਜੀਨੀਅਰ ਸ਼ਾਮ ਲਾਲ, ਭਰਦਵਾਜ ਬਸ਼ੀਰ ਸਿਆਣੀ, ਦਿਲਪ੍ਰੀਤ ਸਿੰਘ ਬੈਨੀਪਾਲ, ਕਿਰਨ, ਕਾਮਨੀ ਸਿੰਗਲਾ, ਅੰਗਰੇਜ਼ ਸਿੰਘ ਵਿਰਕ, ਪਰਮਿੰਦਰ ਸਿੰਘ ਅਤੇ ਦਿਨੇਸ਼ ਮਹਿਤਾ ਨੇ ਆਪਣੇ ਵਿਚਾਰ ਰੱਖੇ। ਇਨ੍ਹਾਂ ਤੋਂ ਇਲਾਵਾ ਮੁਹੰਮਦ ਰਮਜ਼ਾਨ ਢਿੱਲੋਂ, ਵਿਕਾਸ ਗੋਇਲ, ਚਮਨ ਲਾਲ ਦੱਤ, ਨੋਨੀ ਹਨੀ, ਬਲਜਿੰਦਰ ਸਿੰਘ, ਕਾਰਤਿਕ, ਬੀ.ਐਸ. ਬੇਦੀ, ਮਨਜੀਤ ਕੌਰ ਆਜ਼ਾਦ, ਭੁਪਿੰਦਰ ਕੌਰ ਅਤੇ ਡਾ. ਕਰਨ ਸ਼ਰਮਾ ਨੇ ਇਸ ਪ੍ਰੋਗਰਾਮ ਦੀ ਸਫਲਤਾ ਲਈ ਸਹਿਯੋਗ ਦਿੱਤਾ। ਇਹ ਜਾਣਕਾਰੀ ਅਮਰਿੰਦਰ ਸਿੰਘ ਸੈਣੀ ਨੇ ਦਿੱਤੀ।

ਚੰਡੀਗੜ੍ਹ ਵਿੱਚ ਸਿਵਲ ਡਿਫੈਂਸ ਵਲੰਟੀਅਰਾਂ ਦੇ ਚੌਥੇ ਬੈਚ ਦਾ ਪੰਜ ਦਿਨਾਂ ਸਿਖਲਾਈ ਪ੍ਰੋਗਰਾਮ ਸ਼ੁਰੂ

ਪੈ.ਗਾਮ-ਏ-ਜਗਤ/ਚੰਡੀਗੜ੍ਹ
5 ਅਕਤੂਬਰ (ਹਰਮਿੰਦਰ ਸਿੰਘ ਨਾਗਪਾਲ)



ਸਿਵਲ ਡਿਫੈਂਸ ਵਲੰਟੀਅਰਾਂ ਦੇ ਚੌਥੇ ਬੈਚ ਲਈ ਆਪਦਾ ਤਿਆਰੀ ਅਤੇ ਪ੍ਰਤੀਕਿਰਿਆ (ਡਿਜ਼ਾਸਟਰ ਪ੍ਰਿਪੇਅਰਡਨੈੱਸ ਐਂਡ ਰਿਸਪਾਂਸ) ’ਤੇ ਪੰਜ ਦਿਨਾਂ ਦਾ ਸਿਖਲਾਈ ਪ੍ਰੋਗਰਾਮ ਅੱਜ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਨਿਸਟ੍ਰੇਸ਼ਨ (ਐੱਮ.ਜੀ.ਐੱਸ.ਆਈ.ਪੀ.ਏ.), ਸੈਕਟਰ 26, ਚੰਡੀਗੜ੍ਹ ਵਿਖੇ ਸ਼ੁਰੂ ਹੋਇਆ। ਇਹ ਪ੍ਰੋਗਰਾਮ ਚੰਡੀਗੜ੍ਹ ਡਿਜ਼ਾਸਟਰ ਮੈਨੇਜਮੈਂਟ ਅਥਾਰਟੀ (ਸੀ.ਡੀ.ਐੱ.ਏ.), ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਐੱਮ.ਜੀ.ਐੱਸ.ਆਈ.ਪੀ.ਏ., ਪੰਜਾਬ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

ਨਿਸ਼ਾਂਤ ਕੁਮਾਰ ਯਾਦਵ, ਆਈ.ਏ.ਐੱਸ., ਡਿਪਟੀ ਕਮਿਸ਼ਨਰ-ਚੇਅਰਮੈਨ, ਜ਼ਿਲ੍ਹਾ ਆਪਦਾ ਪ੍ਰਬੰਧਨ ਅਥਾਰਟੀ (ਡੀ.ਡੀ.ਐੱਮ.ਏ.), ਯੂ.ਟੀ. ਚੰਡੀਗੜ੍ਹ, ਮੁੱਖ ਮਹਿਮਾਨ ਵਜੋਂ ਹਜ਼ਾਰ ਰਹੇ ਅਤੇ ਉਨ੍ਹਾਂ ਨੇ ਉਦਘਾਟਨੀ ਭਾਸ਼ਣ ਦਿੱਤਾ। ਉਨ੍ਹਾਂ ਨੇ ਆਪਦਾਵਾਂ ਨਾਲ ਨਜਿੱਠਣ ਦੀ ਤਿਆਰੀ, ਵਿਹਾਰਕ ਸਿਖਲਾਈ ਅਤੇ ਭਾਈਚਾਰਕ ਪੱਧਰ ’ਤੇ ਤਾਲਮੇਲ ਵਾਲੀ ਪ੍ਰਤੀਕਿਰਿਆ ਦੇ ਮਹੱਤਵ ’ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਲੰਟੀਅਰਾਂ ਨੂੰ ਸਿਖਲਾਈ ਦਾ ਪੂਰਾ ਲਾਭ ਉਠਾ ਕੇ ਆਪਣੇ ਗਿਆਨ, ਹੁਨਰ ਅਤੇ ਆਤਮਵਿਸ਼ਵਾਸ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ, ਤਾਂ ਜੋ ਉਹ ਐਮਰਜੈਂਸੀ ਸਥਿਤੀਆਂ ਵਿੱਚ ਭਾਈਚਾਰੇ ਦੀ ਪ੍ਰਭਾਵਸ਼ਾਲੀ ਢੰਗ ਨਾਲ ਸਹਾਇਤਾ ਕਰ ਸਕਣ।

ਉਦਘਾਟਨੀ ਸੈਸ਼ਨ ਵਿੱਚ ਸੁਸ਼੍ਰੀ ਖੁਸ਼ਪ੍ਰੀਤ ਕੌਰ, ਡਾਨਿਕਸ, ਐੱਸ.ਡੀ.ਐੱਮ. (ਮੱਧ), ਚੰਡੀਗੜ੍ਹ; ਸ੍ਰੀ ਰਾਜੀਵ ਤਿਵਾਰੀ, ਡਾਇਰੈਕਟਰ ਜਨਸੰਪਰਕ, ਚੰਡੀਗੜ੍ਹ ਪ੍ਰਸ਼ਾਸਨ; ਸ੍ਰੀ ਸੰਜੀਵ ਕੋਹਲੀ; ਡਾ. ਬਾਲਕ੍ਰਿਸ਼ਨ; ਅਤੇ ਕਰਨਲ ਅਤੁਲ ਪਾਂਡੇ, ਮੁਖੀ, ਆਪਦਾ ਪ੍ਰਬੰਧਨ ਕੇਂਦਰ, ਐੱਜੀ.ਐੱਸ.ਆਈ.ਪੀ.ਏ., ਮੌਜੂਦ ਸਨ।

ਇੰਜੀਨੀਅਰ ਨਿਤਿਕਾ ਸਿੰਗਲਾ, ਫੈਕਲਟੀ ਮੈਂਬਰ, ਐੱਮ.ਜੀ.ਐੱਸ.ਆਈ.ਪੀ.ਏ., ਨੇ ਸਵਾਗਤੀ ਭਾਸ਼ਣ ਦਿੱਤਾ ਅਤੇ ਪ੍ਰੋਗਰਾਮ ਦੇ ਉਦੇਸ਼ਾਂ ਦੀ ਜਾਣਕਾਰੀ ਦਿੱਤੀ। ਕਰਨਲ ਅਤੁਲ ਪਾਂਡੇ ਨੇ ਮੁੱਖ ਭਾਸ਼ਣ ਦਿੱਤਾ। ਇਸ ਮੌਕੇ ਪਿਛਲੇ ਬੈਚਾਂ ਵਿੱਚ ਸਿਖਲਾਈ ਪ੍ਰਾਪਤ 419 ਸਿਵਲ ਡਿਫੈਂਸ ਵਲੰਟੀਅਰਾਂ ਦੀ ਸਿਖਲਾਈ ਯਾਤਰਾ ਨੂੰ ਦਰਸਾਉਂਦੀ ਇੱਕ ਵੀਡੀਓ ਵੀ ਦਿਖਾਈ ਗਈ।

5 ਤੋਂ 9 ਅਕਤੂਬਰ 2026 ਤੱਕ ਚੱਲਣ ਵਾਲੇ ਇਸ ਪ੍ਰੋਗਰਾਮ ਵਿੱਚ ਵਲੰਟੀਅਰਾਂ ਨੂੰ ਸਿਵਲ ਡਿਫੈਂਸ, ਖੋਜ ਅਤੇ ਬਚਾਅ, ਅੱਗ ਸੁਰੱਖਿਆ, ਰਸਾਇਣਕ, ਜੈਵਿਕ, ਰੇਡੀਓਲਾਜੀਕਲ ਅਤੇ ਪ੍ਰਮਾਣੂ (ਸੀ.ਬੀ.ਆਰ.ਐੱਨ.) ਐਮਰਜੈਂਸੀ, ਮੁੱਢਲੀ ਸਹਾਇਤਾ (ਫਸਟ ਏਡ), ਬੇਸਿਕ ਲਾਈਫ ਸਪੋਰਟ (ਬੀ.ਐੱਲ.ਐੱਸ.), ਕਾਰਡੀਓਪਲਮੋਨਰੀ ਰੀਸਟ੍ਰੇਸ਼ਨ (ਸੀ.ਪੀ.ਆਰ.), ਜ਼ਖਮੀਆਂ ਦੀ ਸਥਿਤੀ ਦੇ ਆਧਾਰ ’ਤੇ ਇਲਾਜ ਦੀ ਤਰਜੀਹ ਤੈਅ ਕਰਨ (ਟ੍ਰਾਈਏਜ), ਭੀੜ ਅਤੇ ਆਵਾਜਾਈ ਪ੍ਰਬੰਧਨ, ਆਪਦਾ ਪ੍ਰਤੀਕਿਰਿਆ ਅਤੇ ਐਮਰਜੈਂਸੀ ਤਾਲਮੇਲ ਦੀ ਸਿਧਾਂਤਕ ਅਤੇ ਵਿਹਾਰਕ ਸਿਖਲਾਈ ਦਿੱਤੀ ਜਾਵੇਗੀ। ਪ੍ਰੋਗਰਾਮ ਵਿੱਚ ਮੈਦਾਨੀ ਸਿਖਲਾਈ ਅਤੇ ਐਮਰਜੈਂਸੀ ਸਥਿਤੀਆਂ ’ਤੇ ਅਧਾਰਤ ਅਭਿਆਸ ਵੀ ਸ਼ਾਮਲ ਹੋਣਗੇ। ਪ੍ਰੋਗਰਾਮ ਦਾ ਉਦੇਸ਼ ਸਿਵਲ ਡਿਫੈਂਸ ਵਲੰਟੀਅਰਾਂ ਦੀ ਸਮਰੱਥਾ ਨੂੰ ਮਜ਼ਬੂਤ ਕਰਨਾ ਹੈ, ਤਾਂ ਜੋ ਉਹ ਭਾਈਚਾਰਕ ਪੱਧਰ ’ਤੇ ਸਿਖਲਾਈ ਪ੍ਰਾਪਤ ਸਹਾਇਤਾ ਕਰਮਚਾਰੀਆਂ ਵਜੋਂ ਕੰਮ ਕਰ ਸਕਣ ਅਤੇ ਭਾਈਚਾਰਿਆਂ ਨੂੰ ਵਧੇਰੇ ਸੁਰੱਖਿਅਤ, ਬਿਹਤਰ ਤਿਆਰ ਅਤੇ ਆਪਦਾਵਾਂ ਤੋਂ ਉਭਰਨ ਵਿੱਚ ਸਮਰੱਥ ਬਣਾਉਣ ਵਿੱਚ ਯੋਗਦਾਨ ਪਾ ਸਕਣ।

ਸ਼ਿਵਾਲਿਕ ਮੈਗਜ਼ੀਨ ਦਾ ਗਿਆਰਵਾਂ ਅੰਕ ਰਿਲੀਜ਼

ਪੈ.ਗਾਮ-ਏ-ਜਗਤ
ਚੰਡੀਗੜ੍ਹ, (ਸੰਜੀਵ ਸਿੰਘ ਸੈਣੀ)



ਬੀਤੇ ਕੱਲ੍ਹ ਮਿਤੀ 4 ਅਕਤੂਬਰ 2026 ਨੂੰ ਚੰਡੀਗੜ੍ਹ ਸਾਹਿਤ ਅਕਾਦਮੀ ਰਾਣੀ ਲਕਸ਼ਮੀ ਬਾਈ ਭਵਨ ਸੈਕਟਰ-38 ਚੰਡੀਗੜ੍ਹ ਵਿਖੇ ਕਹਾਣੀ ਸੰਗਤ ਚੰਡੀਗੜ੍ਹ ਦੀ ਮੀਟਿੰਗ ਹੋਈ।

ਇਸ ਮੀਟਿੰਗ ਵਿੱਚ ਜੇ.ਐੱਸ. ਮਹਿਰਾ ਦੀ ਸੰਪਾਦਨਾ ਹੇਠ ਛਪ ਰਹੇ ਸ਼ਿਵਾਲਿਕ ਮੈਗਜ਼ੀਨ ਦਾ ਗਿਆਰਵਾਂ ਅੰਕ ਰਿਲੀਜ਼ ਕੀਤਾ ਗਿਆ। ਇਸ ਮੌਕੇ ਉੱਤੇ ਕਈ ਨਾਮਵਰ ਵਿਦਵਾਨ ਜਿਵੇਂ ਡਾ. ਲਾਭ ਸਿੰਘ ਖੀਵਾ, ਡਾ.ਅਵਤਾਰ ਸਿੰਘ ਪਤੰਗ, ਪਰਮਜੀਤ ਮਾਨ, ਸਰੂਪ ਸਿਆਲਵੀ, ਪ੍ਰਿੰਸੀਪਲ ਸਤਨਾਮ ਸਿੰਘ ਸ਼ੋਕਰ, ਇੰਦਰਜੀਤ ਪਰੇਮੀ, ਹਰਪ੍ਰੀਤ ਸਿੰਘ ਚੰਨੂ, ਹਰਬੰਸ ਸੋਢੀ, ਸੁਰਜੀਤ ਸੁਮਨ, ਜਸਵਿੰਦਰ ਸਿੰਘ ਕਾਈਨੌਰ ਅਤੇ ਜੇ.ਐੱਸ. ਮਹਿਰਾ ਹਾਜ਼ਰ ਸਨ।

ਧੂਰੀ ਦੇ ਖਿਡਾਰੀਆਂ ਲਈ ਵੱਡੀ ਸੌਗਾਤ

ਓ.ਐਸ.ਡੀ. ਸੁਖਵੀਰ ਸਿੰਘ ਨੇ 27.63 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਇਨਡੋਰ ਸਪੋਰਟਸ ਹਾਲ ਦਾ ਕੀਤਾ ਉਦਘਾਟਨ

ਧੂਰੀ, 5 ਅਕਤੂਬਰ
(ਪੈ.ਗਾਮ-ਏ-ਜਗਤ)

- ਬੈਡਮਿੰਟਨ ਕੋਰਟਾਂ ਨਾਲ ਖਿਡਾਰੀਆਂ, ਨੌਜਵਾਨਾਂ, ਮਹਿਲਾਵਾਂ ਤੇ ਸੀਨੀਅਰ ਸਿਟੀਜ਼ਨਾਂ ਨੂੰ ਮਿਲੇਗੀ ਬਿਹਤਰ ਖੇਡ ਸਹੂਲਤ



ਧੂਰੀ ਸ਼ਹਿਰ ਵਿੱਚ ਖੇਡ ਸਹੂਲਤਾਂ ਦੇ ਵਿਸਥਾਰ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਸਬਜ਼ੀ ਮੰਡੀ ਧੂਰੀ ਵਿਖੇ ਐੱਮ.ਸੀ. ਪਾਰਕ ਨਾਲ ਲੱਗਦੇ ਇਨਡੋਰ ਸਪੋਰਟਸ ਹਾਲ ਦਾ 27.63 ਲੱਖ ਰੁਪਏ ਦੀ ਲਾਗਤ ਨਾਲ ਅਪਗ੍ਰੇਡੇਸ਼ਨ ਕਰਕੇ ਬੈਡਮਿੰਟਨ ਕੋਰਟ ਤਿਆਰ ਕੀਤੇ ਗਏ ਹਨ। ਇਨ੍ਹਾਂ ਦਾ ਉਦਘਾਟਨ ਅੱਜ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਕੀਤਾ ਗਿਆ।

ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖਿਡਾਰੀਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਧੂਰੀ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਲੋੜੀਂਦਾ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾ ਰਿਹਾ ਹੈ, ਤਾਂ ਜੋ ਸਥਾਨਕ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵਧੀਆ ਮਾਹੌਲ ਮਿਲ ਸਕੇ।

ਉਨ੍ਹਾਂ ਕਿਹਾ ਕਿ ਨਵੇਂ ਤਿਆਰ ਕੀਤੇ ਬੈਡਮਿੰਟਨ ਕੋਰਟਾਂ ਦਾ ਲਾਭ ਧੂਰੀ ਦੇ ਖਿਡਾਰੀਆਂ, ਬੱਚਿਆਂ ਅਤੇ ਹਰ ਖੇਡ ਪ੍ਰੇਮੀਆਂ ਨੂੰ ਮਿਲੇਗਾ। ਚੈਂਪੀਅਨਸ਼ਿਪਾਂ ਦੀ ਤਿਆਰੀ ਕਰ ਰਹੇ ਬੱਚਿਆਂ ਲਈ ਸਵੇਰ ਅਤੇ ਸ਼ਾਮ ਦੇ ਸਮੇਂ ਕੋਚਿੰਗ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ। ਖਿਡਾਰੀਆਂ ਅਤੇ ਸਬੰਧਤ ਐਸੋਸੀਏਸ਼ਨ ਦੇ ਮੈਂਬਰਾਂ ਲਈ ਆਈ.ਡੀ. ਤਿਆਰ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਸੀਨੀਅਰ ਸਿਟੀਜ਼ਨਾਂ ਲਈ ਵੀ ਵਿਸ਼ੇਸ਼ ਸਮਾਂ ਨਿਰਧਾਰਤ ਕੀਤਾ ਜਾਵੇਗਾ, ਜਦਕਿ ਮਹਿਲਾਵਾਂ ਲਈ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਵਿਸ਼ੇਸ਼ ਸਮਾਂ ਰੱਖਿਆ ਜਾਵੇਗਾ। ਇਸ ਸਬੰਧੀ ਵਿਸਥਾਰਤ ਸਮਾਂ-ਸਾਰਣੀ ਜਲਦ ਤਿਆਰ ਕਰਕੇ ਜਾਰੀ ਕੀਤੀ ਜਾਵੇਗੀ। ਨਗਰ ਕੌਂਸਲ ਧੂਰੀ ਦੀ ਪ੍ਰਧਾਨ ਸ੍ਰੀਮਤੀ ਅਮਰਜੋਤ ਕੌਰ ਬਾਜਵਾ ਨੇ ਕਿਹਾ ਕਿ ਬੈਡਮਿੰਟਨ ਕੋਰਟਾਂ ਦੀ ਵਰਤੋਂ ਲਈ ਜਲਦ ਹੀ ਸਮਾਂ-ਸਾਰਣੀ ਤਿਆਰ ਕੀਤੀ ਜਾਵੇਗੀ, ਤਾਂ ਜੋ ਹਰ ਵਰਗ ਦੇ ਲੋਕਾਂ ਨੂੰ ਇਸ ਖੇਡ ਸਹੂਲਤ ਦਾ ਸੁਚੱਜੇ ਢੰਗ ਨਾਲ ਲਾਭ ਮਿਲ ਸਕੇ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਵਿੱਚ ਖੇਡ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਸ਼ਹਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਧੂਰੀ ਨੂੰ ਵਿਕਾਸ ਪੱਖੋਂ ਹੋਰ ਮਜ਼ਬੂਤ ਬਣਾਉਣ ਲਈ ਲੋੜ ਅਨੁਸਾਰ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁਲੀ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਸੇਖੋਂ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਰੂਬਲ ਬਾਜਵਾ, ਨਰੇਸ਼ ਸਿੰਗਲਾ ਸਮੇਤ ਵੱਡੀ ਗਿਣਤੀ ਨਗਰ ਕੌਂਸਲ ਧੂਰੀ ਦੇ ਮੈਂਬਰ ਵੀ ਮੌਜੂਦ ਸਨ।

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਨੇ ਭਾਰਤੀ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਤੇ ਸਵਾਲ ਉਠਾਏ

ਪੈ.ਗਾਮ-ਏ-ਜਗਤ/ਪਟਿਆਲਾ
4 ਅਕਤੂਬਰ (ਮਨਪ੍ਰੀਤ ਸਿੰਘ)



ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਨੇ ਆਜ਼ਾਦ ਨਗਰ ਵਿਖੇ ਤਰਕਸ਼ੀਲ ਆਗੂ ਸ੍ਰੀ ਹਰਬੰਸ ਲਾਲ ਦੇ ਘਰ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਅੰਧਵਿਸ਼ਵਾਸਾਂ ਨੂੰ ਦੂਰ ਕਰਕੇ ਵਿਗਿਆਨਕ ਵਿਚਾਰਧਾਰਾ ਨੂੰ ਪ੍ਰਫੁੱਲਤ ਕਰਨ ਲਈ ਸਰਗਰਮੀਆਂ ਹੋਰ ਤੇਜ਼ ਕਰਨ ਲਈ ਪ੍ਰੋਗਰਾਮ ਉਲੀਕਿਆ ਗਿਆ। ਇਸ ਮੀਟਿੰਗ ਦੀ ਪ੍ਰਧਾਨਗੀ ਤਰਕਸ਼ੀਲ ਆਗੂ ਸ੍ਰੀ ਰਾਮ ਕੁਮਾਰ ਢਕੜਬਾ ਨੇ ਕੀਤੀ।

ਇਸ ਸਮਾਗਮ ਵਿੱਚ ਤਰਕਸ਼ੀਲ ਆਗੂ ਸ੍ਰੀਮਤੀ ਸਨੇਹ ਲਤਾ, ਕੁਲਵੰਤ ਕੌਰ, ਰਾਮ ਸਿੰਘ ਬੰਗ, ਸਰਬਜੀਤ ਉੱਖਲਾ, ਅਜੈ ਕੁਮਾਰ, ਗੁਰਪੂਰਨਜੀਤ ਸਿੰਘ ਅਤੇ ਥਾਨੇ ਸਿੰਘ ਆਦਿ ਨੇ ਸ਼ਿਰਕਤ ਕੀਤੀ।

ਇਸ ਮੌਕੇ ਸਾਰੇ ਮੈਂਬਰਾਂ ਨੇ ਕੇਂਦਰ ਸਰਕਾਰ ਵੱਲੋਂ ਸਾਲ 2027 ਵਿੱਚ ਹੋਣ ਵਾਲੀ ਮਰਦਮਸ਼ੁਮਾਰੀ ਦੇ ਫਾਰਮਾਂ ਵਿੱਚ ਹੋਰ ਧਰਮਾਂ ਤੋਂ ਇਲਾਵਾ ਨਾਸਤਿਕਾਂ ਲਈ ‘ਕੋਈ ਧਰਮ ਨਹੀਂ’ ਦਾ ਕਾਲਮ ਸ਼ਾਮਲ ਨਾ ਕਰਨ ਤੇ ਨਿਖੇਧੀ ਕੀਤੀ ਅਤੇ ਭਾਰਤੀ ਚੋਣ ਕਮਿਸ਼ਨ ਵੱਲੋਂ ਫਾਰਮ ਨੰਬਰ 6 ਵਿੱਚ ਨਵੀਆਂ ਵੋਟਾਂ ਬਣਾਉਣ ਲਈ ਮਾਪਿਆਂ ਦੀ ਵੋਟ ਹੋਣ ਦੀ ਬੇਲੋੜੀ ਸ਼ਰਤ ਜੋੜ ਕੇ ਲੱਖਾਂ ਵੋਟਰਾਂ ਨੂੰ ਪ੍ਰੇਸ਼ਾਨ ਕਰਨ ਲਈ ਵੀ ਸੁਸਾਇਟੀ ਵੱਲੋਂ ਨਿੰਦਿਆ ਕੀਤੀ ਗਈ। ਇਸ ਮੀਟਿੰਗ ਵਿੱਚ ਤਲਵੰਡੀ ਸਲੇਮ ਵਿਖੇ ਸ਼ਹੀਦ ਕਵੀ ਪਾਸ਼ ਦੀ ਯਾਦਗਾਰ ਨੂੰ ਨੁਕਸਾਨ ਪਹੁੰਚਾਉਣ ਵਾਲੇ ਪਿੰਡ ਦੇ ਸਰਪੰਚ ਅਤੇ ਉਸ ਦੇ ਟੋਲੇ ਦੀ ਨਿਖੇਧੀ ਕੀਤੀ ਗਈ ਅਤੇ ਉਨ੍ਹਾਂ ਵਿਰੁੱਧ ਅਪਰਾਧਿਕ ਮਾਮਲਾ ਦਰਜ ਕਰਨ ਦੀ ਸਰਕਾਰ ਤੋਂ ਮੰਗ ਕੀਤੀ ਗਈ।

ਇਸ ਮੌਕੇ ਜੋਨ ਦੇ ਮੀਡੀਆ ਮੁਖੀ ਰਾਮ ਸਿੰਘ ਬੰਗ ਨੇ ਦੱਸਿਆ ਕਿ ਸੁਸਾਇਟੀ ਪਟਿਆਲਾ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ ਅਤੇ ਸੰਘਰਸ਼ ਸਬੰਧੀ 700 ਦੇ ਕਰੀਬ ਪਰਚੇ ਲੋਕਾਂ ਵਿੱਚ ਵੰਡੇ ਅਤੇ ਪਟਿਆਲਾ ਦੇ ਸਕੂਲਾਂ ਵਿੱਚ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲੈਣ ਤੋਂ ਪਹਿਲਾਂ ਤਰਕਸ਼ੀਲ ਪ੍ਰੋਗਰਾਮ ਕਰਨ ਲਈ ਵੀ ਕਾਰਕੁਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

11 ਸਾਲਾਂ ਤੋਂ ਰੁਜ਼ਗਾਰ ਦੀ ਉਡੀਕ, ਹੁਣ ਸਿਹਤ ਮੰਤਰੀ ਦੀ ਕੋਠੀ ਅੱਗੇ ਪੱਕਾ ਧਰਨਾ ਦੇਣ ਦਾ ਐਲਾਨ

ਪੈ.ਗਾਮ-ਏ-ਜਗਤ/ਪਟਿਆਲਾ
5 ਅਕਤੂਬਰ (ਮਨਪ੍ਰੀਤ ਸਿੰਘ)



- ਬੇਰੁਜ਼ਗਾਰ ਉਪਵੈਦ ਯੂਨੀਅਨ ਵੱਲੋਂ 11 ਅਕਤੂਬਰ ਦਾ ਅਲਟੀਮੇਟਮ

ਉਪਵੈਦ ਦਾ ਡਿਪਲੋਮਾ ਕਰਕੇ ਪਿਛਲੇ 11 ਸਾਲਾਂ ਤੋਂ ਸਰਕਾਰੀ ਭਰਤੀ ਦੀ ਉਡੀਕ ਕਰ ਰਹੇ ਬੇਰੁਜ਼ਗਾਰ ਉਪਵੈਦਾਂ ਨੇ ਹੁਣ ਸਰਕਾਰ ਖ਼ਿਲਾਫ਼ ਸੰਘਰਸ਼ ਦਾ ਐਲਾਨ ਕਰ ਦਿੱਤਾ ਹੈ। ਪੰਜਾਬ ਬੇਰੁਜ਼ਗਾਰ ਉਪਵੈਦ ਯੂਨੀਅਨ ਨੇ ਸਿਹਤ ਵਿਭਾਗ ਵੱਲੋਂ ਭਰਤੀ ਨਾ ਕਰਨ ਦੇ ਰੋਸ ਵਜੋਂ 11 ਅਕਤੂਬਰ ਨੂੰ ਸਿਹਤ ਮੰਤਰੀ ਦੀ ਕੋਠੀ ਅੱਗੇ ਵਿਸ਼ਾਲ ਪੱਕਾ ਧਰਨਾ ਦੇਣ ਦਾ ਅਲਟੀਮੇਟਮ ਦਿੱਤਾ ਹੈ।

ਯੂਨੀਅਨ ਵੱਲੋਂ ਇਹ ਗੱਲ ਵੀ ਉਠਾਈ ਜਾ ਰਹੀ ਹੈ ਕਿ ਸਿਹਤ ਮੰਤਰੀ ਨੇ 1 ਅਕਤੂਬਰ ਨੂੰ ਯੂਨੀਅਨ ਨਾਲ ਪੈਨਲ ਮੀਟਿੰਗ ਦਾ ਸਮਾਂ ਦਿੱਤਾ ਸੀ ਅਤੇ ਇਸ ਸਬੰਧੀ ਲਿਖਤੀ ਪੱਤਰ ਵੀ ਦਿੱਤਾ ਗਿਆ ਸੀ। ਪਰ ਯੂਨੀਅਨ ਅਨੁਸਾਰ 1 ਅਕਤੂਬਰ ਵਾਲੇ ਦਿਨ ਸਿਹਤ ਮੰਤਰੀ ਮੀਟਿੰਗ ਤੋਂ ਪਿੱਛੇ ਹਟ ਗਏ ਅਤੇ ਉਨ੍ਹਾਂ ਨੇ ਯੂਨੀਅਨ ਨਾਲ ਮੀਟਿੰਗ ਕਰਨ ਤੋਂ ਇਨਕਾਰ ਕਰ ਦਿੱਤਾ। ਮੀਟਿੰਗ ਨਾ ਮਿਲਣ ’ਤੇ ਯੂਨੀਅਨ ਵੱਲੋਂ ਨਾਰਾਜ਼ਗੀ ਵੀ ਜਤਾਈ ਗਈ। ਇਸ ਮੌਕੇ ਸੂਬਾ ਪ੍ਰਧਾਨ ਹਰਵਿੰਦਰ ਸਿੰਘ ਬੂਹੀ, ਮੀਤ ਪ੍ਰਧਾਨ ਰਵਿੰਦਰ ਸਿੰਘ ਅਤੇ ਫਾਜ਼ਿਲਕਾ ਜ਼ਿਲ੍ਹਾ ਪ੍ਰਧਾਨ ਅਵੀ ਕੁਮਾਰ ਨੇ ਕਿਹਾ ਕਿ ਪਿਛਲੇ 11 ਸਾਲਾਂ ਤੋਂ ਨੌਜਵਾਨ ਡਿਪਲੋਮੇ ਹੱਥਾਂ ਵਿੱਚ ਲੈ ਕੇ ਸਰਕਾਰਾਂ ਵੱਲ ਤੱਕ ਰਹੇ ਹਨ, ਪਰ ਅਜੇ ਤੱਕ ਉਪਵੈਦਾਂ ਦੀ ਇੱਕ ਵੀ ਨਵੀਂ ਭਰਤੀ ਨਹੀਂ ਕੀਤੀ ਗਈ। ਉਨ੍ਹਾਂ ਸਰਕਾਰ ਤੋਂ ਖਾਲੀ ਅਸਾਮੀਆਂ ਦੀ ਗਿਣਤੀ ਕਰਕੇ ਤੁਰੰਤ ਭਰਤੀ ਦਾ ਇਸ਼ਤਿਹਾਰ ਜਾਰੀ ਕਰਨ ਦੀ ਮੰਗ ਕੀਤੀ।

ਆਗੂਆਂ ਨੇ ਸਪੱਸ਼ਟ ਕੀਤਾ ਕਿ ਜੇਕਰ ਭਰਤੀ ਸਬੰਧੀ ਕੋਈ ਠੋਸ ਫ਼ੈਸਲਾ ਨਾ ਲਿਆ ਗਿਆ ਤਾਂ ਯੂਨੀਅਨ ਵੱਲੋਂ ਆਪਣਾ ਹੱਕ ਲੈਣ ਲਈ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਅਵੀ ਕੁਮਾਰ, ਰਿੰਪੀ ਰਾਣੀ, ਜੋਤੀ ਰਾਣੀ, ਸੁਮਨ, ਦੀਪਕ, ਗੁਰਦੀਪ ਸਿੰਘ, ਰਮਨਪ੍ਰੀਤ ਆਦਿ ਹਾਜ਼ਰ ਰਹੇ।

ਹੁਸ਼ਿਆਰਪੁਰ ਜ਼ਿਲ੍ਹੇ ਦੀਆਂ ਫੁੱਟਬਾਲ ਕਲੱਬਾਂ ਪੀ.ਐਫ.ਏ. ਦੀ ਚੋਣ ਵਿੱਚ ਧੱਕਾ ਨਹੀਂ ਹੋਣ ਦੇਣਗੀਆਂ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ/ਦਲਜੀਤ ਅਜਨੋਹਾ



ਹੁਸ਼ਿਆਰਪੁਰ ਜ਼ਿਲੇ ਦੇ ਫੁੱਟਬਾਲ ਕਲੱਬਾਂ ਦੀ ਕਲੱਬਾਂ ਅਤੇ ਡੀ ਐਫ ਏ ਦੇ ਨੁਮਾਇੰਦਿਆਂ ਦੀ ਅਹਿਮ ਮੀਟਿੰਗ ਇਕਬਾਲ ਸਿੰਘ ਖੇੜਾ ਸੈਕਟਰੀ ਜ਼ਿਲ੍ਹਾ ਫੁੱਟਬਾਲ ਐਸੋਸੀਏਸ਼ਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਕੀਤੀ ਗਈ ਮੀਟਿੰਗ ਵਿੱਚ 21 ਅਕਤੂਬਰ ਨੂੰ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੀ ਚੋਣ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਸਾਰੇ ਫੁੱਟਬਾਲ ਕਲੱਬਾਂ ਨੇ ਇਕਜੁੱਟ ਹੋ ਕੇ ਕਿਹਾ ਕਿ ਅਸੀਂ ਇਸ ਚੋਣ ਵਿੱਚ ਕਿਸੇ ਨੂੰ ਵੀ ਧੱਕਾ ਨਹੀਂ ਕਰਨ ਦੇਵਾਂਗੇ ਇਹ ਚੋਣ ਆਲ ਇੰਡੀਆ ਫੁੱਟਬਾਲ ਫੈਡਰੇਸ਼ਨ ਦੇ ਰੂਲ ਐਂਡ ਰੈਗੂਲੇਸ਼ਨ ਮੁਤਾਬਕ ਹੋਣੀ ਚਾਹੀਦੀ ਹੈ ਅਗਰ ਕਿਸੇ ਨੇ ਕਾਨੂੰਨ ਛਿੱਕੇ ਟੰਗ ਕੁੱਝ ਵੀ ਗਲਤ ਕਰਨ ਦੀ ਕੋਸ਼ਿਸ਼ ਕੀਤੀ ਅਸੀਂ ਡਟ ਕੇ ਉਸਦਾ ਮੁਕਾਬਲਾ ਕਰਾਂਗੇ ਇਕਬਾਲ ਸਿੰਘ ਖੇੜਾ ਨੇ ਕਿਹਾ ਤੀਹ ਤੀਹ ਚਾਲੀ ਚਾਲੀ ਸਾਲ ਤੋਂ ਬਹੁਤੇ ਕਲੱਬ ਫੁੱਟਬਾਲ ਦੀ ਬਿਹਤਰੀ ਅਤੇ ਖਿਡਾਰੀਆਂ ਦੇ ਚੰਗੇ ਭਵਿੱਖ ਲਈ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ ਦਿਨ ਰਾਤ ਇੱਕ ਕਰ ਰਹੇ ਆ ਪਰ ਕੁੱਝ ਲੋਕ 2 ਕੁ ਸਾਲ ਤੋਂ ਫੁੱਟਬਾਲ ਦੇ ਨਾਮ ਤੇ ਡਰਾਮਾ ਜਿਹਾ ਕਰਕੇ ਕਾਬਿਜ ਹੋਣਾ ਚਾਹੁੰਦੇ ਆ ਜੋ ਹਰਗਿਜ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਮੌਕੇ ਪ੍ਰਿੰਸੀਪਲ ਰਾਮ ਮੂਰਤੀ ਮੀਤ ਪ੍ਰਧਾਨ ਡੀ.ਐਫ.ਏ., ਨਿਰਮਲ ਸਿੰਘ ਭੀਲੋਵਾਲ, ਪ੍ਰਿੰਸੀਪਲ ਜਗਮੋਹਣ ਸਿੰਘ ਡਾਂਡੀਆਂ, ਹਰਪ੍ਰੀਤ ਸਿੰਘ ਬੈਂਸ ਪ੍ਰਧਾਨ ਸੰਤ ਬਾਬਾ ਹਰੀ ਸਿੰਘ ਕਲੱਬ ਮਾਹਿਲਪੁਰ, ਲਖਵੀਰ ਸਿੰਘ ਰਾਣਾ ਪ੍ਰਧਾਨ ਸਾਹਿਬਜ਼ਾਦਾ ਅਜੀਤ ਸਿੰਘ ਕਲੱਬ ਡਾਨਸੀਵਾਲ, ਸੀ: ਇੰਜ: ਤਰਲੋਚਨ ਸਿੰਘ ਸੰਧੂ ਹਰਭਜਨ ਕਲੱਬ, ਸੰਜੀਵ ਕੁਮਾਰ ਪਚਨੰਗਲ, ਰਵਿੰਦਰਪਾਲ ਸਿੰਘ ਰਾਏ ਸੈਕਟਰੀ ਦੋਆਬਾ ਕਲੱਬ ਖੇੜਾ, ਸੁਖਦੇਵ ਸਿੰਘ ਬੰਬੇਲੀ, ਜਤਿੰਦਰ ਸਿੰਘ ਬੇਦੀ ਮਾਹਿਲਪੁਰ, ਤਰਸੇਮ ਭਾਅ, ਅਮਨਦੀਪ ਸਿੰਘ ਨੰਗਲ ਖਿਡਾਰੀਆਂ, ਮਨਜਿੰਦਰ ਸਿੰਘ ਮਾਹਿਲਪੁਰ ਚੇਅਰਮੈਨ ਪਲੇਅਰ ਐਸੋਸੀਏਸ਼ਨ ਹੁਸ਼ਿਆਰਪੁਰ, ਮੇਜਰ ਸਿੰਘ ਸਹੋਤਾ ਪ੍ਰਧਾਨ ਮੀਰੀ ਪੀਰੀ ਕਲੱਬ ਪੱਦੀ ਸੂਰਾ ਸਿੰਘ, ਸਰਬਜੀਤ ਸਿੰਘ ਸਹੋਤਾ ਸੈਕਟਰੀ, ਸਰਬਜੀਤ ਸਿੰਘ ਗਿੱਲ ਖਜ਼ਾਨਚੀ, ਸਰਵਿੰਦਰ ਸਿੰਘ ਠੀਂਡਾ, ਜੋਗਾ ਸਿੰਘ ਦਾਤਾ, ਜਗਮੋਹਣ ਸਿੰਘ ਹਵੇਲੀ ਜੁਆਂਇਟ ਸੈਕਟਰੀ ਦੋਆਬਾ ਕਲੱਬ , ਪਰਮਜੀਤ ਸਿੰਘ ਪੰਮਾ ਬਾਹੋਵਾਲ, ਅਲੋਕ ਰਾਣਾ ਬੀਤ, ਬਿੱਲਾ ਕੰਬਾਲਾ ਬੀਤ, ਮਨਪ੍ਰੀਤ ਸਿੰਘ ਭਾਤਪੁਰ , ਜੁਝਾਰ ਸਿੰਘ ਫੁੱਟਬਾਲ ਅਕੈਡਮੀ ਮਹਿਨਾ, ਮਨਜੀਤ ਸਿੰਘ ਸੈਦੋਪੱਟੀ, ਇੰਦਰਜੀਤ ਸਿੰਘ ਸੈਦੋਪੱਟੀ, ਜਸਕਰਨ ਸਿੰਘ ਕਾਲੇਵਾਲ ਬੀਤ, ਬਲਵਿੰਦਰ ਸਿੰਘ ਬੈਂਸ ਸਾਬਕਾ ਸਰਪੰਚ ਖੇੜਾ, ਸੰਦੀਪ ਸਿੰਘ ਕੈਂਡੋਵਾਲ, ਹਰਜੀਤ ਸਿੰਘ ਬੈਂਸ ਪ੍ਰਧਾਨ ਕੋ ਅਪ ਰੇਟਿਵ ਸੋਸਾਇਟੀ , ਕਰਮਜੀਤ ਸਿੰਘ ਬੈਂਸ, ਗੁਰਜਰਨੈਲ ਸਿੰਘ ਜੋਤਾ , ਇੰਦਰਜੀਤ ਸਿੰਘ ਸਲੇਮਪੁਰ, ਗੁਰਪ੍ਰੀਤ ਸਿੰਘ ਮੱਖਣਗੜ , ਜਤਿੰਦਰ ਸਿੰਘ ਜੰਡਿਆਲਾ , ਇਕਬਾਲ ਸਿੰਘ ਸਾਂਗਰਾ , ਜਸਪਾਲ ਸਿੰਘ ਪਾਲਾ ਖਾਨਪੁਰ , ਰਣਵੀਰ ਸਿੰਘ ਰਾਣਾ ਮਹਿੰਗਰੋਵਾਲ , ਮਨਜੀਤ ਸਿੰਘ ਲਾਡੀ ਲਾਲਪੁਰ , ਕੁਲਵੰਤ ਸਿੰਘ ਲਾਲਪੁਰ , ਰਵਿੰਦਰ ਸਿੰਘ ਨੋਨਾ ਭੂਨੋਂ , ਲੰਬੜਦਾਰ ਕਰਨੈਲ ਸਿੰਘ ਭੂਨੋ, ਜ਼ੋਰਾਵਰ ਸਿੰਘ ਨਡਾਲੋਂ , ਅਮਨਦੀਪ ਸਿੰਘ ਕੰਮੋਵਾਲ , ਅਮਨਪ੍ਰੀਤ ਸਿੰਘ ਮੇਘੋਵਾਲ , ਹਰਮਨ ਖਾਬੜਾ ਚੰਦੇਲੀ , ਪਲਵਿੰਦਰ ਸਿੰਘ, ਅਵਤਾਰ ਸਿੰਘ ਲੰਬੜਦਾਰ ਢਾਂਡਾ ਕਲਾਂ , ਸੁਖਵਿੰਦਰ ਸਿੰਘ ਢਾਡਾ ਕਲਾਂ, ਤਰਲੋਚਨ ਸਿੰਘ ਸਕਰੂਲੀ , ਬਲਕਾਰ ਸਿੰਘ ਸਕਰੂਲੀ , ਕੁਲਦੀਪ ਸਿੰਘ ਨੰਗਲ ਕਲਾਂ, ਇੰਦਰਜੀਤ ਸਿੰਘ ਗੋਂਦਪੁਰ , ਗੁਰਜਿੰਦਰ ਸਿੰਘ ਸਰਹਾਲਾ ਖੁਰਦ , ਹਰਜਾਪ ਸਿੰਘ ਜੇ ਪੀ , ਅਵਤਾਰ ਤਾਰਾ ਬੱਢੋਆਣ , ਸੁਖਵਿੰਦਰ ਸਿੰਘ ਸੁੱਖਾ ਮਾਹਿਲਪੁਰ ਆਦਿ ਹਾਜ਼ਰ ਸਨ।

ਗੈਸ ਏਜੰਸੀ ਵਰਕਰ ਯੂਨੀਅਨ ਇਫਟੂ ਪਟਿਆਲਾ ਵੱਲੋਂ ਸੁਰਿੰਦਰਾ ਗੈਸ ਸਰਵਿਸ ਦੇ ਖਿਲਾ.ਫ ਸੰਘਰਸ਼ ਜਾਰੀ ਰੱਖਣ ਦਾ ਐਲਾਨ

ਪੈ.ਗਾਮ-ਏ-ਜਗਤ
ਪਟਿਆਲਾ, 5 ਅਕਤੂਬਰ
(ਮਨਪ੍ਰੀਤ ਸਿੰਘ)



ਗੈਸ ਏਜੰਸੀ ਵਰਕਰ ਯੂਨੀਅਨ ਇਫਟੂ ਜ਼ਿਲ੍ਹਾ ਪਟਿਆਲਾ ਵੱਲੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਤੱਕ ਸੁਰਿੰਦਰਾ ਗੈਸ ਸਰਵਿਸ ਦੇ ਖਿਲਾਫ਼ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਅੱਜ 5 ਅਕਤੂਬਰ 2026 ਨੂੰ ਪ੍ਰੈਸ ਦੇ ਨਾਮ ਬਿਆਨ ਜਾਰੀ ਕਰਦਿਆਂ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਲੱਖੋਮਾਜਰਾ ਨੇ ਕਿਹਾ ਕਿ ਸੁਰਿੰਦਰਾ ਗੈਸ ਸਰਵਿਸ ਦੇ ਮਾਲਕ ਵੱਲੋਂ ਏਜੰਸੀ ਵਿੱਚ ਪਿਛਲੇ 20 ਸਾਲਾਂ ਤੋਂ ਕੰਮ ਕਰ ਰਹੇ ਵਰਕਰਾਂ ਨੂੰ ਪਿਛਲੇ 10 ਮਹੀਨਿਆਂ ਤੋਂ ਤਨਖਾਹ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਜਦੋਂ ਸੁਰਿੰਦਰਾ ਗੈਸ ਸਰਵਿਸ ਦੇ ਵਰਕਰ ਇਕੱਠੇ ਹੋ ਕੇ ਤਨਖਾਹ ਦੀ ਮੰਗ ਕਰਨ ਲੱਗੇ ਤਾਂ ਮਾਲਕ ਵੱਲੋਂ ਵਰਕਰਾਂ ਨੂੰ ਧੱਕੇ ਨਾਲ ਬਿਨਾਂ ਕੋਈ ਨੋਟਿਸ ਦਿੱਤੇ ਕੰਮ ਤੋਂ ਕੱਢ ਦਿੱਤਾ ਗਿਆ। ਜਿਸ ਦੇ ਮੱਦੇਨਜ਼ਰ ਜਥੇਬੰਦੀ ਨੂੰ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਿਆ।

ਉਨ੍ਹਾਂ ਕਿਹਾ ਕਿ 29 ਸਤੰਬਰ 2026 ਤੋਂ ਲਗਾਤਾਰ ਜਥੇਬੰਦੀ ਦੇ ਝੰਡੇ ਹੇਠ ਵੱਖ-ਵੱਖ ਗੈਸ ਏਜੰਸੀਆਂ ਤੋਂ ਵਰਕਰ ਇਕੱਠੇ ਹੋ ਕੇ ਰੋਸ ਰੈਲੀਆਂ ਕਰਨ ਲਈ ਮਜਬੂਰ ਹਨ।

ਜਨਰਲ ਸਕੱਤਰ ਸੁਰਜੀਤ ਸਿੰਘ ਨੇ ਕਿਹਾ ਕਿ ਜੇਕਰ ਕੱਢੇ ਗਏ ਵਰਕਰਾਂ ਦੀ ਤਨਖਾਹ ਨਾ ਦਿੱਤੀ ਗਈ ਅਤੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਨੌਕਰੀ ’ਤੇ ਬਹਾਲ ਨਾ ਕੀਤਾ ਗਿਆ ਤਾਂ ਜਥੇਬੰਦੀ ਹੋਰ ਜਨਤਕ ਜਥੇਬੰਦੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਦੀ ਸਾਰੀ ਜ਼ਿੰਮੇਵਾਰੀ ਸੁਰਿੰਦਰਾ ਗੈਸ ਸਰਵਿਸ ਦੇ ਮਾਲਕ ਦੀ ਹੋਵੇਗੀ। ਅੱਜ ਦੀ ਰੋਸ ਰੈਲੀ ਵਿੱਚ ਜ਼ਿਲ੍ਹੇ ਦੇ ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ ਸੁਨਿਆਰਹੇੜੀ ਅਤੇ ਵਿੱਤ ਸਕੱਤਰ ਅਵਤਾਰ ਸਿੰਘ ਦੇ ਨਾਲ-ਨਾਲ ਵੱਖ-ਵੱਖ ਏਜੰਸੀਆਂ ਦੇ ਪ੍ਰਧਾਨ ਸਤਿਗੁਰ ਸਿੰਘ ਨਾਭਾ, ਰਘਬੀਰ ਸਿੰਘ ਨਾਭਾ, ਜਰਨੈਲ ਸਿੰਘ, ਕੇਸਰ ਸਿੰਘ, ਜਸਵਿੰਦਰ ਸਿੰਘ ਜੱਸੀ, ਜਸਬੀਰ ਸਿੰਘ, ਧੀਰਜ ਕੁਮਾਰ ਅਤੇ ਮਨਜੀਤ ਸਿੰਘ ਸਮੇਤ ਹੋਰ ਸਾਥੀ ਹਾਜ਼ਰ ਸਨ।

ਬੀ.ਬੀ.ਐਮ.ਬੀ. ਹਸਪਤਾਲ ਤਲਵਾੜਾ ਵਿਚ ਬਾਲ ਰੋਗ ਮਾਹਿਰ ਡਾ. ਗੁਣਦੀਪ ਕੌਰ ਦੀ ਹੋਈ ਤਾਇਨਾਤੀ-ਮੁੱਖ ਇੰਜਨੀਅਰ ਰਾਕੇਸ਼ ਗੁਪਤਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਬੀਬੀਐਮਬੀ ਹਸਪਤਾਲ ਤਲਵਾੜਾ ਵਿਖੇ ਬਾਲ ਰੋਗ ਮਾਹਿਰ ਡਾ: ਗੁਣਦੀਪ (ਐਮਡੀ) ਦੀ ਤਾਇਨਾਤੀ ਹੋਈ ਹੈ ਅਤੇ ਉਨ੍ਹਾਂ ਵੱਲੋਂ ਹਸਪਤਾਲ ਵਿਖੇ ਆਪਣੀਆਂ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਹ ਜਾਣਕਾਰੀ ਮੁੱਖ ਇੰਜਨੀਅਰ ਰਾਕੇਸ ਗੁਪਤਾ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਬਾਲ ਰੋਗ ਮਾਹਿਰ ਦੀ ਤਾਇਨਾਤੀ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਸਹੂਲਤ ਹੋਵੇਗੀ।

- ਡਾ. ਗੁਣਦੀਪ ਵੱਲੋਂ ਡੇਂਗੂ ਤੋਂ ਬਚਾਅ ਅਤੇ ਇਲਾਜ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਸਲਾਹ ਜਾਰੀ

ਦੂਜੇ ਪਾਸੇ ਬੀਬੀਐਮਬੀ ਦੇ ਸਿਹਤ ਜਾਗਰੂਕਤਾ ਪ੍ਰੋਗਰਾਮ ਤਹਿਤ ਨਵ ਨਿਯੁਕਤ ਡਾ: ਗੁਣਦੀਪ (ਐਮਡੀ) ਨੇ ਵਰਤਮਾਨ ਮੌਸਮ ਦੇ ਮੱਦੇਨਜਰ ਲੋਕਾਂ ਨੂੰ ਡੇਂਗੂ ਤੋਂ ਬਚਾਓ ਸਬੰਧੀ ਸਲਾਹ ਜਾਰੀ ਕੀਤੀ ਹੈ।

ਡਾ. ਗੁਣਦੀਪ ਨੇ ਦੱਸਿਆ ਕਿ ਡੇਂਗੂ ਇੱਕ ਵਾਇਰਲ ਬਿਮਾਰੀ ਹੈ, ਜੋ ਮੁੱਖ ਤੌਰ ’ਤੇ ਸੰਕਰਮਿਤ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਇਹ ਮੱਛਰ ਆਮ ਤੌਰ ’ਤੇ ਦਿਨ ਵੇਲੇ ਵੀ ਸਰਗਰਮ ਰਹਿੰਦਾ ਹੈ ਅਤੇ ਘਰਾਂ ਦੇ ਆਲੇ-ਦੁਆਲੇ ਖੜ੍ਹੇ ਸਾਫ਼ ਪਾਣੀ ਵਿੱਚ ਪੈਦਾ ਹੋ ਸਕਦਾ ਹੈ। ਬਰਸਾਤ ਤੋਂ ਬਾਅਦ ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਮੱਛਰਾਂ ਦੇ ਪ੍ਰਜਨਨ ਲਈ ਅਨੁਕੂਲ ਬਣ ਜਾਂਦੀਆਂ ਹਨ।



ਉਨ੍ਹਾਂ ਦੱਸਿਆ ਕਿ ਡੇਂਗੂ ਵਿੱਚ ਆਮ ਤੌਰ ’ਤੇ ਤੇਜ਼ ਬੁਖ਼ਾਰ, ਸਿਰ ਦਰਦ, ਅੱਖਾਂ ਦੇ ਪਿੱਛੇ ਦਰਦ, ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ, ਮਤਲੀ ਜਾਂ ਉਲਟੀਆਂ ਅਤੇ ਸਰੀਰ ’ਤੇ ਧੱਫੜ ਵਰਗੇ ਲੱਛਣ ਹੋ ਸਕਦੇ ਹਨ। ਲੱਛਣ ਆਮ ਤੌਰ ’ਤੇ ਮੱਛਰ ਦੇ ਕੱਟਣ ਤੋਂ ਕੁਝ ਦਿਨ ਬਾਅਦ ਸਾਹਮਣੇ ਆ ਸਕਦੇ ਹਨ।

ਡਾ. ਗੁਣਦੀਪ ਨੇ ਖ਼ਾਸ ਤੌਰ ’ਤੇ ਕਿਹਾ ਕਿ ਬੁਖ਼ਾਰ ਘਟ ਜਾਣ ਨੂੰ ਹਮੇਸ਼ਾ ਠੀਕ ਹੋਣ ਦੀ ਨਿਸ਼ਾਨੀ ਨਹੀਂ ਸਮਝਣਾ ਚਾਹੀਦਾ। ਬੁਖ਼ਾਰ ਘਟਣ ਤੋਂ ਬਾਅਦ ਵੀ ਗੰਭੀਰ ਡੇਂਗੂ ਦੇ ਚੇਤਾਵਨੀ ਸੰਕੇਤ ਸਾਹਮਣੇ ਆ ਸਕਦੇ ਹਨ। ਜੇਕਰ ਮਰੀਜ਼ ਨੂੰ ਤੇਜ਼ ਪੇਟ ਦਰਦ, ਲਗਾਤਾਰ ਉਲਟੀਆਂ, ਨੱਕ ਜਾਂ ਮਸੂੜਿਆਂ ਵਿੱਚੋਂ ਖ਼ੂਨ ਆਉਣਾ, ਖ਼ੂਨ ਦੀ ਉਲਟੀ ਜਾਂ ਪਖਾਨੇ ਵਿੱਚ ਖ਼ੂਨ, ਬਹੁਤ ਜ਼ਿਆਦਾ ਕਮਜ਼ੋਰੀ, ਬੇਚੈਨੀ ਜਾਂ ਸਾਹ ਲੈਣ ਵਿੱਚ ਦਿੱਕਤ ਹੋਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ।


ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਘਰਾਂ ਅਤੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਕੂਲਰ, ਗਮਲੇ, ਪਾਣੀ ਦੀਆਂ ਟੈਂਕੀਆਂ, ਪੁਰਾਣੇ ਟਾਇਰਾਂ, ਡੱਬਿਆਂ ਅਤੇ ਹੋਰ ਪਾਣੀ ਇਕੱਠਾ ਕਰਨ ਵਾਲੀਆਂ ਵਸਤੂਆਂ ਦੀ ਨਿਯਮਤ ਤੌਰ ’ਤੇ ਸਫ਼ਾਈ ਕੀਤੀ ਜਾਵੇ ਅਤੇ ਪਾਣੀ ਵਾਲੇ ਭਾਂਡਿਆਂ ਨੂੰ ਢੱਕ ਕੇ ਰੱਖਿਆ ਜਾਵੇ। ਮੱਛਰਾਂ ਤੋਂ ਬਚਾਅ ਲਈ ਮੱਛਰ ਭਜਾਉਣ ਵਾਲੀ ਦਵਾਈ, ਪੂਰੇ ਬਾਂਹਾਂ ਵਾਲੇ ਕੱਪੜੇ ਅਤੇ ਲੋੜ ਅਨੁਸਾਰ ਮੱਛਰਦਾਨੀ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।

ਡਾ. ਗੁਣਦੀਪ ਨੇ ਦੱਸਿਆ ਕਿ ਮਰੀਜ਼ ਨੂੰ ਆਰਾਮ ਕਰਨ, ਲੋੜੀਂਦੇ ਤਰਲ ਪਦਾਰਥ ਲੈਣ ਅਤੇ ਡਾਕਟਰ ਦੀ ਸਲਾਹ ਅਨੁਸਾਰ ਬੁਖ਼ਾਰ ਦੀ ਦਵਾਈ ਲੈਣੀ ਚਾਹੀਦੀ ਹੈ ਉਨ੍ਹਾਂ ਮਾਪਿਆਂ ਨੂੰ ਖ਼ਾਸ ਅਪੀਲ ਕੀਤੀ ਕਿ ਬੱਚਿਆਂ ਵਿੱਚ ਤੇਜ਼ ਬੁਖ਼ਾਰ ਜਾਂ ਉਪਰੋਕਤ ਲੱਛਣ ਨਜ਼ਰ ਆਉਣ ’ਤੇ ਆਪਣੇ ਆਪ ਦਵਾਈ ਦੇਣ ਦੀ ਬਜਾਏ ਡਾਕਟਰ ਨਾਲ ਸਲਾਹ ਕੀਤੀ ਜਾਵੇ। ਲੋੜ ਪੈਣ ’ਤੇ ਡਾਕਟਰ ਦੀ ਸਲਾਹ ਅਨੁਸਾਰ ਖ਼ੂਨ ਦੀ ਜਾਂਚ ਅਤੇ ਹੋਰ ਜ਼ਰੂਰੀ ਟੈਸਟ ਕਰਵਾਏ ਜਾਣ। ਅੰਤ ਵਿੱਚ ਡਾ. ਗੁਣਦੀਪ ਨੇ ਕਿਹਾ ਕਿ ਡੇਂਗੂ ਦੀ ਰੋਕਥਾਮ ਸਿਰਫ਼ ਇੱਕ ਵਿਅਕਤੀ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਜੇਕਰ ਹਰ ਘਰ ਆਪਣੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਵੇ ਅਤੇ ਮੱਛਰਾਂ ਤੋਂ ਬਚਾਅ ਦੇ ਉਪਾਅ ਅਪਣਾਏ ਤਾਂ ਡੇਂਗੂ ਦੇ ਫੈਲਾਅ ਨੂੰ ਕਾਫ਼ੀ ਹੱਦ ਤੱਕ ਰੋਕਿਆ ਜਾ ਸਕਦਾ ਹੈ।

ਜਾਅਲੀ ਡਿਗਰੀ ਵਾਲੀ ਪ੍ਰਿੰਸੀਪਲ ਦੇ ਪਤੀ ਨੂੰ ਅਦਾਲਤ ਵੱਲੋਂ ਸਜ਼ਾ

ਮੋਹਾਲੀ, 5 ਅਕਤੂਬਰ
(ਪੈ.ਗਾਮ-ਏ-ਜਗਤ)

- ਵਿਦਿਆਰਥੀਆਂ, ਯੋਗ ਉਮੀਦਵਾਰਾਂ ਅਤੇ ਸਰਕਾਰੀ ਖਜ਼ਾਨੇ ਦਾ ਤਿਕੋਣਾ ਨੁਕਸਾਨ
- ਜਾਅਲੀ ਡਿਗਰੀਆਂ ਦੀ ਉੱਚ ਪੱਧਰੀ ਜਾਂਚ ਦੀ ਮੰਗ



ਐਸ.ਏ.ਐਸ. ਨਗਰ ਮੋਹਾਲੀ ਦੇ ਫੇਸ-11 ਵਿਖੇ ਨਿਯੁਕਤ ਰਹੀ ਐਮ.ਕਾਮ. ਦੀ ਜਾਅਲੀ ਡਿਗਰੀ ਵਾਲੀ ਸਾਬਕਾ ਪ੍ਰਿੰਸੀਪਲ ਪਰਮਜੀਤ ਕੌਰ ਦੇ ਪਤੀ ਜਗਮੋਹਨ ਸਿੰਘ ਬਰਾੜ ਨੂੰ ਚੌਕਸੀ ਵਿਭਾਗ ਦੀ ਤਫਤੀਸ਼ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਦੇ ਦੋਸ਼ਾਂ ਤਹਿਤ ਭਾਰਤੀ ਦੰਡ ਸੰਹਿਤਾ ਦੀ ਧਾਰਾ 452 ਅਧੀਨ 1 ਸਾਲ, ਧਾਰਾ 214 ਅਧੀਨ 1 ਸਾਲ, ਧਾਰਾ 186 ਅਧੀਨ 9 ਮਹੀਨੇ ਅਤੇ ਧਾਰਾ 189 ਤਹਿਤ 3 ਮਹੀਨੇ ਦੀ ਸਜ਼ਾ ਮਾਣਯੋਗ ਨਿਆਂਇਕ ਮੈਜਿਸਟਰੇਟ ਐਸ.ਏ.ਐਸ. ਨਗਰ ਮੋਹਾਲੀ ਦੀ ਅਦਾਲਤ ਵੱਲੋਂ ਸੁਣਾਈ ਗਈ ਹੈ।

ਇੱਥੇ ਜਾਰੀ ਲਿਖਤੀ ਪ੍ਰੈਸ ਬਿਆਨ ਰਾਹੀਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਸੂਬਾਈ ਪ੍ਰੈਸ ਸਕੱਤਰ ਹਰਨੇਕ ਸਿੰਘ ਮਾਵੀ ਨੇ ਕਿਹਾ ਕਿ ਜਾਅਲੀ ਡਿਗਰੀਆਂ ਵਾਲੇ ਅਧਿਆਪਕਾਂ ਪ੍ਰਤੀ ਵਿਭਾਗੀ ਅਵੇਸਲਾਪਣ ਸਮਾਜ ਲਈ ਅਤਿ ਘਾਤਕ ਹੈ। ਇਸ ਨਾਲ ਵਿਦਿਆਰਥੀਆਂ, ਯੋਗ ਉਮੀਦਵਾਰਾਂ ਅਤੇ ਸਰਕਾਰੀ ਖਜ਼ਾਨੇ ਦਾ ਤਿਕੋਣਾ ਨੁਕਸਾਨ ਹੁੰਦਾ ਹੈ।

ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਸਾਬਕਾ ਅਧਿਆਪਕ ਆਗੂ ਨੇ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫੇਸ-11 ਦੀ ਸਾਬਕਾ ਪ੍ਰਿੰਸੀਪਲ ਪਰਮਜੀਤ ਕੌਰ ਬਰਾੜ ਦੀ ਐਮ.ਕਾਮ. ਦੀ ਜਾਅਲੀ ਡਿਗਰੀ ਸਬੰਧੀ ਸ਼ਿਕਾਇਤਕਰਤਾ ਜਸਵਿੰਦਰ ਸਿੰਘ ਮਾਵੀ ਵੱਲੋਂ ਬਕਾਇਦਾ ਅੱਠ ਸਾਲ ਪਹਿਲਾਂ ਲਿਖਤੀ ਸ਼ਿਕਾਇਤ ਕਰਕੇ ਮਾਮਲਾ ਸਾਹਮਣੇ ਲਿਆਂਦਾ ਗਿਆ ਸੀ।

ਉਨ੍ਹਾਂ ਦੱਸਿਆ ਕਿ ਇਸ ਉਪਰੰਤ ਸਿੱਖਿਆ ਵਿਭਾਗ ਵੱਲੋਂ ਭਾਵੇਂ ਸ਼ਿਕਾਇਤਕਰਤਾ ਦੀ ਲਗਾਤਾਰ ਪੈਰਵੀ ਕਾਰਨ ਸਬੰਧਤ ਦੋਸ਼ੀ ਪ੍ਰਿੰਸੀਪਲ ਨੂੰ ਦੋ ਵਾਰ ਮੁਅੱਤਲ ਤਾਂ ਕੀਤਾ ਗਿਆ, ਪ੍ਰੰਤੂ ਹਰ ਵਾਰ ਵਿਭਾਗੀ ਢਿੱਲ ਅਤੇ ਮਾਮਲਾ ਠੰਢੇ ਬਸਤੇ ਵਿੱਚ ਪਾਉਣ ਦੀ ਡੰਗ ਟਪਾਊ ਨੀਤੀ ਕਾਰਨ ਦੋਸ਼ੀ ਪ੍ਰਿੰਸੀਪਲ ਆਪਣੀ ਸੇਵਾਮੁਕਤੀ ਲੈਣ ਵਿੱਚ ਆਸਾਨੀ ਨਾਲ ਸਫਲ ਹੋ ਗਈ। ਸ਼ਿਕਾਇਤਕਰਤਾ ਵੱਲੋਂ ਮਾਮਲਾ ਚੌਕਸੀ ਵਿਭਾਗ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਸਿੱਖਿਆ ਵਿਭਾਗ ਵੱਲੋਂ ਆਖਰੀ ਸਮੇਂ ਤੱਕ ਚੌਕਸੀ ਵਿਭਾਗ ਨੂੰ ਕਾਰਵਾਈ ਕਰਨ ਦੀ ਮਨਜ਼ੂਰੀ ਦੇਣ ਤੋਂ ਟਾਲਾ ਵੱਟਣਾ ਵੀ ਵਿਭਾਗੀ ਬਦਨੀਤੀ ਨੂੰ ਭਲੀਭਾਂਤ ਜ਼ਾਹਿਰ ਕਰਦਾ ਹੈ।

ਸਥਿਤੀ ਦਾ ਸਿਤਮ ਇਹ ਹੈ ਕਿ ਮਾਮਲੇ ਨੂੰ ਆਪਣੇ ਅਖੀਰੀ ਅੰਜਾਮ ਤੱਕ ਪਹੁੰਚਾਉਣ ਲਈ ਸ਼ਿਕਾਇਤਕਰਤਾ ਨੂੰ ਥੱਕ-ਹਾਰ ਕੇ ਸਿੱਖਿਆ ਵਿਭਾਗ ਵੱਲੋਂ ਮੁਕੱਦਮਾ ਚਲਾਉਣ ਦੀ ਪ੍ਰਵਾਨਗੀ ਜਾਰੀ ਕਰਵਾਉਣ ਲਈ ਵੀ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦਾ ਦਰਵਾਜ਼ਾ ਖੜਕਾਉਣਾ ਪਿਆ।

ਇਸ ਸਮੁੱਚੀ ਪ੍ਰਕਿਰਿਆ ’ਤੇ ਟਿੱਪਣੀ ਕਰਦਿਆਂ ਹਰਨੇਕ ਸਿੰਘ ਮਾਵੀ ਨੇ ਕਿਹਾ ਕਿ ਜਿੱਥੇ ਜਾਅਲੀ ਡਿਗਰੀ ਨਾਲ ਨੌਕਰੀ ਹਾਸਲ ਕਰਕੇ ਸਬੰਧਤ ਦੋਸ਼ੀ ਪ੍ਰਿੰਸੀਪਲ ਵੱਲੋਂ ਆਪਣੇ ਕੋਲ ਪੜ੍ਹੇ ਹਜ਼ਾਰਾਂ ਦੀ ਗਿਣਤੀ ਵਿੱਚ ਵਿਦਿਆਰਥੀਆਂ ਨਾਲ ਨਾਇਨਸਾਫੀ ਕੀਤੀ ਗਈ ਹੈ, ਉੱਥੇ ਯੋਗ ਉਮੀਦਵਾਰਾਂ ਦੇ ਹੱਕਾਂ ਦੇ ਨਾਲ-ਨਾਲ ਸਰਕਾਰੀ ਖਜ਼ਾਨੇ ਉੱਤੇ ਵੀ ਨੰਗਾ-ਚਿੱਟਾ ਡਾਕਾ ਮਾਰਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਇਹ ਕੇਸ ਤਾਂ ਮਹਿਜ਼ ਇੱਕ ਉਦਾਹਰਣ ਮਾਤਰ ਹੈ। ਜੇਕਰ ਸਿੱਖਿਆ ਵਿਭਾਗ ਸਮੇਤ ਹੋਰਨਾਂ ਵਿਭਾਗਾਂ ਅੰਦਰ ਜਾਅਲੀ ਡਿਗਰੀਆਂ ਵਾਲਿਆਂ ਦੀ ਵਿਸਥਾਰਤ ਜਾਂਚ ਕਰਵਾਈ ਜਾਵੇ ਤਾਂ ਅਜਿਹੇ ਅਯੋਗ ਲਾਭਪਾਤਰੀਆਂ ਦੀ ਵੱਡੀ ਗਿਣਤੀ ਸਾਹਮਣੇ ਆਵੇਗੀ। ਉਨ੍ਹਾਂ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਵਿਦਿਆਰਥੀਆਂ ਦੇ ਭਵਿੱਖ ਨਾਲ ਸਬੰਧਤ ਅਹਿਮ ਭੂਮਿਕਾ ਨਿਭਾਉਂਦੇ ਸਿੱਖਿਆ ਵਿਭਾਗ ਅੰਦਰ ਅਜਿਹੇ ਅਯੋਗ ਉਮੀਦਵਾਰਾਂ ਅਤੇ ਉਨ੍ਹਾਂ ਦੀ ਪੁਸ਼ਤ-ਪਨਾਹੀ ਕਰਨ ਵਾਲੇ ਵਿਭਾਗੀ ਅਧਿਕਾਰੀਆਂ ਦੀ ਨਿਸ਼ਾਨਦੇਹੀ ਕਰਕੇ ਮਿਸਾਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਸੁਨਾਮ ਮੰਡੀ ਵਿੱਚ ਝੋਨੇ ਦੀ ਖਰੀਦ ਸ਼ੁਰੂ; ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਪ੍ਰਬੰਧਾਂ ਦਾ ਜਾਇਜ਼ਾ

ਸੁਨਾਮ, 5 ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਸੁਨਾਮ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਦੀ ਰਸਮੀ ਸ਼ੁਰੂਆਤ ਕਰਵਾਈ ਅਤੇ ਖਰੀਦ ਸੀਜ਼ਨ ਲਈ ਕੀਤੇ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਆੜ੍ਹਤੀਆਂ, ਖਰੀਦ ਏਜੰਸੀਆਂ ਦੇ ਅਧਿਕਾਰੀਆਂ, ਮਾਰਕੀਟ ਕਮੇਟੀ ਦੇ ਅਫ਼ਸਰਾਂ, ਸ਼ੈਲਰ ਮਾਲਕਾਂ, ਟਰਾਂਸਪੋਰਟਰਾਂ ਅਤੇ ਮਜ਼ਦੂਰ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਖਰੀਦ ਪ੍ਰਕਿਰਿਆ ਨਾਲ ਜੁੜੇ ਵੱਖ-ਵੱਖ ਮਸਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਝੋਨੇ ਦੀ ਸੁਚਾਰੂ ਖਰੀਦ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫਸਲ ਦੀ ਖਰੀਦ ਤੋਂ ਲੈ ਕੇ ਮੰਡੀ ਵਿੱਚੋਂ ਚੁਕਾਈ ਤੱਕ ਸਮੁੱਚੀ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਸਬੰਧਤ ਵਿਭਾਗਾਂ ਅਤੇ ਖਰੀਦ ਏਜੰਸੀਆਂ ਵਿਚਕਾਰ ਤਾਲਮੇਲ ਯਕੀਨੀ ਬਣਾਇਆ ਜਾ ਰਿਹਾ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਨ ਅਰੋੜਾ ਨੇ ਦੱਸਿਆ ਕਿ ਹਰ ਖਰੀਦ ਸੀਜ਼ਨ ਵਾਂਗ ਇਸ ਵਾਰ ਵੀ ਫਸਲ ਦੀ ਆਮਦ ਤੋਂ ਪਹਿਲਾਂ ਸਬੰਧਤ ਧਿਰਾਂ ਨਾਲ ਬੈਠਕਾਂ ਕਰਕੇ ਲੋੜੀਂਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ ਹੈ।

• ਕਿਸਾਨਾਂ, ਆੜ੍ਹਤੀਆਂ, ਸ਼ੈਲਰ ਮਾਲਕਾਂ, ਟਰਾਂਸਪੋਰਟਰਾਂ ਅਤੇ ਮਜ਼ਦੂਰਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ: ਅਮਨ ਅਰੋੜਾ



ਉਨ੍ਹਾਂ ਕਿਹਾ ਕਿ ਕਿਸਾਨਾਂ, ਆੜ੍ਹਤੀਆਂ, ਸ਼ੈਲਰ ਮਾਲਕਾਂ, ਟਰਾਂਸਪੋਰਟਰਾਂ ਅਤੇ ਮਜ਼ਦੂਰਾਂ ਦੀ ਖਰੀਦ ਪ੍ਰਕਿਰਿਆ ਵਿੱਚ ਅਹਿਮ ਭੂਮਿਕਾ ਹੈ ਅਤੇ ਸਰਕਾਰ ਦਾ ਯਤਨ ਹੈ ਕਿ ਸੀਜ਼ਨ ਦੌਰਾਨ ਕਿਸੇ ਵੀ ਧਿਰ ਨੂੰ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

ਬਾਰਦਾਨੇ ਦੀ ਉਪਲਬਧਤਾ ਬਾਰੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਅਤੇ ਇੰਸਪੈਕਟਰਾਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਬਾਰਦਾਨੇ ਦੇ ਸੌ ਫ਼ੀਸਦੀ ਪ੍ਰਬੰਧ ਮੁਕੰਮਲ ਹਨ ਅਤੇ ਫਿਲਹਾਲ ਬਾਰਦਾਨੇ ਦੀ ਕੋਈ ਘਾਟ ਨਹੀਂ ਹੈ। ਉਨ੍ਹਾਂ ਕਿਹਾ ਕਿ ਫਸਲ ਦੀ ਆਮਦ ਵਧਣ ਦੇ ਨਾਲ ਲੋੜਾਂ ਦਾ ਲਗਾਤਾਰ ਜਾਇਜ਼ਾ ਲਿਆ ਜਾਵੇਗਾ ਤਾਂ ਜੋ ਖਰੀਦ ਦਾ ਕੰਮ ਨਿਰਵਿਘਨ ਜਾਰੀ ਰਹੇ।

ਭੰਡਾਰਨ ਲਈ ਜਗ?ਹਾ ਅਤੇ ਅਨਾਜ ਦੀ ਢੋਆ-ਢੁਆਈ ਲਈ ਰੇਲਵੇ ਦੀਆਂ ਵਿਸ਼ੇਸ਼ ਮਾਲ ਗੱਡੀਆਂ ਦੀ ਉਪਲਬਧਤਾ ਸਬੰਧੀ ਸਵਾਲ ਦੇ ਜਵਾਬ ਵਿੱਚ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮਾਮਲਾ ਕੇਂਦਰ ਸਰਕਾਰ ਨਾਲ ਸਬੰਧਤ ਹੈ ਅਤੇ ਪੰਜਾਬ ਸਰਕਾਰ ਵੱਲੋਂ ਇਸ ਨੂੰ ਗੰਭੀਰਤਾ ਨਾਲ ਕੇਂਦਰ ਕੋਲ ਉਠਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਲੋੜ ਅਨੁਸਾਰ ਵਿਸ਼ੇਸ਼ ਮਾਲ ਗੱਡੀਆਂ ਉਪਲਬਧ ਨਾ ਹੋਣ ਕਾਰਨ ਭੰਡਾਰਨ ਲਈ ਜਗ?ਹਾ ਦੀ ਸਮੱਸਿਆ ਆਈ ਸੀ, ਜਿਸ ਦੇ ਹੱਲ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਸਬੰਧਤ ਮੰਤਰੀਆਂ, ਮੁੱਖ ਸਕੱਤਰ ਅਤੇ ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਕਰੀਬ ਡੇਢ ਤੋਂ ਦੋ ਘੰਟੇ ਚੱਲੀ ਵੀਡੀਓ ਕਾਨਫਰੰਸ ਦੌਰਾਨ ਇਸ ਮਾਮਲੇ 'ਤੇ ਵਿਸਥਾਰ ਨਾਲ ਚਰਚਾ ਹੋਈ ਅਤੇ ਲੋੜੀਂਦੀ ਜਗ?ਹਾ ਉਪਲਬਧ ਕਰਵਾਉਣ ਸਬੰਧੀ ਹਦਾਇਤਾਂ ਦਿੱਤੀਆਂ ਗਈਆਂ। ਕੈਬਨਿਟ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਅਗਲੇ ਸੱਤ ਤੋਂ ਦਸ ਦਿਨਾਂ ਵਿੱਚ ਲਿਫਟਿੰਗ ਅਤੇ ਭੰਡਾਰਨ ਨਾਲ ਸਬੰਧਤ ਪ੍ਰਬੰਧ ਹੋਰ ਸੁਚਾਰੂ ਹੋ ਜਾਣਗੇ।

ਅਮਨ ਅਰੋੜਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਨਮੀ ਦੀ ਹੱਦ ਅਨੁਸਾਰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ। ਉਨ੍ਹਾਂ ਕਿਹਾ ਕਿ ਵੱਧ ਨਮੀ ਵਾਲੀ ਫਸਲ ਲਿਆਉਣ ਨਾਲ ਖਰੀਦ ਵਿੱਚ ਦੇਰੀ ਹੁੰਦੀ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਵਾਧੂ ਸਮਾਂ ਬਿਤਾਉਣਾ ਪੈਂਦਾ ਹੈ। ਖਰੀਦ ਮਾਪਦੰਡਾਂ ਅਨੁਸਾਰ ਫਸਲ ਲਿਆਉਣ ਨਾਲ ਖਰੀਦ ਪ੍ਰਕਿਰਿਆ ਜਲਦੀ ਮੁਕੰਮਲ ਹੋ ਸਕਦੀ ਹੈ ਅਤੇ ਕਿਸਾਨ ਬੇਲੋੜੀ ਖੱਜਲ-ਖੁਆਰੀ ਤੋਂ ਬਚ ਸਕਦੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਕਿਸਾਨਾਂ ਦੀ ਸਹੂਲਤ ਅਤੇ ਸਮੇਂ ਦੀ ਬਚਤ ਨੂੰ ਧਿਆਨ ਵਿੱਚ ਰੱਖਦਿਆਂ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਾ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਸਮੂਹ ਸਬੰਧਤ ਧਿਰਾਂ ਨੂੰ ਆਪਸੀ ਸਹਿਯੋਗ ਅਤੇ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਤਾਂ ਜੋ ਝੋਨੇ ਦਾ ਖਰੀਦ ਸੀਜ਼ਨ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਇਸ ਮੌਕੇ ਮਾਰਕੀਟ ਕਮੇਟੀ ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ, ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ, ਮਾਰਕੀਟ ਕਮੇਟੀ ਦੇ ਅਫ਼ਸਰ, ਆੜ੍ਹਤੀਆ ਐਸੋਸੀਏਸ਼ਨ ਦੇ ਆਗੂ, ਸ਼ੈਲਰ ਮਾਲਕ, ਟਰਾਂਸਪੋਰਟਰਾਂ ਅਤੇ ਮਜ਼ਦੂਰ ਯੂਨੀਅਨਾਂ ਦੇ ਨੁਮਾਇੰਦੇ ਅਤੇ ਸਥਾਨਕ ਪਾਰਟੀ ਆਗੂ ਹਾਜ਼ਰ ਸਨ।

ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਲਈ ਰਤੀਆ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਕੱਢਿਆ ਵਿਸ਼ਾਲ ਰੋਸ ਪ੍ਰਦਰਸ਼ਨ

**ਪੈ.ਗਾਮ-ਏ-ਜਗਤ
ਰਤੀਆ, 5 ਅਕਤੂਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**

ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਸ਼ਹਿਰ ਵਿੱਚ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੱਢਿਆ ਗਿਆ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝਿੰਡਾ ਨੇ ਇਸ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ।

ਇਹ ਰੋਸ ਪ੍ਰਦਰਸ਼ਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਜਥੇਦਾਰ ਕਾਕਾ ਸਿੰਘ ਲਧੂਵਾਸ, ਜਥੇਦਾਰ ਗੁਰਮੇਲ ਸਿੰਘ ਸਹਿਨਾਲ, ਜਥੇਦਾਰ ਇਕਬਾਲ ਸਿੰਘ ਖੋਖਰ ਅਤੇ ਜਥੇਦਾਰ ਕਰਮਜੀਤ ਸਿੰਘ ਫਤਿਹਾਬਾਦ, ਮੈਨੇਜਰ ਦਲਜੀਤ ਸਿੰਘ ਸਮੇਤ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਕੱਢਿਆ ਗਿਆ।

ਵੱਖ-ਵੱਖ ਜਥੇਬੰਦੀਆਂ, ਸੰਤਾਂ ਅਤੇ ਇਲਾਕੇ ਦੀ ਸਿੱਖ ਸੰਗਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਔਰਤਾਂ, ਬਜ਼ੁਰਗਾਂ ਅਤੇ ਬੱਚਿਆਂ ਨੇ ਵੀ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਮੈਂਬਰ ਬੀਬੀ ਅਮਰਜੀਤ ਕੌਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਜਥੇਦਾਰ ਜਗਦੀਸ਼ ਸਿੰਘ ਝਿੰਡਾ ਅਤੇ ਹਾਜ਼ਰ ਮੈਂਬਰਾਂ ਨੇ ਐਸ.ਡੀ.ਐਮ. ਰਤੀਆ ਰਾਹੀਂ ਭਾਰਤ ਦੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੂੰ ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਸਬੰਧੀ ਮੰਗ ਪੱਤਰ ਸੌਂਪਿਆ।



ਸਭਾ ਨੂੰ ਸੰਬੋਧਨ ਕਰਦਿਆਂ ਜਥੇਦਾਰ ਜਗਦੀਸ਼ ਸਿੰਘ ਝਿੰਡਾ ਨੇ ਕਿਹਾ ਕਿ ਸਰਕਾਰਾਂ ਨੂੰ ਸਿੱਖਾਂ ਨਾਲ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਆਪਣੀ ਸਜ਼ਾ ਪੂਰੀ ਕਰ ਚੁੱਕੇ ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਦੇ ਮੁੱਦੇ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਦੀ ਮੰਗ ਕਰ ਰਿਹਾ ਹੈ। ਭਾਈ ਜਗਤਾਰ ਸਿੰਘ ਹਾਵਾਰਾ ਦੀ ਮਾਤਾ ਦੀ ਸਿਹਤ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਪਰਿਵਾਰ ਨੇ ਮੰਗ ਕੀਤੀ ਹੈ ਕਿ ਭਾਈ ਹਾਵਾਰਾ ਨੂੰ ਕੁਝ ਦਿਨਾਂ ਲਈ ਪੈਰੋਲ ਦਿੱਤੀ ਜਾਵੇ ਤਾਂ ਜੋ ਉਹ ਆਪਣੀ ਮਾਤਾ ਨੂੰ ਮਿਲ ਸਕਣ।

ਸਰਕਾਰ ਨੂੰ ਮਨੁੱਖੀ ਪੱਖ ਨੂੰ ਧਿਆਨ ਵਿੱਚ ਰੱਖਦਿਆਂ ਇਸ ਮਾਮਲੇ 'ਤੇ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਜਥੇਦਾਰ ਝਿੰਡਾ ਨੇ ਕਿਹਾ ਕਿ ਸਰਕਾਰ ਨੂੰ ਕੈਦੀਆਂ ਦੀ ਰਿਹਾਈ ਸਬੰਧੀ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ ਅਤੇ ਜਿਨ੍ਹਾਂ ਕੈਦੀਆਂ ਦੀ ਸਜ਼ਾ ਪੂਰੀ ਹੋ ਚੁੱਕੀ ਹੈ, ਉਨ੍ਹਾਂ ਦੀ ਰਿਹਾਈ ਲਈ ਤੁਰੰਤ ਕਦਮ ਚੁੱਕੇ ਜਾਣੇ ਚਾਹੀਦੇ ਹਨ। ਰੋਸ ਮਾਰਚ ਦੌਰਾਨ ਸਿੱਖ ਭਾਈਚਾਰੇ ਨੇ ਕੈਦੀਆਂ ਦੀ ਰਿਹਾਈ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਅਤੇ ਸਰਕਾਰ ਤੋਂ ਇਸ ਮਾਮਲੇ ਨੂੰ ਜਲਦ ਤੋਂ ਜਲਦ ਹੱਲ ਕਰਨ ਦੀ ਮੰਗ ਕੀਤੀ। ਇਸ ਰੋਸ ਮਾਰਚ ਦੌਰਾਨ ਬਾਰ ਐਸੋਸੀਏਸ਼ਨ ਰਤੀਆ ਨੇ ਪ੍ਰਧਾਨ ਮਹੇਸ਼ ਤਨੇਜਾ ਦੀ ਅਗਵਾਈ ਹੇਠ ਸਮਰਥਨ ਦਿੱਤਾ। ਇਸ ਮੌਕੇ ਬਾਬਾ ਕਸ਼ਮੀਰਾ ਸਿੰਘ, ਬਾਬਾ ਹਰਪ੍ਰੀਤ ਸਿੰਘ, ਹਰਿਆਣਾ ਗ੍ਰੰਥੀ ਸਭਾ ਦੇ ਪ੍ਰਧਾਨ ਹਾਕਮ ਸਿੰਘ, ਜਰਨੈਲ ਸਿੰਘ, ਸਤਨਾਮ ਸਿੰਘ, ਕਸ਼ਮੀਰ ਸਿੰਘ, ਮਨਜੀਤ ਸਿੰਘ, ਅਜੈਬ ਸਿੰਘ ਮੰਡੇਰ ਸਮੇਤ ਵੱਖ-ਵੱਖ ਧਾਰਮਿਕ ਸੰਸਥਾਵਾਂ, ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਮੌਜੂਦ ਰਹੀ।

ਦਸਮੇਸ਼ ਪਬਲਿਕ ਸਕੂਲ ਗੁਰਪਲਾਹ ਸਾਹਿਬ ਦੇ ਵਿਦਿਆਰਥੀਆਂ ਦਾ ਦੋ ਰੋਜ਼ਾ ਵਿੱਦਿਅਕ ਦੌਰਾ

**ਪੈ.ਗਾਮ-ਏ-ਜਗਤ
ਹਰੋਲੀ/ਊਨਾ, 5 ਅਕਤੂਬਰ
(ਰਾਜਵੀਰ ਚੋਪੜਾ)**

ਦਸਮੇਸ਼ ਪਬਲਿਕ ਸਕੂਲ ਗੁਰਪਲਾਹ ਸਾਹਿਬ, ਤਹਿਸੀਲ ਹਰੋਲੀ, ਜ਼ਿਲ੍ਹਾ ਊਨਾ, ਹਿਮਾਚਲ ਪ੍ਰਦੇਸ਼ ਦੀਆਂ 7ਵੀਂ ਤੋਂ 10ਵੀਂ ਜਮਾਤਾਂ ਦੇ ਕੁੱਲ 56 ਵਿਦਿਆਰਥੀਆਂ ਨੇ ਦੋ ਰੋਜ਼ਾ ਵਿੱਦਿਅਕ ਦੌਰੇ ਵਿੱਚ ਭਾਗ ਲਿਆ। ਵਿਦਿਆਰਥੀਆਂ ਦੇ ਨਾਲ ਸਕੂਲ ਦੀ ਪ੍ਰਿੰਸੀਪਲ ਦਲਵਿੰਦਰ ਕੌਰ ਅਤੇ ਸਬੰਧਤ ਜਮਾਤਾਂ ਦੇ ਇੰਚਾਰਜ ਅਧਿਆਪਕ ਵੀ ਦੌਰੇ ਦੌਰਾਨ ਮੌਜੂਦ ਰਹੇ।

ਇਸ ਦੋ ਰੋਜ਼ਾ ਵਿੱਦਿਅਕ ਦੌਰੇ ਦੌਰਾਨ ਵਿਦਿਆਰਥੀਆਂ ਨੇ ਕਰਤਾਰਪੁਰ ਸਾਹਿਬ ਸਥਿਤ ਵਾਰ ਮੈਮੋਰੀਅਲ, ਸ੍ਰੀ ਹਰਿਮੰਦਰ ਸਾਹਿਬ, ਜਲ੍ਹਿਆਂਵਾਲਾ ਬਾਗ ਅਤੇ ਵਾਘਾ ਸਰਹੱਦ ਦਾ ਦੌਰਾ ਕੀਤਾ। ਵਿਦਿਆਰਥੀਆਂ ਨੇ ਇਨ੍ਹਾਂ ਇਤਿਹਾਸਕ ਅਤੇ ਮਹੱਤਵਪੂਰਨ ਸਥਾਨਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਇਨ੍ਹਾਂ ਦੀ ਇਤਿਹਾਸਕ, ਧਾਰਮਿਕ ਅਤੇ ਕੌਮੀ ਮਹੱਤਤਾ ਨੂੰ ਸਮਝਿਆ।



ਕਰਤਾਰਪੁਰ ਸਾਹਿਬ ਸਥਿਤ ਵਾਰ ਮੈਮੋਰੀਅਲ ਦੇ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਦੇਸ਼ ਦੀ ਰੱਖਿਆ ਵਿੱਚ ਆਪਣਾ ਯੋਗਦਾਨ ਪਾਉਣ ਵਾਲੇ ਬਹਾਦਰ ਜਵਾਨਾਂ ਦੀ ਕੁਰਬਾਨੀ ਅਤੇ ਬਹਾਦਰੀ ਬਾਰੇ ਜਾਣਕਾਰੀ ਹਾਸਲ ਕਰਨ ਦਾ ਮੌਕਾ ਮਿਲਿਆ। ਉੱਥੇ ਹੀ ਸ੍ਰੀ ਹਰਿਮੰਦਰ ਸਾਹਿਬ ਵਿਖੇ ਵਿਦਿਆਰਥੀਆਂ ਨੇ ਅਧਿਆਤਮਿਕ ਮਾਹੌਲ ਦਾ ਅਨੁਭਵ ਕੀਤਾ ਅਤੇ ਸ਼ਰਧਾ ਨਾਲ ਮੱਥਾ ਟੇਕਿਆ।

ਜਲ੍ਹਿਆਂਵਾਲਾ ਬਾਗ ਵਿਖੇ ਵਿਦਿਆਰਥੀਆਂ ਨੇ ਦੇਸ਼ ਦੇ ਆਜ਼ਾਦੀ ਸੰਗਰਾਮ ਨਾਲ ਜੁੜੇ ਇਤਿਹਾਸ ਨੂੰ ਨੇੜਿਓਂ ਜਾਣਿਆ। ਵਾਘਾ ਸਰਹੱਦ 'ਤੇ ਵਿਦਿਆਰਥੀਆਂ ਨੇ ਬੀਟਿੰਗ ਰਿਟਰੀਟ ਸਮਾਰੋਹ ਦੇਖਿਆ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਮਾਹੌਲ ਦਾ ਅਨੁਭਵ ਕੀਤਾ।

ਸਕੂਲ ਦੀ ਪ੍ਰਿੰਸੀਪਲ ਦਲਵਿੰਦਰ ਕੌਰ ਨੇ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਜਮਾਤ ਵਿੱਚ ਪ੍ਰਾਪਤ ਸਿੱਖਿਆ ਦੇ ਨਾਲ-ਨਾਲ ਇਤਿਹਾਸਕ, ਧਾਰਮਿਕ ਅਤੇ ਕੌਮੀ ਮਹੱਤਤਾ ਵਾਲੇ ਸਥਾਨਾਂ ਦਾ ਸਿੱਧਾ ਤਜਰਬਾ ਵਿਦਿਆਰਥੀਆਂ ਦੇ ਗਿਆਨ ਨੂੰ ਹੋਰ ਵਧਾਉਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਦੌਰਿਆਂ ਨਾਲ ਵਿਦਿਆਰਥੀਆਂ ਵਿੱਚ ਦੇਸ਼ ਪ੍ਰੇਮ, ਅਨੁਸ਼ਾਸਨ, ਜ਼ਿੰਮੇਵਾਰੀ ਅਤੇ ਇਤਿਹਾਸਕ ਵਿਰਾਸਤ ਪ੍ਰਤੀ ਸਤਿਕਾਰ ਦੀ ਭਾਵਨਾ ਮਜ਼ਬੂਤ ਹੁੰਦੀ ਹੈ।

ਦੋ ਰੋਜ਼ਾ ਦੌਰੇ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਮਹੱਤਵਪੂਰਨ ਸਥਾਨਾਂ ਬਾਰੇ ਜਾਣਕਾਰੀ ਹਾਸਲ ਕਰਨ ਦੇ ਨਾਲ-ਨਾਲ ਆਪਸੀ ਸਹਿਯੋਗ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਵੀ ਅਨੁਭਵ ਕੀਤਾ। ਸਕੂਲ ਵੱਲੋਂ ਵਿਦਿਆਰਥੀਆਂ ਦੇ ਸੁਰੱਖਿਅਤ ਅਤੇ ਗਿਆਨਵਰਧਕ ਦੌਰੇ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ।

ਮਹਾਤਮਾ ਗਾਂਧੀ ਅਤੇ ਲਾਲ ਬਹਾਦਰ ਸ਼ਾਸਤਰੀ ਨੂੰ ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਪ੍ਰਧਾਨ ਵੱਲੋਂ ਸ਼ਰਧਾਂਜਲੀ

ਚੰਡੀਗੜ੍ਹ, 2 ਅਕਤੂਬਰ (ਪੈ.ਗਾਮ-ਏ-ਜਗਤ)

ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੀ ਜਯੰਤੀ ਅਤੇ ਸਾਬਕਾ ਪ੍ਰਧਾਨ ਮੰਤਰੀ ਭਾਰਤ ਰਤਨ ਲਾਲ ਬਹਾਦਰ ਸ਼ਾਸਤਰੀ ਜੀ ਦੀ ਜਯੰਤੀ ਮੌਕੇ ਪੰਜਾਬ ਪ੍ਰਦੇਸ਼ ਮਹਿਲਾ ਕਾਂਗਰਸ ਦੀ ਪ੍ਰਧਾਨ ਵੱਲੋਂ ਦੋਵੇਂ ਮਹਾਨ ਰਾਸ਼ਟਰ ਨਾਇਕਾਂ ਨੂੰ ਸ਼ਰਧਾਪੂਰਵਕ ਨਮਨ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ।

ਇਸ ਮੌਕੇ ਉਨ੍ਹਾਂ ਨੇ ਮਹਾਤਮਾ ਗਾਂਧੀ ਜੀ ਦੇ ਸੱਚ, ਅਹਿੰਸਾ, ਸ਼ਾਂਤੀ ਅਤੇ ਭਾਈਚਾਰੇ ਦੇ ਸਿਧਾਂਤਾਂ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਗਾਂਧੀ ਜੀ ਦੇ ਵਿਚਾਰ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦਿਖਾਉਂਦੇ ਹਨ ਅਤੇ ਦੇਸ਼ ਦੀ ਏਕਤਾ ਤੇ ਸਦਭਾਵਨਾ ਲਈ ਪ੍ਰੇਰਣਾ ਦਿੰਦੇ ਹਨ। ਇਸ ਦੇ ਨਾਲ ਹੀ ਲਾਲ ਬਹਾਦਰ ਸ਼ਾਸਤਰੀ ਜੀ ਦੀ ਸਾਦਗੀ, ਇਮਾਨਦਾਰੀ, ਅਨੁਸ਼ਾਸਨ ਅਤੇ ਦੇਸ਼ ਪ੍ਰਤੀ ਸਮਰਪਣ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਨ੍ਹਾਂ ਕਿਹਾ ਕਿ ਦੋਵੇਂ ਮਹਾਨ ਸ਼ਖ਼ਸੀਅਤਾਂ ਨੇ ਆਪਣੇ ਜੀਵਨ ਰਾਹੀਂ ਦੇਸ਼ਵਾਸੀਆਂ ਨੂੰ ਰਾਸ਼ਟਰ ਸੇਵਾ, ਏਕਤਾ, ਸੱਚਾਈ ਅਤੇ ਜ਼ਿੰਮੇਵਾਰੀ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੇ ਆਦਰਸ਼ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਹਮੇਸ਼ਾ ਪ੍ਰੇਰਨਾ ਦਾ ਸਰੋਤ ਬਣੇ ਰਹਿਣਗੇ। ਇਸ ਮੌਕੇ ਮਹਿਲਾ ਕਾਂਗਰਸ ਦੀਆਂ ਆਗੂਆਂ ਅਤੇ ਵਰਕਰਾਂ ਵੱਲੋਂ ਵੀ ਮਹਾਤਮਾ ਗਾਂਧੀ ਜੀ ਅਤੇ ਲਾਲ ਬਹਾਦਰ ਸ਼ਾਸਤਰੀ ਜੀ ਨੂੰ ਸ਼ਰਧਾ ਸਹਿਤ ਨਮਨ ਕੀਤਾ ਗਿਆ ਅਤੇ ਉਨ੍ਹਾਂ ਦੇ ਦਿਖਾਏ ਰਸਤੇ 'ਤੇ ਚੱਲਣ ਦਾ ਸੰਕਲਪ ਲਿਆ ਗਿਆ।



ਕੁਲ ਹਿੰਦ ਇਸਤਰੀ ਸਭਾ ਵੱਲੋਂ ਬੀਬੀ ਸੁਭਾਸ਼ ਮੱਟੂ ਦੀ ਅਗਵਾਈ ਹੇਠ ਗਾਂਧੀ ਜੈਅੰਤੀ ਮਨਾਈ

**ਪੈ.ਗਾਮ-ਏ-ਜਗਤ
ਗੜ੍ਹਸ਼ੰਕਰ, 5 ਅਕਤੂਬਰ
(ਹਰੀ ਕ੍ਰਿਸ਼ਨ ਗੰਗੜ)**

ਡਾਕਟਰ ਭਾਗ ਸਿੰਘ ਹਾਲ ਗੜ੍ਹਸ਼ੰਕਰ ਵਿਖੇ ਫਿਰਕਾਪ੍ਰਸਤੀ ਅਤੇ ਸਾਮਰਾਜ ਵਿਰੁੱਧ ਗਾਂਧੀ ਜੈਅੰਤੀ ਬੀਬੀ ਸੁਰਿੰਦਰ ਕੌਰ ਚੁੰਬਰ ਦੀ ਅਗਵਾਈ ਹੇਠ ਮਨਾਈ ਗਈ। ਇਸ ਮੌਕੇ ਜਨਵਾਦੀ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਬੀਬੀ ਸੁਭਾਸ਼ ਮੱਟੂ ਨੇ ਕਿਹਾ ਕਿ ਮਹਾਤਮਾ ਗਾਂਧੀ ਨੇ ਉੱਚ ਸਿੱਖਿਆ ਹਾਸਲ ਕਰਕੇ ਅਵਾਮ ਨੂੰ ਨਾਲ ਲੈ ਕੇ ਬ੍ਰਿਟਿਸ਼ ਸਰਕਾਰ ਵਿਰੁੱਧ ਲੜਦੇ ਰਹੇ ਅਤੇ ਉਨ੍ਹਾਂ ਨੇ ਦੇਸ਼ ਦੇ ਲੋਕਾਂ ਨੂੰ ਵਿਦੇਸ਼ੀ ਵਸਤਾਂ ਦਾ ਬਾਈਕਾਟ ਕਰਕੇ ਸਵਦੇਸ਼ੀ ਵਸਤਾਂ ਵਰਤਣ ਦਾ ਸੱਦਾ ਦਿੱਤਾ। ਜਿਸ ਤੋਂ ਬਾਅਦ ਅੰਗਰੇਜ਼ਾਂ ਨੂੰ 15 ਅਗਸਤ 1947 ਨੂੰ ਭਾਰਤ ਛੱਡਣਾ ਪਿਆ। ਬੀਬੀ ਸੁਭਾਸ਼ ਮੱਟੂ ਨੇ ਕਿਹਾ ਕਿ ਮਹਾਤਮਾ ਗਾਂਧੀ ਦਾ ਦੇਸ਼ ਦੀ ਆਜ਼ਾਦੀ ਵਿੱਚ ਵਡਮੁੱਲਾ ਯੋਗਦਾਨ ਰਿਹਾ ਸੀ। ਇਸ ਲਈ ਸਾਨੂੰ ਸਾਰਿਆਂ ਨੂੰ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣੀ ਚਾਹੀਦੀ ਹੈ। ਇਸ ਮੌਕੇ ਨੀਲਮ ਵੱਡੋਆਣ ਨੇ ਬਾਖੂਬੀ ਸਟੇਜ ਚਲਾਈ ਅਤੇ ਜਨਵਾਦੀ ਇਸਤਰੀ ਸਭਾ ਨੂੰ ਮਜ਼ਬੂਤ ਕਰਕੇ ਜਮਹੂਰੀਅਤ ਬਚਾਉਣ ਦਾ ਸੱਦਾ ਦਿੱਤਾ।



ਇਸ ਮੌਕੇ ਜ਼ਿਲ੍ਹੇ ਦੀ ਆਗੂ ਬੀਬੀ ਪ੍ਰੇਮ ਲਤਾ, ਸੁਰਿੰਦਰ ਕੌਰ, ਰਸ਼ਪਾਲ ਕੌਰ, ਕਸ਼ਮੀਰ ਕੌਰ, ਜਸਵਿੰਦਰ ਕੌਰ, ਸੁਨੀਤਾ ਰਾਣੀ, ਮਨਪ੍ਰੀਤ ਕੌਰ, ਤਜਿੰਦਰ ਕੌਰ, ਮਹਿੰਦਰ ਕੌਰ, ਰੁਬੀਨਾ ਅਤੇ ਕਮਲੇਸ਼ ਕੌਰ ਆਦਿ ਹਾਜ਼ਰ ਸਨ।

ਐਸ.ਡੀ.ਐਮ. ਨੇ ਅਸੂਜ ਨਵਰਾਤਰੀ ਮੇਲੇ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਦੀ ਮੀਟਿੰਗ ਕੀਤੀ

ਸ੍ਰੀ ਚਿੰਤਪੁਰਨੀ (ਊਨਾ), 5 ਅਕਤੂਬਰ (ਪੈ.ਗਾਮ-ਏ-ਜਗਤ)

ਮਾਤਾ ਸ੍ਰੀ ਚਿੰਤਪੁਰਨੀ ਵਿਖੇ ਅਸੂਜ ਨਵਰਾਤਰੀ ਮੇਲਾ 11 ਤੋਂ 20 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਐਸ.ਡੀ.ਐਮ. ਅੰਬ ਪਾਰਸ ਅਗਰਵਾਲ ਨੇ ਸੋਮਵਾਰ ਨੂੰ ਮੇਲੇ ਦੀਆਂ ਤਿਆਰੀਆਂ ਸਬੰਧੀ ਮਾਈਦਾਸ ਸਦਨ ਵਿਖੇ ਕਰਵਾਈ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ।

• 11 ਤੋਂ 20 ਅਕਤੂਬਰ ਤੱਕ ਚੱਲੇਗਾ ਨਵਰਾਤਰੀ ਮੇਲਾ



ਪਾਰਸ ਅਗਰਵਾਲ ਨੇ ਦੱਸਿਆ ਕਿ ਮੇਲੇ ਦੇ ਸਫਲ ਆਯੋਜਨ ਲਈ ਐਸ.ਡੀ.ਐਮ. ਅੰਬ ਨੂੰ ਮੇਲਾ ਅਫਸਰ, ਜਦਕਿ ਡੀ.ਐਸ.ਪੀ. ਅੰਬ ਨੂੰ ਪੁਲਿਸ ਮੇਲਾ ਅਫਸਰ ਤਾਇਨਾਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਦੀ ਸਹਾਇਤਾ ਲਈ ਚਾਰ ਹੋਰ ਪੁਲਿਸ ਅਧਿਕਾਰੀ ਵੀ ਤਾਇਨਾਤ ਰਹਿਣਗੇ। ਐਸ.ਐਮ.ਓ. ਨੂੰ ਮੇਲੇ ਵਿੱਚ ਮੈਡੀਕਲ ਅਫਸਰ ਵਜੋਂ ਤਾਇਨਾਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੇਲਾ ਖੇਤਰ ਨੂੰ ਚਾਰ ਸੈਕਟਰਾਂ ਵਿੱਚ ਵੰਡਿਆ ਜਾਵੇਗਾ। ਮੇਲਾ ਖੇਤਰ ਵਿੱਚ ਸ਼ਾਂਤੀ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਪੁਲਿਸ ਅਤੇ ਹੋਮਗਾਰਡ ਦੇ ਜਵਾਨ ਤਾਇਨਾਤ ਕੀਤੇ ਜਾਣਗੇ।

ਸ੍ਰੀ ਅਗਰਵਾਲ ਨੇ ਦੱਸਿਆ ਕਿ ਮੇਲਾ ਖੇਤਰ ਦੇ ਚਾਰੇ ਸੈਕਟਰਾਂ ਵਿੱਚ ਸਫਾਈ ਦੀ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਇੱਕ-ਇੱਕ ਸੁਪਰਵਾਈਜ਼ਰ ਤਾਇਨਾਤ ਰਹੇਗਾ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਆਉਣ ਵਾਲੇ ਸ਼ਰਧਾਲੂਆਂ ਨੂੰ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਜਲ ਸ਼ਕਤੀ ਵਿਭਾਗ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਮੇਲੇ ਤੋਂ ਪਹਿਲਾਂ ਪੀਣ ਵਾਲੇ ਪਾਣੀ ਦੇ ਟੈਂਕਾਂ ਦੀ ਸਫਾਈ ਯਕੀਨੀ ਬਣਾਉਣ। ਇਸ ਤੋਂ ਇਲਾਵਾ ਪੀਣ ਵਾਲੇ ਪਾਣੀ ਲਈ ਚਾਰ ਥਾਵਾਂ 'ਤੇ ਪਿਆਊ ਵੀ ਲਗਾਏ ਜਾਣਗੇ। ਉਨ੍ਹਾਂ ਬਿਜਲੀ ਵਿਭਾਗ ਨੂੰ ਵੀ ਨਿਰਦੇਸ਼ ਦਿੱਤੇ ਕਿ ਮੇਲੇ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਅੱਗ ਬੁਝਾਊ ਵਿਭਾਗ ਨੂੰ ਵੀ ਨਿਰਦੇਸ਼ ਦਿੱਤੇ ਕਿ ਅੱਗ ਬੁਝਾਊ ਵਾਹਨ ਸਹੀ ਹਾਲਤ ਵਿੱਚ ਹੋਣੇ ਚਾਹੀਦੇ ਹਨ। ਜੇਕਰ ਵਾਹਨਾਂ ਵਿੱਚ ਕੋਈ ਦਿੱਕਤ ਹੈ ਤਾਂ ਮੇਲੇ ਤੋਂ ਪਹਿਲਾਂ ਅੱਗ ਬੁਝਾਊ ਵਾਹਨਾਂ ਦੀ ਜਾਂਚ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਹਾਈਡਰੈਂਟ ਖਰਾਬ ਹਾਲਤ ਵਿੱਚ ਹਨ ਤਾਂ ਉਨ੍ਹਾਂ ਨੂੰ ਜਲਦ ਠੀਕ ਕਰਵਾਉਣ ਦੇ ਨਾਲ ਰਿਪੋਰਟ ਦੇਣੀ ਵੀ ਯਕੀਨੀ ਬਣਾਈ ਜਾਵੇ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਸਪੈਸ਼ਲ ਟਾਸਕ ਫੋਰਸ ਦਾ ਗਠਨ ਕਰਕੇ ਭੀਖ ਮੰਗਣ 'ਤੇ ਸਖ਼ਤ ਨਜ਼ਰ ਰੱਖੀ ਜਾਵੇਗੀ ਅਤੇ ਜੇਕਰ ਕਿਤੇ ਕੋਈ ਵਿਅਕਤੀ ਬੱਚਿਆਂ ਤੋਂ ਭੀਖ ਮੰਗਵਾਉਂਦਾ ਫੜਿਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਪੋਕਸੋ ਐਕਟ ਤਹਿਤ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੇਲੇ ਦੌਰਾਨ ਮਾਤਾ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨੂੰ ਦਰਸ਼ਨ ਪਰਚੀ ਮਾਈ ਦਾਸ ਸਦਨ, ਸ਼ੰਭੂ ਬੈਰੀਅਰ ਅਤੇ ਐਮ.ਆਰ.ਸੀ. ਵਿਖੇ ਮਿਲੇਗੀ। ਇਸ ਤੋਂ ਇਲਾਵਾ ਲੰਗਰ ਲਗਾਉਣ ਲਈ ਇਜਾਜ਼ਤ ਲੈਣਾ ਲਾਜ਼ਮੀ ਹੋਵੇਗਾ। ਮੀਟਿੰਗ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀਆਂ ਸਮੇਤ ਹੋਰ ਹਾਜ਼ਰ ਸਨ।

ਅਸਮਰੱਥ ਲੋਕਾਂ ਦੇ ਘਰ ਪਹੁੰਚ ਕੇ ਲਗਾਤਾਰ ਸਿਹਤ ਜਾਂਚ ਕਰ ਰਹੀ ਸੰਸਦ ਮੈਂਬਰ ਮੋਬਾਈਲ ਸਿਹਤ ਸੇਵਾ ਟੀਮ

**ਪੈ.ਗਾਮ-ਏ-ਜਗਤ
ਹਰੋਲੀ/ਊਨਾ, 5 ਅਕਤੂਬਰ
(ਰਾਜਵੀਰ ਚੋਪੜਾ)**

ਪ੍ਰਯਾਸ ਸੋਸਾਇਟੀ ਵੱਲੋਂ ਚਲਾਈ ਜਾ ਰਹੀ ਸੰਸਦ ਮੈਂਬਰ ਮੋਬਾਈਲ ਸਿਹਤ ਸੇਵਾ ਰਾਹੀਂ ਪੇਂਡੂ ਖੇਤਰਾਂ ਵਿੱਚ ਲੋਕਾਂ ਨੂੰ ਘਰ-ਦੁਆਰ ਦੇ ਨੇੜੇ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸੇ ਕੜੀ ਤਹਿਤ ਹਰੋਲੀ ਖੇਤਰ ਦੀ ਗ੍ਰਾਮ ਪੰਚਾਇਤ ਗੋਂਦਪੁਰ ਬੁੱਲਾ ਵਿੱਚ ਸਿਹਤ ਜਾਂਚ ਕੈਂਪ ਲਗਾਇਆ ਗਿਆ।



ਕੈਂਪ ਵਿੱਚ 80 ਮਰੀਜ਼ਾਂ ਦੀ ਸਿਹਤ ਜਾਂਚ (ਓਪੀਡੀ) ਕੀਤੀ ਗਈ, ਜਦਕਿ 43 ਲੋਕਾਂ ਦੇ ਵੱਖ-ਵੱਖ ਸਿਹਤ ਟੈਸਟ ਕੀਤੇ ਗਏ। ਸਿਹਤ ਟੀਮ ਨੇ ਮਰੀਜ਼ਾਂ ਦੀਆਂ ਸਿਹਤ ਸਮੱਸਿਆਵਾਂ ਸੁਣੀਆਂ, ਲੋੜੀਂਦੀ ਡਾਕਟਰੀ ਸਲਾਹ ਦਿੱਤੀ ਅਤੇ ਲੋੜਵੰਦ ਲੋਕਾਂ ਨੂੰ ਦਵਾਈਆਂ ਵੀ ਮੁਹੱਈਆ ਕਰਵਾਈਆਂ। ਸੰਸਦ ਮੈਂਬਰ ਮੋਬਾਈਲ ਸਿਹਤ ਸੇਵਾ ਤਹਿਤ ਤੁਰਨ-ਫਿਰਨ ਤੋਂ ਅਸਮਰੱਥ ਅਤੇ ਘਰ ਤੋਂ ਬਾਹਰ ਜਾ ਕੇ ਸਿਹਤ ਜਾਂਚ ਕਰਵਾਉਣ ਵਿੱਚ ਮੁਸ਼ਕਲ ਮਹਿਸੂਸ ਕਰਨ ਵਾਲੇ ਲੋਕਾਂ ਦੇ ਘਰ ਪਹੁੰਚ ਕੇ ਲਗਾਤਾਰ ਸਿਹਤ ਜਾਂਚ ਕੀਤੀ ਜਾ ਰਹੀ ਹੈ। ਆਸ਼ਾ ਵਰਕਰ ਅਤੇ ਆਂਗਣਵਾੜੀ ਵਰਕਰ ਦੇ ਸਹਿਯੋਗ ਨਾਲ ਟੀਮ ਅਜਿਹੇ ਲੋੜਵੰਦ ਲੋਕਾਂ ਤੱਕ ਪਹੁੰਚ ਰਹੀ ਹੈ। ਘਰ ਵਿੱਚ ਹੀ ਸਿਹਤ ਸਬੰਧੀ ਜਾਣਕਾਰੀ ਲੈਣ ਦੇ ਨਾਲ ਲੋੜੀਂਦੇ ਟੈਸਟ, ਡਾਕਟਰੀ ਸਲਾਹ ਅਤੇ ਜ਼ਰੂਰਤ ਅਨੁਸਾਰ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਸਿਹਤ ਟੀਮ ਨੇ ਪੇਂਡੂ ਲੋਕਾਂ ਨੂੰ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਆਮ ਬਿਮਾਰੀਆਂ ਪ੍ਰਤੀ ਜਾਗਰੂਕ ਕਰਦਿਆਂ ਨਿਯਮਤ ਸਿਹਤ ਜਾਂਚ, ਸੰਤੁਲਿਤ ਖੁਰਾਕ ਅਤੇ ਸਮੇਂ ਸਿਰ ਇਲਾਜ ਕਰਵਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।

ਕੈਂਪ ਵਿੱਚ ਡਾ. ਪ੍ਰਦੀਪ ਕੁਮਾਰ, ਨਿਹਾਲ ਸਿੰਘ, ਮਨੀਸ਼ ਅਤੇ ਰੁਚੀ ਨੇ ਸੇਵਾਵਾਂ ਪ੍ਰਦਾਨ ਕੀਤੀਆਂ। ਪਿੰਡ ਵਾਸੀਆਂ ਨੇ ਪਿੰਡ ਵਿੱਚ ਸਿਹਤ ਸਹੂਲਤਾਂ ਪਹੁੰਚਾਉਣ ਅਤੇ ਲੋੜਵੰਦ ਲੋਕਾਂ ਨੂੰ ਘਰ ਵਿੱਚ ਹੀ ਸਿਹਤ ਸੇਵਾ ਉਪਲਬਧ ਕਰਵਾਉਣ ਲਈ ਸੰਸਦ ਮੈਂਬਰ ਮੋਬਾਈਲ ਸਿਹਤ ਸੇਵਾ, ਪ੍ਰਯਾਸ ਸੋਸਾਇਟੀ ਅਤੇ ਸਿਹਤ ਟੀਮ ਦਾ ਧੰਨਵਾਦ ਕੀਤਾ।

ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਪਿੰਡ ਬਜਹੇੜੀ, ਬਾਸੀਆ ਅਤੇ ਬੱਤਾ ਵਿਖੇ ਦਿਖਾਈ ਗਈ

ਖਰੜ 05, ਅਕਤੂਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਖਰੜ ਬਲਾਕ ਦੇ ਪਿੰਡ ਬਜਹੇੜੀ, ਬਾਸੀਆ ਅਤੇ ਬੱਤਾ ਵਿਖੇ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਵਿਚਾਰਧਾਰਾ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਦਰਸਾਉਂਦੀ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਐਲ.ਈ.ਡੀ. ਸਕਰੀਨ ਰਾਹੀਂ ਪਿੰਡ ਵਾਸੀਆਂ ਨੂੰ ਦਿਖਾਈ ਗਈ।

ਉੱਪ ਮੰਡਲ ਮੈਜਿਸਟ?ਰੇਟ, ਖਰੜ ਸ੍ਰੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਆਪਣੀ ਬਾਣੀ ਅਤੇ ਵਿਚਾਰਾਂ ਰਾਹੀਂ ਸਮਾਜ ਨੂੰ ਬਰਾਬਰੀ, ਭਾਈਚਾਰੇ, ਆਪਸੀ ਸਾਂਝ ਅਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਲਈ ਪ੍ਰੇਰਨਾ ਦਾ ਸਰੋਤ ਹਨ ਅਤੇ ਸਾਨੂੰ ਜਾਤ-ਪਾਤ, ਭੇਦਭਾਵ ਅਤੇ ਉਚ-ਨੀਚ ਤੋਂ ਉੱਪਰ ਉੱਠ ਕੇ ਇਕਜੁੱਟ ਹੋ ਕੇ ਅੱਗੇ ਵਧਣ ਦਾ ਰਾਹ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਡਾਕੂਮੈਂਟਰੀ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ ਦਿਖਾਈ ਜਾ ਰਹੀ ਹੈ, ਤਾਂ ਜੋ ਵੱਧ ਤੋਂ ਵੱਧ ਲੋਕ ਸ੍ਰੀ ਗੁਰੂ ਰਵੀਦਾਸ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਵਿਚਾਰਧਾਰਾ ਤੋਂ ਜਾਣੂ ਹੋ ਸਕਣ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਮਹਾਨ ਗੁਰੂ ਸਾਹਿਬਾਨ ਅਤੇ ਸੰਤਾਂ-ਮਹਾਂਪੁਰਖਾਂ ਦੀਆਂ ਸਿੱਖਿਆਵਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਪਿੰਡ ਬਜਹੇੜੀ, ਬਾਸੀਆ ਅਤੇ ਬੱਤਾ ਵਿਖੇ ਡਾਕੂਮੈਂਟਰੀ ਦੇਖਣ ਲਈ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਹੋਏ। ਐਲ.ਈ.ਡੀ. ਸਕਰੀਨ ਉੱਪਰ ਦਿਖਾਈ ਗਈ 30 ਮਿੰਟ ਦੀ ਦਸਤਾਵੇਜ਼ੀ ਫਿਲਮ ਰਾਹੀਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੇ ਉਪਦੇਸ਼ਾਂ ਅਤੇ ਸਮਾਜ ਨੂੰ ਦਿੱਤੇ ਮਨੁੱਖਤਾ, ਸਾਂਝੀਵਾਲਤਾ ਅਤੇ ਬਰਾਬਰੀ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।

ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਬਲਜਿੰਦਰ ਸਿੰਘ ਨੂੰ ਬਾਬਾ ਕੇਵਲ ਸਿੰਘ ਵੱਲੋਂ ਗੁਰਬਾਣੀ ਸੰਗੀਤ ਦੀ ਕਿਤਾਬ ਭੇਟ



**ਪੈ.ਗਾਮ-ਏ-ਜਗਤ
ਹਰੋਲੀ/ਊਨਾ, 5 ਅਕਤੂਬਰ (ਰਾਜਵੀਰ ਚੋਪੜਾ)**

ਸ੍ਰੀ ਗੁਰੂ ਰਵਿਦਾਸ ਇਤਿਹਾਸਿਕ ਧਰਮ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਸਾਹਿਬ ਭਾਈ ਬਲਜਿੰਦਰ ਸਿੰਘ ਭਰੋਲੀ, ਜੋ ਕਿ ਪਿਛਲੇ ਲੰਬੇ ਸਮੇਂ ਤੋਂ ਗੁਰੂ ਘਰ ਵਿਖੇ ਨਿਰੋਲ ਕੀਰਤਨ ਦੀ ਸੇਵਾ ਕਰ ਰਹੇ ਹਨ ਅਤੇ ਬਾਬਾ ਕੇਵਲ ਸਿੰਘ ਜੀ ਦਾ ਹਜ਼ੂਰੀ ਜਥਾ ਹਨ, ਨੂੰ ਗੁਰੂ ਘਰ ਦੇ ਮੁਖੀ ਬਾਬਾ ਕੇਵਲ ਸਿੰਘ ਵੱਲੋਂ ਆਪਣੇ ਸਾਥੀ ਭਾਈ ਬਲਜਿੰਦਰ ਸਿੰਘ ਭਰੋਲੀ ਜੀ ਨੂੰ ਗੁਰਬਾਣੀ ਸੰਗੀਤ ਭਾਗ ਦੂਜਾ ਕਿਤਾਬ ਭੇਟ ਕੀਤੀ ਗਈ।

ਜਿਸ ਦੇ ਲੇਖਕ ਸਰਦਾਰ ਗਿਆਨੀ ਗਿਆਨ ਸਿੰਘ ਐਬਟਾਵਾਦ ਵਾਲੇ ਹਨ, ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਹੈ। ਇਸ ਕਿਤਾਬ ਵਿੱਚ ਗੁਰਬਾਣੀ ਕੀਰਤਨ ਨੂੰ ਲੈ ਕੇ ਕਈ ਉਲਝਣਾਂ ਦੂਰ ਕਰਨ ਵਿੱਚ ਸਹਾਇਤਾ ਮਿਲਦੀ ਹੈ। ਇਸ ਵਿੱਚ ਸੁਰ ਤੇ ਤਾਲ ਦਾ ਬਹੁਤ ਸੁੰਦਰ ਸੁਮੇਲ ਕਰਕੇ ਕੀਰਤਨੀਆਂ ਨੂੰ ਕੀਰਤਨ ਕਰਨ ਦੀ ਨਵੀਂ ਜਾਂਚ ਲਈ ਇਹ ਕਿਤਾਬ ਬੜੀ ਸਾਰਥਿਕ ਸਿੱਧ ਹੋਵੇਗੀ।

ਇਸ ਮੌਕੇ ਬਾਬਾ ਨਰੇਸ਼ ਸਿੰਘ ਜੀ, ਬਾਬਾ ਸੁਖਦੇਵ ਸਿੰਘ ਜੀ ਨੇ ਗੁਰੂ ਘਰ ਦੇ ਕੀਰਤਨੀ ਭਾਈ ਬਲਜਿੰਦਰ ਸਿੰਘ ਜੀ ਦਾ ਧੰਨਵਾਦ ਕੀਤਾ।

ਐਮ.ਐਲ.ਏ. ਕੁਲਜੀਤ ਸਿੰਘ ਰੰਧਾਵਾ ਨੇ ਮੁਬਾਰਕਪੁਰ ਵਿਖੇ ਘੱਗਰ ਦਰਿਆ 'ਤੇ ਨਵੇਂ ਹਾਈ ਲੈਵਲ ਪੁਲ ਦਾ ਨੀਂਹ ਪੱਥਰ ਰੱਖਿਆ

ਡੇਰਾਬੱਸੀ, 5 ਅਕਤੂਬਰ (ਪੈ.ਗਾਮ-ਏ-ਜਗਤ)

ਡੇਰਾਬੱਸੀ ਤੋਂ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਅੱਜ ਡੇਰਾਬੱਸੀ ਵਿੱਚ ਮੁਬਾਰਕਪੁਰ-ਢਕੋਲੀ ਸੜਕ 'ਤੇ ਮੁਬਾਰਕਪੁਰ ਵਿਖੇ ਘੱਗਰ ਦਰਿਆ 'ਤੇ ਬਣਾਏ ਜਾਣ ਵਾਲੇ ਨਵੇਂ ਹਾਈ ਲੈਵਲ ਪੁਲ ਦਾ ਨੀਂਹ ਪੱਥਰ ਰੱਖਿਆ।

ਇਸ ਮੌਕੇ ਵਿਧਾਇਕ ਨੇ ਦੱਸਿਆ ਕਿ ਮੁਬਾਰਕਪੁਰ-ਢਕੋਲੀ ਸੜਕ ਡੇਰਾਬੱਸੀ ਵਿਧਾਨ ਸਭਾ ਹਲਕੇ ਦੀ ਇੱਕ ਮਹੱਤਵਪੂਰਨ ਸੜਕੀ ਕੜੀ ਹੈ, ਜੋ ਇਲਾਕੇ ਦੇ ਲੋਕਾਂ ਅਤੇ ਹੋਰ ਰਾਹਗੀਰਾਂ ਦੀ ਆਵਾਜਾਈ ਲਈ ਅਹਿਮ ਰਸਤਾ ਹੈ। ਇਸ ਸਥਾਨ 'ਤੇ ਘੱਗਰ ਦਰਿਆ ਇਸ ਸੜਕ ਨੂੰ ਪਾਰ ਕਰਦਾ ਹੈ ਅਤੇ ਸਾਲ 2016 ਵਿੱਚ ਇੱਥੇ ਪਹੁੰਚ ਮਾਰਗ ਸਮੇਤ ਕਾਜ਼ਵੇਅ ਬਣਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਬਰਸਾਤ ਦੇ ਮੌਸਮ ਅਤੇ ਹੜ੍ਹਾਂ ਦੌਰਾਨ ਜਦੋਂ ਪਾਣੀ ਇਸ ਰਸਤੇ ਤੋਂ ਉੱਪਰ ਵਹਿਣ ਲੱਗਦਾ ਹੈ ਤਾਂ ਆਵਾਜਾਈ ਪ੍ਰਭਾਵਿਤ ਹੁੰਦੀ ਹੈ, ਜਿਸ ਕਾਰਨ ਇਲਾਕਾ ਵਾਸੀਆਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਮੱਸਿਆ ਦੇ ਸਥਾਈ ਹੱਲ ਲਈ ਪੰਜਾਬ ਸਰਕਾਰ ਵੱਲੋਂ ਮੌਜੂਦਾ ਰਸਤੇ ਦੀ ਥਾਂ ਨਵਾਂ ਹਾਈ ਲੈਵਲ ਪੁਲ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ, ਜਿਸ ਨਾਲ ਆਵਾਜਾਈ ਨੂੰ ਸੁਚਾਰੂ ਅਤੇ ਨਿਰਵਿਘਨ ਬਣਾਇਆ ਜਾ ਸਕੇਗਾ। ਕਾਰਜਕਾਰੀ ਇੰਜੀਨੀਅਰ ਸ੍ਰੀ ਹਰਪ੍ਰੀਤ ਕਟਾਰੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਹਾਈ ਲੈਵਲ ਪੁਲ ਦੀ ਉਸਾਰੀ ਲਈ ਪ੍ਰਸ਼ਾਸਕੀ ਪ੍ਰਵਾਨਗੀ ਜਾਰੀ ਕੀਤੀ ਜਾ ਚੁੱਕੀ ਹੈ। ਇਹ ਪ੍ਰਾਜੈਕਟ 5054 ਆਰ.ਬੀ.-10 ਤਹਿਤ 2,944.54 ਲੱਖ ਰੁਪਏ, ਭਾਵ ਲਗਭਗ 29.45 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਉਸਾਰੀ ਦਾ ਕੰਮ 18 ਮਹੀਨਿਆਂ ਵਿੱਚ ਮੁਕੰਮਲ ਕਰਨ ਦਾ ਟੀਚਾ ਹੈ। ਪੁਲ ਦੇ ਬਣਨ ਨਾਲ ਮੁਬਾਰਕਪੁਰ ਅਤੇ ਢਕੋਲੀ ਵਿਚਕਾਰ ਆਵਾਜਾਈ ਵਧੇਰੇ ਸੁਰੱਖਿਅਤ ਅਤੇ ਸੁਚਾਰੂ ਹੋਵੇਗੀ ਅਤੇ ਇਲਾਕੇ ਦੇ ਵਸਨੀਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮਿਲਣਗੀਆਂ। ਪ੍ਰਾਜੈਕਟ ਦੇ ਵੇਰਵਿਆਂ ਅਨੁਸਾਰ ਮੁੱਖ ਪੁਲ ਦੀ ਲੰਬਾਈ 300 ਮੀਟਰ ਹੋਵੇਗੀ। ਇਸ ਦੇ ਨਾਲ ਮੁਬਾਰਕਪੁਰ ਵਾਲੇ ਪਾਸੇ 250 ਮੀਟਰ ਅਤੇ ਢਕੋਲੀ ਵਾਲੇ ਪਾਸੇ 240 ਮੀਟਰ ਲੰਬਾ ਪਹੁੰਚ ਮਾਰਗ ਬਣਾਇਆ ਜਾਵੇਗਾ। ਇਸ ਤਰ੍ਹਾਂ ਪੁਲ ਅਤੇ ਦੋਵੇਂ ਪਾਸਿਆਂ ਦੇ ਪਹੁੰਚ ਮਾਰਗ ਦੀ ਕੁੱਲ ਲੰਬਾਈ 790 ਮੀਟਰ ਹੋਵੇਗੀ। ਇਸ ਤੋਂ ਇਲਾਵਾ ਪੁਲ ਦੇ ਦੋਵੇਂ ਪਾਸਿਆਂ 370 ਮੀਟਰ ਲੰਬੀਆਂ ਸਰਵਿਸ ਸੜਕਾਂ ਵੀ ਬਣਾਈਆਂ ਜਾਣਗੀਆਂ।